ਸਾਂਝੀ ਸੋਚ

SANJHI SOCH

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

VOL-13 ISSUE 2420 | 31 March, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ

ਅੰਮ੍ਰਿਤਸਰ +91 81463 20009

ਪਟਿਆਲਾ +91 79735 07533

DOWNLOAD THE APP
NOW AVAILABLE ON

24x7 LIVE STREAMING

ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

# ਟਰੰਪ ਨੇ ਈਰਾਨ ਨੂੰ ਦਿੱਤਾ 10 ਦਿਨਾਂ ਦਾ ਅਲਟੀਮੇਟਮ ਪਾਵਰ ਪਲਾਂਟਾਂ ਅਤੇ ਊਰਜਾ ਬੁਨਿਆਦੀ ਢਾਂਚੇ 'ਤੇ ਸਮਝੌਤਾ ਕਰੋ ਜਾਂ ਹਮਲਿਆਂ ਦਾ ਸਾਹਮਣਾ ਕਰੋ: ਕੈਰੋਲੀਨ ਲੇਵਿਟ

**ਵਾਸ਼ਿੰਗਟਨ ਸਾਂਝੀ ਸੋਚ ਬਿਊਰੋ**

ਈਰਾਨ ਨਾਲ ਅਮਰੀਕਾ-ਇਜ਼ਰਾਈਲ ਯੁੱਧ ਪਿਛਲੇ ਇੱਕ ਮਹੀਨੇ ਤੋਂ ਚੱਲ ਰਿਹਾ ਹੈ। ਪਰ ਯੁੱਧ ਅਜੇ ਤੱਕ ਕਿਸੇ ਨਤੀਜੇ 'ਤੇ ਨਹੀਂ ਪਹੁੰਚਿਆ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਦਾਅਵਾ ਹੈ ਕਿ ਉਹ ਈਰਾਨ ਨਾਲ ਗੱਲਬਾਤ ਕਰ ਰਿਹਾ ਹੈ। ਹਾਲਾਂਕਿ, ਈਰਾਨ ਇਨ੍ਹਾਂ ਦਾਅਵਿਆਂ ਤੋਂ ਇਨਕਾਰ ਕਰਦਾ ਹੈ।ਇਸ ਦੌਰਾਨ, ਟਰੰਪ ਨੇ ਈਰਾਨ ਨੂੰ ਅਲਟੀਮੇਟਮ ਜਾਰੀ ਕੀਤਾ ਹੈ। ਉਸਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ 10 ਦਿਨ ਦੇ ਅੰਦਰ ਈਰਾਨ ਜਲਦੀ ਹੀ ਕਿਸੇ ਸਮਝੌਤੇ 'ਤੇ ਨਹੀਂ ਪਹੁੰਚਦਾ ਅਤੇ ਹੋਰਮੁਜ਼ ਜਲਡਮਰੂ ਨੂੰ ਨਹੀਂ ਖੋਲ੍ਹਦਾ, ਤਾਂ ਇਸਦੇ ਪਾਵਰ ਪਲਾਂਟਾਂ, ਤੇਲ ਦੇ ਖੂਹਾਂ ਅਤੇ ਖਾਰਗ ਟਾਪੂ 'ਤੇ ਬੰਬਾਰੀ ਕਰਕੇ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਜਾਵੇਗਾ। ਇਹ ਜਾਣਕਾਰੀ ਕੈਰੋਲੀਨ ਲੇਵਿਟ ਵੱਲ ਜਾਰੀ ਕੀਤੀ ਗਈ ਹੈ।ਟਰੰਪ ਦਾ ਅਲਟੀਮੇਟਮ ਅਜਿਹੇ ਸਮੇਂ ਆਇਆ ਹੈ ਜਦੋਂ ਯਮਨ ਦੇ ਹੂਤੀ ਬਾਗੀਆਂ ਨੇ ਵੀ ਈਰਾਨ ਨਾਲ ਯੁੱਧ ਵਿੱਚ ਹਿੱਸਾ ਲਿਆ ਹੈ, ਅਤੇ ਹੋਰਮੁਜ਼ ਜਲਡਮਰੂ ਤੋਂ ਬਾਅਦ, ਬਾਬ ਅਲ-ਮੰਡੇਬ ਜਲਡਮਰੂ ਵੀ ਖ਼ਤਰੇ ਵਿੱਚ ਹੈ। ਪਹਿਲਾਂ, ਟਰੰਪ ਨੇ 6 ਅਪ੍ਰੈਲ ਤੱਕ ਈਰਾਨੀ ਊਰਜਾ ਪਲਾਂਟਾਂ 'ਤੇ ਬੰਬਾਰੀ ਰੋਕਣ ਦਾ ਆਦੇਸ਼ ਦਿੱਤਾ ਸੀ। ਟਰੰਪ ਨੇ ਦਾਅਵਾ ਕੀਤਾ ਹੈ ਕਿ ਉਹ ਈਰਾਨੀ ਨੇਤਾਵਾਂ ਨਾਲ ਗੱਲਬਾਤ ਕਰ ਰਹੇ ਹਨ।




# ਆਰਬੀਆਈ ਦਾ ਵੱਡਾ ਪਲਾਨ: ਮੋਬਾਈਲ ਨੰਬਰਾਂ ਵਾਂਗ, ਹੁਣ ਬੈਂਕ ਖਾਤੇ ਵੀ ਹੋਣਗੇ ਪੋਰਟ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਭਾਰਤੀ ਬੈਂਕਿੰਗ ਪ੍ਰਣਾਲੀ ਵਿੱਚ ਜਲਦੀ ਹੀ ਇੱਕ ਵੱਡਾ ਬਦਲਾਅ ਦੇਖਣ ਨੂੰ ਮਿਲ ਸਕਦਾ ਹੈ। ਗਾਹਕਾਂ ਨੂੰ ਹੁਣ ਬੈਂਕ ਬਦਲਣ ਵੇਲੇ ਆਪਣੇ ਖਾਤਾ ਨੰਬਰ ਬਦਲਣ ਦੀ ਲੋੜ ਨਹੀਂ ਪਵੇਗੀ। ਭਾਰਤੀ ਰਿਜ਼ਰਵ ਬੈਂਕ ਦੀ ਇੱਕ ਨਵੀਂ ਪਹਿਲਕਦਮੀ ਦੇ ਤਹਿਤ, 'ਬੈਂਕ ਖਾਤਾ ਪੋਰਟੇਬਿਲਟੀ' ਲਾਗੂ ਕਰਨ ਦੀਆਂ ਤਿਆਰੀਆਂ ਚੱਲ ਰਹੀਆਂ ਹਨ, ਜਿਸ ਨਾਲ ਵਿਅਕਤੀ ਬਿਨਾਂ ਕਿਸੇ ਪਰੇਸ਼ਾਨੀ ਦੇ ਇੱਕ ਬੈਂਕ ਤੋਂ ਦੂਜੇ ਬੈਂਕ ਵਿੱਚ ਆਸਾਨੀ ਨਾਲ ਮਾਈਗ੍ਰੇਟ ਕਰ ਸਕਣਗੇ। ਇਹ ਬਦਲਾਅ ਗਾਹਕਾਂ ਨੂੰ ਵਧੇਰੇ ਸਹੂਲਤ ਅਤੇ ਆਜ਼ਾਦੀ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪੇਸ਼ ਕੀਤਾ ਜਾ ਰਿਹਾ ਹੈ।ਵਰਤਮਾਨ ਵਿਚ, ਜੇਕਰ ਕੋਈ ਵਿਅਕਤੀ ਬੈਂਕ ਬਦਲਣ ਦਾ ਫੈਸਲਾ ਕਰਦਾ ਹੈ, ਤਾਂ ਉਸਨੂੰ ਇੱਕ ਨਵਾਂ ਖਾਤਾ ਨੰਬਰ ਪ੍ਰਾਪਤ ਕਰਨ ਅਤੇ ਇਸਨੂੰ ਸਾਰੇ ਸੰਬੰਧਿਤ ਪਲੇਟਫਾਰਮਾਂ 'ਤੇ ਅਪਡੇਟ ਕਰਨ ਦੀ ਲੋੜ ਹੁੰਦੀ ਹੈ। ਹਾਲਾਂਕਿ, ਨਵੀਂ ਪ੍ਰਣਾਲੀ ਦੇ ਤਹਿਤ, ਤੁਹਾਡਾ ਬੈਂਕ ਖਾਤਾ ਨੰਬਰ ਇੱਕ ਯੂਨੀਵਰਸਲ ਪਛਾਣਕਰਤਾ ਵਜੋਂ ਕੰਮ ਕਰੇਗਾ। ਇਸਦਾ ਮਤਲਬ ਹੈ ਕਿ ਤੁਸੀਂ ਆਪਣੇ ਅਸਲ ਖਾਤਾ ਨੰਬਰ ਨੂੰ ਬਰਕਰਾਰ ਰੱਖਦੇ ਹੋਏ ਬੈਂਕਾਂ ਨੂੰ ਬਦਲ ਸਕਦੇ ਹੋ; ਨਵਾਂ ਬੈਂਕ ਆਪਣੇ ਸਿਸਟਮ ਦੇ ਅੰਦਰ ਉਸੇ ਨੰਬਰ ਨੂੰ ਐਕਟੀਵੇਟ ਕਰੇਗਾ। ਨਤੀਜੇ ਵਜੋਂ, ਬੈਂਕਾਂ ਨੂੰ ਬਦਲਣਾ ਮੋਬਾਈਲ ਨੰਬਰ ਨੂੰ ਪੋਰਟ ਕਰਨ ਜਿੰਨਾ ਹੀ ਆਸਾਨ ਹੋ ਜਾਵੇਗਾ।ਇਸ ਨਵੇਂ ਢਾਂਚੇ ਦਾ ਸਭ ਤੋਂ ਮਹੱਤਵਪੂਰਨ ਫਾਇਦਾ ਇਹ ਹੈ ਕਿ ਗਾਹਕ ਕਿਸੇ ਵੀ ਸਮੇਂ ਘਟੀਆ ਸੇਵਾਵਾਂ ਪ੍ਰਦਾਨ ਕਰਨ ਵਾਲੇ ਬੈਂਕ ਨੂੰ ਛੱਡਣ ਦੇ ਯੋਗ ਹੋਣਗੇ। ਵਰਤਮਾਨ ਵਿੱਚ, ਬਹੁਤ ਸਾਰੇ ਲੋਕ ਸਿਰਫ਼ ਪ੍ਰਸ਼ਾਸਕੀ ਮੁਸ਼ਕਲਾਂ ਦੇ ਡਰੋਂ ਬੈਂਕ ਬਦਲਣ ਤੋਂ ਪਰਹੇਜ਼ ਕਰਦੇ ਹਨ; ਹਾਲਾਂਕਿ, ਹੁਣ ਅਜਿਹਾ ਨਹੀਂ ਰਹੇਗਾ। ਜੇਕਰ ਕੋਈ ਬੈਂਕ ਬਹੁਤ ਜ਼ਿਆਦਾ ਖਰਚੇ ਲੈਂਦਾ ਹੈ ਜਾਂ ਲੋੜੀਂਦੀਆਂ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਸਫਲ ਰਹਿੰਦਾ ਹੈ, ਤਾਂ ਗਾਹਕ ਆਸਾਨੀ ਨਾਲ ਕਿਸੇ ਹੋਰ ਸੰਸਥਾ ਵਿੱਚ ਜਾਣ ਦੇ ਯੋਗ ਹੋਣਗੇ। ਇਹ ਬੈਂਕਾਂ ਵਿੱਚ ਵਧਦੀ ਮੁਕਾਬਲੇਬਾਜ਼ੀ ਨੂੰ ਵਧਾਏਗਾ, ਉਹਨਾਂ ਨੂੰ ਆਪਣੀਆਂ ਸੇਵਾਵਾਂ ਦੀ ਗੁਣਵੱਤਾ ਵਧਾਉਣ ਲਈ ਮਜਬੂਰ ਕਰੇਗਾ।ਬੈਂਕ ਬਦਲਣ ਵੇਲੇ ਮੁੱਖ ਚਿੰਤਾਵਾਂ ਵਿੱਚੋਂ ਇੱਕ ਕਿਸ਼ਤਾਂ ਜਾਂ ਬਿੱਲ ਭੁਗਤਾਨਾਂ ਵਿੱਚ ਸੰਭਾਵੀ ਵਿਘਨ ਹੈ। ਹਾਲਾਂਕਿ, ਨਵਾਂ ਸਿਸਟਮ ਇਹ ਯਕੀਨੀ ਬਣਾਉਂਦਾ ਹੈ ਕਿ ਅਜਿਹਾ ਨਹੀਂ ਹੋਵੇਗਾ। ਇੱਕ ਕੇਂਦਰੀਕ੍ਰਿਤ ਪਲੇਟਫਾਰਮ ਰਾਹੀਂ, ਸਾਰੇ ਆਟੋ-ਡੈਬਿਟ ਅਤੇ ਭੁਗਤਾਨ ਆਦੇਸ਼ ਆਪਣੇ ਆਪ ਨਵੇਂ ਬੈਂਕ ਵਿੱਚ ਤਬਦੀਲ ਹੋ ਜਾਣਗੇ। ਗਾਹਕਾਂ ਨੂੰ ਤਬਦੀਲੀ ਬਾਰੇ ਕਿਸੇ ਵੀ ਕੰਪਨੀ ਜਾਂ ਬੈਂਕ ਨੂੰ ਵੱਖਰੇ ਤੌਰ 'ਤੇ ਸੂਚਿਤ ਕਰਨ ਦੀ ਲੋੜ ਨਹੀਂ ਹੋਵੇਗੀ। ਨਤੀਜੇ ਵਜੋਂ, ਲੈਣ-ਦੇਣ ਨਿਰਵਿਘਨ ਜਾਰੀ ਰਹਿਣਗੇ।ਇਸ ਪੂਰੀ ਪ੍ਰਕਿਰਿਆ ਨੂੰ ਸਰਲ ਬਣਾਉਣ ਲਈ, ਇੱਕ ਵਿਸ਼ੇਸ਼ ਪਲੇਟਫਾਰਮ ਵਿਕਸਤ ਕੀਤਾ ਜਾ ਰਿਹਾ ਹੈ ਜਿਸਨੂੰ (PaSS) ਕਿਹਾ ਜਾਂਦਾ ਹੈ। ਇਹ ਸਿਸਟਮ ਤੁਹਾਡੇ ਸਾਰੇ ਆਟੋ-ਡੈਬਿਟ ਅਤੇ ਭੁਗਤਾਨਾਂ ਸੰਬੰਧੀ ਡੇਟਾ ਨੂੰ ਸੁਰੱਖਿਅਤ ਢੰਗ ਨਾਲ ਸਟੋਰ ਕਰੇਗਾ। ਜਿਸ ਪਲ ਤੁਸੀਂ ਬੈਂਕ ਬਦਲਦੇ ਹੋ, ਇਹ ਸਿਸਟਮ ਤੁਹਾਡੇ ਸਾਰੇ ਭੁਗਤਾਨ ਆਦੇਸ਼ਾਂ ਨੂੰ ਆਪਣੇ ਆਪ ਨਵੇਂ ਬੈਂਕ ਵਿੱਚ ਟ੍ਰਾਂਸਫਰ ਕਰ ਦੇਵੇਗਾ। ਇਹ ਵਾਰ-ਵਾਰ ਫਾਰਮ ਭਰਨ ਜਾਂ ਤੁਹਾਡੀ ਜਾਣਕਾਰੀ ਨੂੰ ਅਪਡੇਟ ਕਰਨ ਦੀ ਜ਼ਰੂਰਤ ਨੂੰ ਖਤਮ ਕਰ ਦੇਵੇਗਾ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact # +1 (209) 303-1260

Law Offices of Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact # +1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**




Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.

# LENDINGASSETS

Elevating Your Mortgage Experience



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
NOW HIRING
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com
PATTRON: HARJIT BASI
MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road, Suite H2-167 Modesto, CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਚੜ੍ਹਦਾ ਭਾਰਤ- ਉੱਡਦੀ ਸਿੱਖਿਆ !



ਗੁਰਮੀਤ ਸਿੰਘ ਪਲਾਹੀ
98158-02070

ਪਿਛਲੇ ਇੱਕ ਦਹਾਕੇ ਵਿੱਚ ਲਗਭਗ 94,000 ਸਰਕਾਰੀ ਸਕੂਲ ਪੂਰੇ ਦੇਸ਼ ਵਿੱਚ ਬੰਦ ਹੋਏ ਹਨ। ਦੇਸ਼ ਦਾ ਹਾਕਮ ਪੂਰੇ ਮਾਣ ਨਾਲ ਇਹ ਹੁੱਬਕੇ ਦਸਦਾ ਹੈ ਕਿ ਇੱਥੇ ਪਹਾੜੀ ਅਤੇ ਦੂਰ-ਦੁਰਾਡੇ ਜੰਗਲ ਵਿੱਚ ਇੱਕ ਵੋਟਰ ਲਈ ਪੋਲਿੰਗ ਸਟੇਸ਼ਨ ਬਣਦਾ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਇੱਕ ਬੱਚੇ ਲਈ, ਜੋ ਪੜ੍ਹਨਾ ਚਾਹੁੰਦਾ ਹੈ, ਇੱਕ ਸਕੂਲ ਨੂੰ ਉਸ ਲਈ ਚੱਲਦਾ ਕਿਉਂ ਨਹੀਂ ਰੱਖ ਸਕਦਾ?

ਪਿਛਲੇ ਦਿਨੀਂ ਸੰਸਦ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਸਿੱਖਿਆ ਮੰਤਰਾਲੇ ਨੇ ਦੱਸਿਆ ਕਿ ਸਾਲ 2014-15 ਵਿੱਚ ਦੇਸ਼ ਵਿੱਚ 11 ਲੱਖ 7 ਹਜ਼ਾਰ101 ਸਰਕਾਰੀ ਸਕੂਲ ਸਨ, ਜੋ ਸਾਲ 2024-25 ਵਿੱਚ ਘੱਟ ਕੇ 10 ਲੱਖ 13 ਹਜ਼ਾਰ 222 ਰਹਿ ਗਏ। ਜਾਣੀ 93 ਹਜ਼ਾਰ 779 ਸਕੂਲ ਬੰਦ ਕਰ ਦਿੱਤੇ ਗਏ। ਸਿੱਧਾ ਅਰਥ ਇਹ ਕਿ ਬੀਤੇ 10 ਸਾਲਾਂ ਵਿੱਚ ਹਰ ਰੋਜ਼ 25 ਸਰਕਾਰੀ ਸਕੂਲ ਬੰਦ ਕਰ ਦਿੱਤੇ ਗਏ। ਦੂਜੇ ਪਾਸੇ ਇਹ ਵੱਡਾ ਸੱਚ ਵੀ ਸਾਹਮਣੇ ਆਇਆ ਕਿ ਇਸ ਸਮੇਂ ਦੌਰਾਨ 51 ਹਜ਼ਾਰ ਪ੍ਰਾਈਵੇਟ ਨਿੱਜੀ ਸਕੂਲ ਨਵੇਂ ਖੁਲ੍ਹੇ। ਵਰਨਣਯੋਗ ਹੈ ਕਿ ਔਸਤਨ ਸਰਕਾਰੀ ਸਕੂਲ 'ਚ 2,863 ਰੁਪਏ ਅਤੇ ਪ੍ਰਾਈਵੇਟ ਸਕੂਲ 'ਚ 25,002 ਰੁਪਏ ਇੱਕ ਵਿਦਿਆਰਥੀ ਦਾ ਖ਼ਰਚਾ ਹੈ।

ਇਹਨਾਂ ਦਸ ਵਰ੍ਹਿਆਂ ਦੌਰਾਨ ਸਰਕਾਰੀ ਸਕੂਲਾਂ ਵਿੱਚ ਸਵਾ ਦੋ ਕਰੋੜ ਵਿਦਿਆਰਥੀਆਂ ਦੀ ਐਨਰੋਲਮੈਂਟ(ਦਾਖ਼ਲਾ) 'ਚ ਕਮੀ ਆਈ ਜਦ ਕਿ ਇਹਨਾਂ ਵਿੱਚੋਂ ਨਿੱਜੀ ਸਕੂਲਾਂ 'ਚ ਇੱਕ ਕਰੋੜ ਬਾਰਾਂ ਲੱਖ ਵਿਦਿਆਰਥੀਆਂ ਨੇ ਦਾਖ਼ਲਾ ਲਿਆ ਅਤੇ ਇੱਕ ਕਰੋੜ ਬਾਰਾਂ ਲੱਖ ਵਿਦਿਆਰਥੀ ਸਕੂਲਾਂ ਤੋਂ ਬਾਹਰ ਭਾਵ ਸਿੱਖਿਆ ਤੰਤਰ ਤੋਂ ਬਾਹਰ ਚਲੇ ਗਏ। ਸਿੱਧਾ ਅਰਥ ਇਹ ਨਿਕਲਿਆ ਕਿ ਹਰ ਪੜ੍ਹਨ ਯੋਗ ਪੰਜਵਾਂ ਬੱਚਾ ਸਕੂਲੋਂ ਬਾਹਰ ਕਰ ਦਿੱਤਾ ਗਿਆ।

2014-15 ਵਿੱਚ ਦੇਸ਼ ਦੀ ਕੁੱਲ ਅਬਾਦੀ 130 ਕਰੋੜ 90 ਲੱਖ ਸੀ। ਕੁੱਲ ਸਰਕਾਰੀ ਅਤੇ ਪ੍ਰਾਈਵੇਟ 15 ਲੱਖ 16 ਹਜ਼ਾਰ 892 ਸਕੂਲ ਸਨ, ਜਿਹਨਾਂ ਵਿੱਚ 26 ਕਰੋੜ 95 ਲੱਖ 6 ਹਜ਼ਾਰ 270 ਵਿਦਿਆਰਥੀ ਪੜ੍ਹਦੇ ਸਨ। 2024-25 'ਚ ਅਬਾਦੀ 15 ਕਰੋੜ 4 ਲੱਖ ਵੱਧ ਗਈ। ਭਾਵ ਅਬਾਦੀ 146 ਕਰੋੜ 30 ਲੱਖ ਹੋ ਗਈ, ਕੁੱਲ ਸਕੂਲ 14 ਲੱਖ 71 ਹਜ਼ਾਰ 473 ਰਹਿ ਗਏ ਅਤੇ ਵਿਦਿਆਰਥੀ ਦੀ ਗਿਣਤੀ 24 ਕਰੋੜ 69 ਲੱਖ 32 ਹਜ਼ਾਰ 680 ਤੱਕ ਸਿਮਟ ਗਈ। ਜੇਕਰ ਵਿਦਿਆਰਥੀ ਐਨਰੋਲਮੈਂਟ ਵੇਖੀ ਜਾਵੇ ਤਾਂ ਇਹ ਸਿੱਧਾ ਲਗਭਗ 20 ਫ਼ੀਸਦੀ ਦਾ ਗਿਰਾਵਟ ਅੰਤਰ ਦਸਦੀ ਹੈ।

ਸਕੂਲ ਬੰਦ ਹੋਣ ਦੀ ਪ੍ਰਵਿਰਤੀ ਉੱਤਰੀ ਅਤੇ ਪੂਰਬੀ ਸੂਬਿਆਂ 'ਚ ਵੱਧ ਵੇਖਣ ਨੂੰ ਮਿਲੀ, ਜਿਥੇ ਮੱਧ ਪ੍ਰਦੇਸ਼ ਵਿੱਚ 30 ਹਜ਼ਾਰ ਅਤੇ ਉੱਤਰ ਪ੍ਰਦੇਸ਼ ਵਿੱਚ 25 ਹਜ਼ਾਰ ਸਕੂਲ ਬੰਦ ਹੋ ਗਏ, ਜਦ ਕਿ ਦੱਖਣੀ ਸੂਬਿਆਂ ਤਾਮਿਲਨਾਡੂ ਅਤੇ ਕੇਰਲ ਵਿੱਚ ਕਰਮਵਾਰ 285 ਅਤੇ 296 ਸਕੂਲ ਹੀ ਬੰਦ ਹੋਏ।

ਸਰਕਾਰ ਦੀ ਨੀਤ ਅਤੇ ਨੀਤੀ ਇਸ ਤੱਥ ਤੋਂ ਸਪਸ਼ਟ ਹੁੰਦੀ ਹੈ ਕਿ ਆਪਣੀ ਨਿੱਜੀਕਰਨ ਦੀ ਪਾਲਿਸੀ ਦੇ ਅਧੀਨ ਸਰਕਾਰੀ ਸਕੂਲਾਂ ਤੋਂ ਬਾਹਰ ਹੋਏ ਵਿਦਿਆਰਥੀਆਂ ਵਿੱਚੋਂ ਅੱਧੇ ਨਿਜੀ ਸਕੂਲਾਂ 'ਚ ਦਾਖ਼ਲ ਹੋਏ, ਜਿੱਥੇ ਉਹਨਾਂ ਨੂੰ ਮਹਿੰਗੀ ਸਿੱਖਿਆ ਲੈਣ ਲਈ ਮਜ਼ਬੂਰ ਹੋਣਾ ਪਿਆ। 2014-15 ਵਿੱਚ 11 ਲੱਖ 7 ਹਜ਼ਾਰ ਤੋਂ ਵਧ ਸਰਕਾਰੀ ਸਕੂਲਾਂ ਵਿੱਚ 14 ਕਰੋੜ 40 ਲੱਖ 81 ਹਜ਼ਾਰ ਤੋਂ ਵੱਧ ਵਿਦਿਆਰਥੀ ਪੜ੍ਹਦੇ ਸਨ ਜਦ ਕਿ ਦੋ ਲੱਖ 88 ਹਜ਼ਾਰ ਤੋਂ ਵੱਧ ਨਿੱਜੀ ਸਕੂਲਾਂ ਵਿੱਚ 8 ਕਰੋੜ 46 ਲੱਖ 42 ਹਜ਼ਾਰ ਤੋਂ ਵੱਧ ਵਿਦਿਆਰਥੀ ਪੜ੍ਹਦੇ ਸਨ। 2024-25 ਵਿੱਚ ਸਰਕਾਰੀ ਸਕੂਲ ਘੱਟਕੇ 10 ਲੱਖ 13 ਹਜ਼ਾਰ ਤੋਂ ਕੁਝ ਵੱਧ ਰਹਿ ਗਏ। ਸਕੂਲਾਂ 'ਚ ਵਿਦਿਆਰਥੀਆਂ ਦੀ ਗਿਣਤੀ ਘਟਕੇ 12 ਕਰੋੜ 15 ਲੱਖ, ਲਗਭਗ 90 ਹਜ਼ਾਰ ਰਹਿ ਗਈ ਜਦ ਕਿ ਨਿੱਜੀ ਸਕੂਲ ਵਧਕੇ 3 ਲੱਖ 40 ਹਜ਼ਾਰ ਹੋ ਗਏ ਅਤੇ ਵਿਦਿਆਰਥੀ ਵੱਧਕੇ 9 ਕਰੋੜ 58 ਲੱਖ 56 ਹਜ਼ਾਰ ਤੋਂ ਕੁਝ ਉੱਪਰ ਚਲੇ ਗਏ।

ਸਪਸ਼ਟ ਵਿਖਾਈ ਦਿੰਦਾ ਹੈ ਅੰਕੜਿਆਂ ਅਤੇ ਪ੍ਰਾਪਤ ਸੂਚਨਾਵਾਂ ਤੋਂ ਕਿ ਮੌਜੂਦਾ ਸਰਕਾਰ ਸਿੱਖਿਆ ਪ੍ਰਤੀ ਫ਼ਰਜ਼ਾਂ ਤੋਂ ਉਵੇਂ ਦੀ ਹੀ ਕੁਤਾਹੀ ਕਰ ਰਹੀ ਹੈ, ਜਿਵੇਂ ਦੀ ਕੁਤਾਹੀ ਸਿਹਤ ਸੁਵਿਧਾਵਾਂ ਪ੍ਰਤੀ ਹੈ। ਕਰੋਨਾ ਕਾਲ ਇਸਦਾ ਗਵਾਹ ਹੈ, ਜਦੋਂ ਸਿਹਤ ਸੁਵਿਧਾਵਾਂ ਦਾ ਦੀਵਾਲਾ ਨਿਕਲਿਆ ਦਿਸਿਆ। ਸਿੱਖਿਆ ਖੇਤਰ ਵੀ ਉਦੋਂ ਚਰਮਰਾ ਗਿਆ ਸੀ।

ਕਹਿਣ ਨੂੰ ਤਾਂ ਭਾਵੇਂ ਸਿਹਤ ਅਤੇ ਸਿੱਖਿਆ ਸਰਕਾਰਾਂ ਦੀਆਂ ਮੁੱਖ ਤਰਜੀਹਾਂ ਹਨ, ਪਰ ਅਸਲ ਅਰਥਾਂ 'ਚ ਸਰਕਾਰ, ਲੋਕ ਸਰੋਕਾਰਾਂ ਤੋਂ ਅੱਖਾਂ ਮੀਟਕੇ ਬੈਠੀ ਹੋਈ ਹੈ। ਨਵੀਂ ਸਿੱਖਿਆ ਨੀਤੀ ਦੀਆਂ ਵੱਡੀਆਂ ਗੱਲਾਂ ਹੋ ਰਹੀਆਂ ਹਨ। ਪੀਐੱਮ ਸ਼੍ਰੀ (ਪੀਐੱਮ ਸਕੂਲਜ਼ ਫਾਰ ਰਾਈਜਿੰਗ ਇੰਡੀਆ ) ਯੋਜਨਾ ਸਮੇਤ ਹੋਰ ਬਹੁਤ ਸਾਰੀਆਂ ਪੀ.ਐੱਮ. ਦੇ ਨਾਂਅ ਵਾਲੀਆ ਯੋਜਨਾਵਾਂ ਲਗਭਗ ਫੇਲ੍ਹ ਹੋ ਰਹੀਆਂ ਹਨ, ਜਿਹੜੀਆਂ ਸਿਰਫ਼ ਪ੍ਰਚਾਰ ਦੀ ਖ਼ਾਤਰ ਆਰੰਭੀਆਂ ਗਈਆਂ ਅਤੇ ਵੋਟਰਾਂ ਨੂੰ ਭਰਮ ਜਾਲ 'ਚ ਫਸਾਉਣ ਦਾ ਯਤਨ ਹੈ। ਪਰ ਜਿਹੜੇ ਲੋਕਾਂ ਦੇ ਅਸਲ ਸਰੋਕਾਰ ਹਨ, ਜਿਹੜੇ ਲੋਕ ਸੋਚ ਅਤੇ ਵਿਚਾਰ ਨਾਲ ਜੁੜੇ ਹਨ, ਉਹਨਾਂ ਨੂੰ ਖੁੰਡਿਆ ਕਰਨ ਅਤੇ ਧਰਮ ਜਾਲ 'ਚ ਫਸਾਉਣ ਦੀ ਸਾਜ਼ਿਸ਼ ਪਿਛਲੇ ਦਹਾਕੇ ਤੋਂ ਪੂਰੇ ਜ਼ੋਰ 'ਤੇ ਹੈ। ਸਵਾਲ ਉੱਠਦਾ ਹੈ ਕਿ ਭਾਰਤੀ ਸੰਵਿਧਾਨ 'ਚ ਦਰਜ਼ ਸਿੱਖਿਆ ਦਾ ਮੁਢਲਾ ਅਧਿਕਾਰ ਸਰਕਾਰ ਦੀ ਪਹਿਲ ਕਿਉਂ ਨਹੀਂ ਹੈ? ਕਿਉਂ ਸਿੱਖਿਆ ਨਿੱਜੀਕਰਨ ਦੇ ਰਾਹ ਪਾਕੇ "ਅਮੀਰਾਂ ਦਾ ਹੱਕ" ਬਣਾਈ ਜਾ ਰਹੀ ਹੈ? ਕਿਉਂ ਹਰ ਇੱਕ ਨੂੰ ਬਰਾਬਰ ਦੀ ਸਿੱਖਿਆ ਪ੍ਰਦਾਨ ਕਰਨ ਵੱਲ ਮੋੜਾ ਨਹੀਂ ਕੱਟਿਆ ਜਾ ਰਿਹਾ?

ਹਾਕਮਾਂ ਦੀਆਂ ਗਲਤ ਆਰਥਿਕ ਨੀਤੀਆਂ ਕਾਰਨ ਦੇਸ਼ ਦਾ ਗ਼ਰੀਬ ਵਰਗ ਪ੍ਰੇਸ਼ਾਨ ਹੈ। ਗ਼ਰੀਬ ਦੇ ਬੱਚੇ ਮਹਿੰਗਾਈ ਦੀ ਮਾਰ ਸਹਿੰਦੇ, ਸਿੱਖਿਆ ਤੋਂ ਦੂਰ ਕੀਤੇ ਜਾ ਰਹੇ ਹਨ। ਹਜ਼ਾਰਾਂ ਨਹੀਂ ਲੱਖਾਂ ਬੱਚੇ ਸਕੂਲ ਨਹੀਂ ਜਾ ਪਾਉਂਦੇ। ਬਾਲ ਮਜ਼ਦੂਰੀ ਵੱਲ ਧੱਕੇ ਜਾ ਰਹੇ ਹਨ। ਸਕੂਲਾਂ ਵਿੱਚ ਪ੍ਰਾਇਮਰੀ ਸਿੱਖਿਆ ਉਪਰੰਤ ਹਾਈ ਸਕੂਲ ਤੇ ਉਚੇਰੀ ਸਿੱਖਿਆ ਤੱਕ ਪਹੁੰਚ ਬੇਹੱਦ ਔਖੀ ਹੋ ਗਈ ਹੈ। ਭਾਰਤ ਦੀਆਂ ਆਰਥਿਕ ਨੀਤੀਆਂ ਇਸ ਭਰਮ ਵਿੱਚ ਹਨ ਕਿ ਦੇਸ਼ ਤੇਜ਼ੀ ਨਾਲ ਉਭਰਦੀ ਅਰਥ ਵਿਵਸਥਾ ਬਣਦਾ ਜਾ ਰਿਹਾ ਹੈ। ਇਸਦੇ ਚਲਦਿਆਂ ਵਿਦੇਸ਼ੀ ਨਿਵੇਸ਼ ਭਾਰਤ ਦੇ ਬਜ਼ਾਰਾਂ 'ਚ ਆ ਰਿਹਾ ਹੈ। ਕਾਰਪੋਰੇਟਾਂ ਦਾ ਪ੍ਰਭਾਵ ਵਧਦਾ ਜਾ ਰਿਹਾ ਹੈ। ਜਿਸਦਾ ਸਿੱਧਾ ਅਸਰ ਭਾਰਤੀ ਬਜ਼ਾਰ 'ਤੇ ਵੇਖਿਆ ਜਾ ਰਿਹਾ ਹੈ ਅਤੇ ਜਿਸਦਾ ਸਭ ਤੋਂ ਵੱਧ ਅਸਰ ਆਮ ਆਦਮੀ 'ਤੇ ਪੈਂਦਾ ਹੈ। ਭਾਰਤ ਅੱਜ ਜਦੋਂ ਤੇਜ਼ੀ ਨਾਲ ਅੱਗੇ ਵੱਧਣ ਦਾ ਸੁਪਨਾ ਪਾਲ ਰਿਹਾ ਹੈ, ਇਸ ਸਥਿਤੀ 'ਚ ਸਮਾਜ ਦਾ ਅਸੰਗਠਿਤ ਖੇਤਰ (ਜੋ ਲੱਗਭਗ 44 ਕਰੋੜ ਲੋਕ ਹਨ) ਸੰਕਟ 'ਚ ਫਸ ਰਿਹਾ ਹੈ। ਜੇਕਰ ਸਰਕਾਰੀ ਨੀਤੀਆਂ ਇਹੋ ਰਹੀਆਂ ਤਾਂ ਆਮ ਆਦਮੀ ਲਈ ਸਿੱਖਿਆ ਤੱਕ ਪਹੁੰਚ ਹੋਰ ਵੀ ਔਖੀ ਹੋ ਜਾਏਗੀ, ਉਹ ਸਿਰਫ਼ ਜੀਊਣ ਲਈ ਅੰਨ ਕਮਾਉਣ ਜੋਗਾ, ਅਤੇ ਮੁੜ ਸਰਕਾਰੀ ਖ਼ੈਰਾਤ (ਮੁਫ਼ਤ ਅਨਾਜ ਤੇ ਹੋਰ ਸੁਵਿਧਾਵਾਂ) ਤੱਕ ਸੀਮਤ ਹੋ ਕੇ ਰਹਿ ਜਾਏਗਾ। ਜਿਸ ਦਾ ਅਰਥ ਉਸਦੇ ਬੱਚਿਆਂ ਦੀ ਸਕੂਲ ਤੋਂ ਦੂਰੀ ਹੋਰ ਵੀ ਵੱਧ ਜਾਏਗੀ। ਭਾਰਤ ਡਿਜ਼ੀਟਲ ਹੁੰਦਿਆਂ ਵੀ ਪਿਛਲਖੁਰੀ ਤੁਰਦਾ ਵਿਖਾਈ ਦੇਵੇਗਾ।

ਵੇਖਣ-ਪਾਖਣ ਦੀ ਗੱਲ ਤਾਂ ਇਹ ਹੈ ਕਿ ਸਰਕਾਰ ਦੀਆਂ ਤਰਜੀਹਾਂ ਕੀ ਹਨ? ਕੀ ਲੋਕ-ਹਿੱਤ, ਲੋਕ-ਭਲਾਈ, ਲੋਕ-ਸਰੋਕਾਰ ਉਸਦਾ ਮੁੱਢਲਾ ਉਦੇਸ਼ ਹੈ ਤਾਂ ਸਰਕਾਰ ਲੋਕ-ਹਿਤੈਸ਼ੀ ਹੈ। ਜੇਕਰ ਉਸਦਾ ਉਦੇਸ਼ ਲੋਕ ਮਾਰੂ ਕਾਨੂੰਨ ਬਣਾਉਣਾ, ਸੰਵਿਧਾਨਿਕ ਕਦਰਾਂ-ਕੀਮਤਾਂ, ਨਾਗਰਿਕਾਂ ਦੇ ਮੁੱਢਲੇ ਅਧਿਕਾਰਾਂ ਨੂੰ ਪੈਰਾਂ ਹੇਠ ਮਧੋਲਣਾ ਹੈ ਤਾਂ ਉਹ ਲੋਕ ਮਾਰੂ ਸਰਕਾਰ ਹੈ।

ਪਿਛਲੇ ਸਾਲਾਂ ਤੋਂ ਨਿੱਜੀਕਰਨ ਸਰਕਾਰ ਦਾ ਮੁੱਖ ਅਜੰਡਾ ਹੈ। ਕਾਰਪੋਰੇਟਾਂ ਦੇ ਹੱਥਾਂ 'ਚ ਖੇਡਣਾ ਉਸਦੀ ਵੱਡੀ ਪਹਿਲ ਹੈ। ਕੁਦਰਤੀ ਸਾਧਨਾਂ ਦੀ ਬੇਰੋਕ -ਟੋਕ ਵਰਤੋਂ, ਰੇਲਵੇ, ਏਅਰ ਪੋਰਟਾਂ, ਖਾਨਾਂ ਅਤੇ ਸਰਕਾਰੀ ਫੈਕਟਰੀਆਂ ਦਾ ਨਿੱਜੀਕਰਨ ਮਜ਼ਦੂਰਾਂ ਲਈ ਕਾਲੇ ਕਾਨੂੰਨ, ਕਿਸਾਨਾਂ ਦੀਆਂ ਜ਼ਮੀਨਾਂ ਹਥਿਆਉਣ ਦੀ ਸਾਜਿਸ਼ ਉਸਦੀ ਮੁੱਖ ਤਰਜੀਹ ਹੈ। ਜਿਹੜਾ ਅਸਲ ਅਰਥਾਂ 'ਚ ਆਮ ਆਦਮੀ ਦੀਆਂ ਮੁੱਢਲੀਆਂ ਸੁਵਿਧਾਵਾਂ, ਸਾਧਨਾਂ ਅਤੇ ਹੱਕਾਂ ਉੱਤੇ ਡਾਕਾ ਪਾਉਣ ਸਮਾਨ ਹਨ। ਜੇਕਰ ਮਜ਼ਦੂਰ ਕਿਸਾਨ ਦੇ ਪੱਲੇ ਸਾਧਨ ਹੀ ਨਹੀਂ ਹੋਵੇਗਾ, ਉਹ ਆਪਣੀ ਔਲਾਦ ਨੂੰ ਸਾਧਨਾਂ ਤੋਂ ਬਿਨਾਂ ਸਿੱਖਿਆ ਕਿਵੇਂ ਦੁਆ ਸਕੇਗੀ? ਅਤੇ ਜਦੋਂ ਸਰਕਾਰ ਵੱਲੋਂ ਆਮ ਆਦਮੀ ਲਈ ਸਿੱਖਿਆ ਲਈ ਪ੍ਰਬੰਧ ਚੰਗੇਰੇ ਨਹੀਂ ਕੀਤੇ ਹੋਣਗੇ ਤਾਂ ਅਗਲੀ ਪੀੜ੍ਹੀ ਪੜ੍ਹ ਕਿਵੇਂ ਸਕੇਗੀ? ਚੰਗੇ ਨਾਗਰਿਕ ਕਿਵੇਂ ਬਣੇਗੀ?

ਸਰਕਾਰ ਦੀ ਸਿੱਖਿਆ ਬੇਰੁਖੀ ਇਸ ਪੱਖ ਤੋਂ ਵੀ ਵੇਖਣ ਯੋਗ ਹੈ ਕਿ ਨੈਸ਼ਨਲ ਸਿੱਖਿਆ ਪਾਲਿਸੀ-2020 ਅਧੀਨ ਸਾਲ 2020 'ਚ ਜੀ.ਡੀ.ਪੀ. ਦਾ 6 ਫ਼ੀਸਦੀ ਫੰਡ ਪਬਲਿਕ ਸਿੱਖਿਆ ਉੱਤੇ ਵਰਤੇ ਜਾਣ ਦੀ ਸਿਫਾਰਿਸ਼ ਸੀ, ਪਰ ਸਰਕਾਰ ਨੇ ਬਜਟ ਵਿੱਚ ਕਦੇ ਵੀ 3 ਤੋਂ 3.5 ਪ੍ਰਤੀਸ਼ਤ ਤੋਂ ਵੱਧ ਸਿੱਖਿਆ ਲਈ ਨਹੀਂ ਰੱਖਿਆ । ਸਰਕਾਰੀ ਸਕੂਲਾਂ 'ਚ ਬੁਨਿਆਦੀ ਢਾਂਚਾ ਬੁਰੀ ਤਰ੍ਹਾਂ ਪ੍ਰਭਾਵਿਤ ਹੈ । ਵਿਦਿਆਰਥੀਆਂ ਲਈ ਕਮਰੇ ਨਹੀਂ ਹਨ, ਟਾਇਲਟ, ਪੀਣ ਦੇ ਪਾਣੀ, ਇਥੋਂ ਤੱਕ ਕਿ ਬਿਜਲੀ ਸੁਵਿਧਾਵਾਂ ਦੀ ਕਮੀ ਹੈ । ਟੀਚਰਾਂ ਦੀਆਂ ਸਕੂਲਾਂ 'ਚ ਅਸਾਮੀਆਂ ਖਾਲੀ ਪਈਆਂ ਹਨ । ਜਿਸ ਵੱਲ ਧਿਆਨ ਕਰਨ ਦੀ ਸਰਕਾਰ ਕਦੇ ਲੋੜ ਹੀ ਮਹਿਸੂਸ ਨਹੀਂ ਕਰਦੀ । ਇੱਕ ਲੱਖ 52 ਹਜ਼ਾਰ ਸਕੂਲ ਬਿਜਲੀ ਤੋਂ ਬਿਨਾਂ ਹਨ । ਉਪਰੋਂ ਪੀ.ਐੱਮ ਸ਼੍ਰੀ ਯੋਜਨਾ ਤਹਿਤ 14,500 ਸਕੂਲ ਖੋਲ੍ਹਕੇ ਇੱਕ ਨਵਾਂ ਬਿਰਤਾਂਤ ਸਿਰਜਿਆ ਜਾ ਰਿਹਾ ਹੈ ।

2009 'ਚ ਸਰਕਾਰ ਵੱਲੋਂ ਸਿੱਖਿਆ ਅਧਿਕਾਰ ਕਾਨੂੰਨ ਆਰ.ਟੀ.ਆਈ. ਐਕਟ-2009 ਪਾਸ ਕੀਤਾ ਗਿਆ । 6 ਤੋਂ 14 ਸਾਲ ਦੇ ਬੱਚਿਆ ਲਈ ਮੁਫ਼ਤ ਅਤੇ ਜ਼ਰੂਰੀ ਸਿੱਖਿਆ ਦਾ ਇਸ ਵਿੱਚ ਪ੍ਰਾਵਧਾਨ ਸੀ । ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨ. ਈ.ਸੀ.)-2020 ਨਾਲ 34 ਸਾਲ ਪਹਿਲੀ ਐੱਨ.ਈ.ਸੀ. 1986 ਬਦਲੀ ਗਈ । ਪਰ ਜ਼ਮੀਨੀ ਪੱਧਰ ਉੱਤੇ ਆਮ ਆਦਮੀ ਪੱਲੇ ਸਿੱਖਿਆ ਖੇਤਰ 'ਚ ਨਿਰਾਸ਼ਾ ਹੀ ਪਈ ਹੈ । ਉਹਨਾਂ ਦੇ ਬੱਚਿਆਂ ਦੀ ਪਹੁੰਚ ਡਿਜ਼ੀਟਲ ਖੇਤਰ ਤੋਂ ਦੂਰ ਹੈ ।

ਇੱਕ ਲੱਖ ਸਰਕਾਰੀ ਸਕੂਲ ਇੱਕੋ ਟੀਚਰ ਨਾਲ ਚਲਾਏ ਜਾ ਰਹੇ ਹਨ, ਜਿਹਨਾਂ 'ਚ ਵਿਦਿਆਰਥੀਆਂ ਦੀ ਗਿਣਤੀ 33 ਲੱਖ ਹੈ । ਕੀ ਇਹੋ-ਜਿਹੀ ਸਕੂਲੀ ਸਿੱਖਿਆ ਆਮ ਆਦਮੀ ਦੇ ਬੱਚਿਆਂ ਦਾ ਕੁੱਝ ਸੁਆਰਨ ਯੋਗ ਹੈ ? ਸਰਕਾਰੀ ਸਕੂਲ ਬੰਦ ਕੀਤੇ ਜਾ ਰਹੇ ਹਨ, ਵਿਚ-ਵਿਚਾਲੇ ਸਕੂਲ ਛੱਡਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਸੈਕੰਡਰੀ ਪੱਧਰ ਤੱਕ 8.2 ਪ੍ਰਤੀਸ਼ਤ ਆਂਕੀ ਗਈ । ਕੀ ਇਹ ਦੇਸ਼ ਵਿੱਚੋਂ ਉੱਡ ਰਹੀ ਸਿੱਖਿਆ ਦੀ ਨਿਸ਼ਾਨੀ ਨਹੀਂ ਹੈ?

ਇੱਕ ਪਾਸੇ ਫਾਈਵ ਸਟਾਰ ਪਬਲਿਕ ਸਕੂਲ ਹਨ, ਦੂਜੇ ਪਾਸੇ ਤੱਪੜਾਂ, ਬੋਰੀਆਂ ਵਾਲੇ ਛੱਤਾਂ ਤੋਂ ਸੱਖਣੇ, ਸੁਵਿਧਾਵਾਂ ਤੋਂ ਊਣੇ ਸਰਕਾਰੀ ਸਕੂਲ ਹਨ, ਜਿੱਥੇ ਬਿਜਲੀ, ਪਾਣੀ, ਖੇਡ ਮੈਦਾਨ ਹੋਰ ਸੁਵਿਧਾਵਾਂ ਨਹੀਂ ਹਨ । ਤਦ ਫਿਰ ਰਾਈਜ਼ਿੰਗ ਇੰਡੀਆ ਦੀ ਕਲਪਨਾ ਸਧਾਰਨ ਵਿਦਿਆਰਥੀਆਂ ਦੇ ਅੱਖਾਂ ਦਾ ਸੁਪਨਾ ਕਿਵੇਂ ਬਣੇਗੀ?

ਸ਼ੀਸ਼ ਮਹਿਲਾਂ ਵਿੱਚ ਰਹਿਣ ਵਾਲੇ ਹੁਕਮਰਾਨ ਅਮੀਰ-ਗਰੀਬ 'ਚ ਖਾਈ ਵਧਾਈ ਜਾ ਰਹੇ ਹਨ, ਜਿੱਥੇ ਦੋ ਵਰਗਾਂ ਵਿੱਚ ਵਿਵਾਦ ਲਗਾਤਾਰ ਵੱਧਦਾ ਜਾ ਰਿਹਾ ਹੈ । ਜਿਵੇਂ ਦੇਸ਼ ਭਾਰਤ ਦੀਆਂ ਆਰਥਿਕ ਨੀਤੀਆਂ ਨਿੱਤ ਭਰਮ 'ਚ ਉਲਝਾਈਆਂ ਜਾ ਰਹੀਆਂ ਹਨ, ਉਵੇਂ ਦਾ ਭਰਮ ਜਾਲ, ਸਿੱਖਿਆ ਖੇਤਰ 'ਚ ਆਪਣਾ ਦਾਇਰਾ ਵੱਡਾ ਕਰ ਰਿਹਾ ਹੈ, ਜੋ ਆਮ ਆਦਮੀ ਦੀ ਸਿੱਖਿਆ ਤੋਂ ਦੂਰੀ ਹੋਰ ਵਧਾ ਦੇਵੇਗਾ ।


ਸੁਵਿਧਾਵਾਂ ਲਈ ਕਤਾਰ ਅਤੇ ਉਡੀਕ ਹਾਕਮ ਜਮਾਤ ਵੱਲੋਂ ਭਾਰਤ 'ਚ ਆਮ ਆਦਮੀ ਦੇ ਪੱਲੇ ਪਾ ਦਿੱਤੀ ਗਈ ਹੈ ਜੋ ਊਠ ਦਾ ਬੁਲ੍ਹ ਹੁਣ ਵੀ ਡਿੱਗਿਆ, ਹੁਣ ਵੀ ਡਿੱਗਿਆ ਦੀ ਉਡੀਕ ਵਾਂਗਰ ਪ੍ਰਤੀ ਦਿਨ ਵਧਦੀ ਹੀ ਜਾ ਰਹੀ ਹੈ । ਰਾਈਜ਼ਿੰਗ ਇੰਡੀਆ, ਚੜ੍ਹਦੇ-ਉੱਡਦੇ ਭਾਰਤ ਵਰਗੀ ਮਿਰਗ ਤ੍ਰਿਸ਼ਨਾ, ਭਾਰਤੀ ਨਾਗਰਿਕ ਦੇ ਮੁੱਢਲੇ ਸਿੱਖਿਆ ਸੰਵਿਧਾਨਿਕ ਹੱਕ ਦੇ ਪੈਂਰੀ ਪਾਈਆਂ ਬੇੜੀਆਂ ਵਰਗੀ ਜਾਪਦੀ ਹੈ। ਕੀ ਬੱਚੇ ਹੱਥੋਂ ਪੈਂਤੀ ਅੱਖਰੀ ਖੋਹਣੀ ਜਾਇਜ ਹੈ? ਕੀ ਅੱਖਰ ਨਾਲੋਂ ਵੋਟ ਦੀ ਮਹੱਤਤਾ ਜ਼ਿਆਦਾ ਹੈ? ਕੀ ਸਿੱਖਿਆ ਦੇ ਅਧਿਕਾਰ ਨੂੰ ਸੰਵਿਧਾਨਿਕ ਪੁਸਤਕਾਂ ਦੇ ਸ਼ਿੰਗਾਰ ਤੱਕ ਸੀਮਿਤ ਕਰਨਾ, ਉੱਡਦੇ ਰਾਈਜ਼ਿੰਗ ਇੰਡੀਆ ਦੀ ਪਛਾਣ ਉੱਤੇ ਕਾਲਾ ਧੱਬਾ ਨਹੀਂ ਹੈ?

**Information in Public Interest**

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

ਜਿੱਥੇ ਡੁੱਲ੍ਹਦਾ ਖੂਨ ਸ਼ਹੀਦਾਂ ਦਾ, ਉੱਥੇ ਉੱਗਦਾ ਰੁੱਖ ਆਜ਼ਾਦੀ ਦਾ।
ਸਦੀਆਂ ਤੀਕ ਦੁਨੀਆਂ ਯਾਦ ਰੱਖੂ, ਸਾਕਾ ਜ਼ਾਲਮ ਦੀ ਬਰਬਾਦੀ ਦਾ।

# ਇੰਡੋ ਅਮੈਰਿਕਨ ਹੈਰੀਟੇਜ ਫੋਰਮ, ਫਰਿਜ਼ਨੋ

ਵਲੋਂ ਭਾਰਤ ਦੀ ਆਜ਼ਾਦੀ ਦੇ ਸੰਗਰਾਮ ਵਿਚ ਹਿੱਕਾਂ ਡਾਹ ਕੇ ਅਥਾਹ ਕੁਰਬਾਨੀਆਂ ਕਰਨ ਵਾਲੇ ਬਹਾਦਰ ਯੋਧਿਆਂ ਅਤੇ ਸਮੁੱਚੀ ਗ਼ਦਰ ਪਾਰਟੀ ਨੂੰ ਸਮਰਪਿਤ

# 24ਵਾਂ 'ਮੇਲਾ ਗ਼ਦਰੀ ਬਾਬਿਆਂ ਦਾ'


ਕਰਤਾਰ ਸਿੰਘ ਸਰਾਭਾ


ਬਾਬਾ ਜਵਾਲਾ ਸਿੰਘ


ਬਾਬਾ ਵਿਸਾਖਾ ਸਿੰਘ


ਬਾਬਾ ਸੋਹਣ ਸਿੰਘ ਭਕਨਾ


ਗਦਰੀ ਸੰਤੋਖ ਸਿੰਘ ਧਰਦਿਓ

## 12 ਅਪ੍ਰੈਲ 2026, ਦਿਨ ਐਤਵਾਰ, ਦੁਪਹਿਰ 1:00 ਵਜੇ ਤੋਂ ਸ਼ਾਮ 6:00 ਵਜੇ ਤੱਕ

**Central High School, East Campus Performing Art Center 3535 N. Cornelia Ave, Fresno, CA 93722**

## ਵਿਖੇ ਸਮੂਹ ਭਾਈਚਾਰੇ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ।

ਪਹੁੰਚ ਰਹੇ ਗਾਇਕ ਕਲਾਕਾਰ


ਲਾਲੀ ਤੱਖਰ


ਰਾਜ ਬਰਾੜ

ਮੰਚ ਸੰਚਾਲਨ


ਆਸ਼ਾ ਸ਼ਰਮਾ

**ਚਾਹ ਪਾਣੀ ਤੇ ਪਕੌੜਿਆਂ ਦਾ ਲੰਗਰ ਸਾਰਾ ਦਿਨ ਚੱਲੇਗਾ**

ਆਓ ਸਾਰੇ ਪਰਿਵਾਰਾਂ ਸਮੇਤ ਰਲ ਮਿਲ ਕੇ ਦੇਸ਼ ਕੌਮ ਲਈ ਜਾਨਾਂ ਵਾਰਨ ਅਤੇ ਅੱਤ ਦਾ ਤਸ਼ੱਦਦ ਝੱਲਣ ਵਾਲੇ ਯੋਧਿਆਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ।

**ਹੋਰ ਪ੍ਰੋਗਰਾਮ:**
**ਗੀਤ, ਕਵਿਤਾਵਾਂ, ਭਾਸ਼ਨ, ਗਿੱਧਾ ਤੇ ਭੰਗੜਾ**

4.0 ਗਰੇਡ ਵਾਲੇ ਵਿਦਿਆਰਥੀਆਂ ਦਾ ਸਨਮਾਨ
ਵਿਦਿਆਰਥੀਆਂ ਦਾ ਨਾਮ ਰਜਿਸਟਰ ਕਰਨ ਲਈ ਵਿਦਿਆਰਥੀ ਦਾ ਨਾਮ, ਸੰਪਰਕ ਫੋਨ ਨੰਬਰ ਅਤੇ ਸਕੂਲ ਗਰੇਡ ਸ਼ੀਟ ਜਾਂ ਰਿਪੋਰਟ ਕਾਰਡ ਦੀ ਕਾਪੀ ਈਮੇਲ ਐਡਰੈੱਸ IAHForum@gmail.com ਤੇ ਭੇਜਣੀ ਜ਼ਰੂਰੀ ਹੋਵੇਗੀ।

ਸੰਪਰਕ: ਸ਼ਰਨਜੀਤ ਧਾਲੀਵਾਲ (559) 974-8383

**Chief Guest & Speaker**
ਮੁੱਖ ਮਹਿਮਾਨ ਅਤੇ ਬੁਲਾਰਾ


Social Activist
**Dr. Swaiman Singh**

ਦੇਸ਼ ਲਈ ਕੁਰਬਾਨੀ ਕਰਨ ਵਾਲੇ ਮਹਾਨ ਸ਼ਹੀਦਾਂ ਤੇ ਗਦਰੀ ਬਾਬਿਆਂ ਦੀ ਫੋਟੋ ਪ੍ਰਦਰਸ਼ਨੀ ਲਗਾਈ ਜਾਵੇਗੀ।

**ਬੱਚਿਆਂ ਦੇ ਡਰਾਇੰਗ ਮੁਕਾਬਲੇ ਕਰਵਾਏ ਜਾਣਗੇ**

4.0 ਵਾਲੇ ਵਿਦਿਆਰਥੀ ਅਤੇ ਡਰਾਇੰਗ ਮੁਕਾਬਲੇ ਵਿੱਚ ਹਿੱਸਾ ਲੈਣ ਦੇ ਚਾਹਵਾਨ
ਫੋਰਮ ਦੀ ਈਮੇਲ iahforum@gmail.com ਤੇ ਆਪਣੀ ਜਾਣਕਾਰੀ ਭੇਜ ਕੇ ਆਪਣਾ ਨਾਮ ਰਜਿਸਟਰ ਕਰਵਾ ਸਕਦੇ ਹਨ

**ਜੀ.ਐੱਚ.ਜੀ ਡਾਂਸ ਅਤੇ ਸੰਗੀਤ ਅਕੈਡਮੀ ਦੀਆਂ ਟੀਮਾਂ ਵਲੋਂ ਗਿੱਧਾ ਤੇ ਭੰਗੜਾ ਪੇਸ਼ ਕੀਤਾ ਜਾਵੇਗਾ**

**ਮੇਲਾ ਕਮੇਟੀ**

ਨਵਦੀਪ ਸਿੰਘ ਧਾਲੀਵਾਲ, ਸੁਰਿੰਦਰ ਸਿੰਘ ਬਦੇਸ਼ਾ, ਮਹਿੰਦਰ ਸਿੰਘ ਥਾਹ, ਬਲਦੇਵ ਸਿੰਘ ਧਾਲੀਵਾਲ, ਗੁਰਦੀਪ ਸਿੰਘ ਗਿੱਲ, ਬੂਟਾ ਸਿੰਘ ਸਹੋਤਾ, ਪਰਗਟ ਸਿੰਘ ਧਾਲੀਵਾਲ, ਹਰਜਿੰਦਰ ਸਿੰਘ ਢੇਸੀ, ਸ਼ਰਨਜੀਤ ਕੌਰ ਧਾਲੀਵਾਲ, ਪਰਮਜੀਤ ਸਿੰਘ ਢਿੱਲੋਂ, ਗੁਰਮੀਤ ਸਿੰਘ ਗਿੱਲ, ਦਲਜੀਤ ਸਿੰਘ ਰਿਆੜ, ਗੁਰਮੀਤ ਸਿੰਘ ਗਾਜੀਆਣਾ, ਇੰਦਰਜੀਤ ਚੋਗਾਵਾਂ, ਤਾਰਾ ਸਿੰਘ ਸੰਧੂ, ਭੁਪਿੰਦਰ ਕੌਰ ਬਦੇਸ਼ਾ, ਬਲਬੀਰ ਕੌਰ ਧਾਲੀਵਾਲ, ਹਰਿੰਦਰ ਕੌਰ, ਰਵਿੰਦਰ ਕੌਰ ਥਾਹ, ਬਲਵਿੰਦਰ ਕੌਰ ਧਾਲੀਵਾਲ, ਪ੍ਰੀਤ ਕੌਰ ਗਿੱਲ, ਦਰਸ਼ਨ ਕੌਰ ਗਿੱਲ, ਪਰਮਜੀਤ ਕੌਰ ਗਿੱਲ, ਸੁਖਜਿੰਦਰ ਕੌਰ ਢਿੱਲੋਂ, ਮਨਵੀਰ ਕੌਰ ਧਾਲੀਵਾਲ, ਕਿਰਨਜੀਤ ਕੌਰ ਧਾਲੀਵਾਲ, ਟਹਿਲ ਸਿੰਘ ਢੇਸੀ, ਤਲਵਿੰਦਰ ਸਿੰਘ ਜੌਹਲ, ਜੋਗਾ ਸਿੰਘ ਬਦੇਸ਼ਾ, ਸੁਰਿੰਦਰ ਸਿੰਘ ਬਿੰਦ, ਡਾ. ਮਲਕੀਤ ਸਿੰਘ ਕਿੰਗਰਾ, ਪ੍ਰਿੰਸੀਪਲ ਬਲਵਿੰਦਰ ਸਿੰਘ, ਹਰਮਨ ਸਿੰਘ ਗਿੱਲ, ਦਲਜੀਤ ਸਿੰਘ ਗਰੇਵਾਲ, ਡਾ. ਅਰਜਨ ਸਿੰਘ ਜੋਸਨ, ਗੁਰਪ੍ਰੀਤ ਸਿੰਘ ਖਾਨਖਾਨਾ, ਉਦੇਦੀਪ ਸਿੰਘ ਸਿੱਧੂ, ਪਰਮਜੀਤ ਸਿੰਘ ਧਾਲੀਵਾਲ, ਗੁਰਨਾਮ ਸਿੰਘ ਬਿੰਜਲ, ਮਾਸਟਰ ਸ਼ਮਸ਼ੇਰ ਸਿੰਘ, ਰਾਜ ਮੋਗਾ, ਜਗਰੂਪ ਸਿੰਘ ਧਾਲੀਵਾਲ, ਹਰਨੇਕ ਸਿੰਘ ਲੋਹਗੜ, ਸੁੱਖੀ ਹੇਅਰ, ਬਲਵਿੰਦਰ ਸਿੰਘ ਮੰਡੇਰ, ਅਮੋਲਕ ਸਿੰਘ ਸਿੱਧੂ, ਮੇਜਰ ਸਿੰਘ ਸੇਖੋਂ, ਸੁਖਪਾਲ ਸਿੰਘ ਧਾਲੀਵਾਲ, ਜਸਪਾਲ ਸਿੰਘ ਧਾਲੀਵਾਲ, ਮਨਵੀਰ ਸਿੰਘ ਭੁਲਰ, ਗੁਰਬਖਸ਼ ਸਿੰਘ ਸਿੱਧੂ, ਸ਼ੇਰ ਸਿੰਘ ਘਣਗੱਸ, ਗੈਰੀ ਢੇਸੀ, ਦਵਿੰਦਰ ਸਿੰਘ ਗਰੇਵਾਲ, ਬਹਾਦਰ ਸਿੰਘ ਭੰਗਲ, ਕਮਲਜੀਤ ਕੌਰ ਭੰਗਲ, ਪਵਿੰਦਰਜੀਤ ਸਿੰਘ ਮਾਨ, ਇੰਦਰਜੀਤ ਸਿੰਘ ਬਰਾੜ, ਰਾਜ ਅਲੀ, ਅੰਗਰੇਜ ਸਿੰਘ।

**ਸਰਪ੍ਰਸਤ: ਜਸਵੰਤ ਸਿੰਘ ਮਾਨ, ਕਰਮ ਸਿੰਘ ਮਾਨ**

**ਵਿਸ਼ੇਸ਼ ਧੰਨਵਾਦ:**
ਰੇਡੀਓ 900 ਏ.ਐੱਮ. ਦੇ ਸਾਰੇ ਪੰਜਾਬੀ ਹੋਸਟ, ਪੰਜਾਬੀ ਰੇਡੀਓ ਯੂ.ਐੱਸ.ਏ., ਰੇਡੀਓ 620 ਏ.ਐੱਮ ਰੇਡੀਓ ਐਫ.ਐੱਮ 94.3, ਸਾਰੇ ਪੰਜਾਬੀ ਅਖਬਾਰ, ਜੀ.ਐੱਚ. ਜੀ ਸੰਗੀਤ ਐਂਡ ਡਾਂਸ ਅਕੈਡਮੀ।

**ਹੋਰ ਜਾਣਕਾਰੀ ਲਈ ਸੰਪਰਕ**
ਨਵਦੀਪ ਸਿੰਘ ਧਾਲੀਵਾਲ ਪ੍ਰਧਾਨ..........(559) 287-0822
ਹਰਜਿੰਦਰ ਸਿੰਘ ਢੇਸੀ ਸੈਕਰਟਰੀ..........(559) 618-0156
ਗੁਰਮੀਤ ਸਿੰਘ ਗਿੱਲ..........(805) 215-0681
ਗੁਰਮੀਤ ਸਿੰਘ ਗਾਜੀਆਣਾ..........(559) 801-8200

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀਂ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:** 7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵਿੱਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵਿੱਚ 58% ਵਾਧਾ

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**

**Call : +91 73038-88722**

**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਲੋਕ ਗਾਇਕ ਨੇ ਫਰੋਲੇ ਆਪਣੇ ਦਿਲ ਦੇ ਵਰਕੇ !

ਮਿਲਾਨ
ਸਰਬਜੀਤ ਸਿੰਘ

ਕੌਮਾਂਤਰੀ ਪੰਜਾਬੀ ਕਾਫਲਾ ਇਟਲੀ ਵਲੋਂ ਐਤਵਾਰ ਨੂੰ ਲਾਈਵ ਪ੍ਰੋਗਰਾਮ ‘ਦਿਲ ਦੇ ਵਰਕੇ ਫੋਲ’ ਵਿੱਚ ਪੰਜਾਬੀ ਲੋਕ ਗੀਤਕਾਰ, ਕਲਾਕਾਰ, ਸਮਾਜ ਸੇਵੀ ਬਲਵੀਰ ਸ਼ੇਰਪੁਰੀ ਨਾਲ ਮੁਲਾਕਾਤ ਕੀਤੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਕਾਫ਼ਲਾ ਪ੍ਰਧਾਨ ਨਾਵਲਕਾਰ ਬਿੰਦਰ ਕੋਲੀਆ ਵਾਲ ਨੇ ਕਾਫ਼ਲਾ ਸਰਪ੍ਰਸਤ ਪ੍ਰਸਿੱਧ ਗ਼ਜ਼ਲਗੋ ਗੁਰਚਰਨ ਸਿੰਘ ਜੋਗੀ ਤੋਂ ਪ੍ਰੋਗਰਾਮ ਦੀ ਸ਼ੁਰੂਆਤ ਕਰਨ ਲਈ ਆਗਿਆ ਲਈ ਤੇ ਹਾਜ਼ਰ ਮੈਂਬਰਾਂ ਦਾ ਅਤੇ ਵਿਸ਼ੇਸ਼ ਮਹਿਮਾਨ ਬਲਵੀਰ ਨੂੰ ਜੀ ਆਇਆ ਆਖਿਆ ਤੇ ਨਾਲ ਹੀ ਮੰਚ ਸੰਚਾਲਕ ਕਰਨ ਲਈ ਪ੍ਰਸਿੱਧ ਪੇਸ਼ਕਾਰ ਮੋਤੀ ਸ਼ਾਇਰ (ਪੰਜਾਬ) ਨੂੰ ਬੇਨਤੀ ਕੀਤੀ।

ਮੋਤੀ ਸ਼ਾਇਰ ਨੇ ਮੰਚ ਸੰਚਾਲਨ ਸ਼ੁਰੂ ਕਰਦਿਆਂ ਪਹਿਲਾ ਪਿਛਲੇ ਦਿਨਾਂ ਚ ਕਾਫ਼ਲੇ ਦੀ ਟੀਮ ਦੇ ਸੰਗਠਨ ਕੀਤੇ ਜਾਣ ਦੀਆਂ ਸਾਰੇ ਅਹੁਦੇਦਾਰਾਂ ਨੂੰ ਵਧਾਈਆਂ ਦਿੱਤੀਆਂ ਅਤੇ ਨਾਵਲਕਾਰ ਬਿੰਦਰ ਕੋਲੀਆਂ ਵਾਲ ਦੇ ਨਾਵਲ 'ਮੱਥੇ ਦੀਆਂ ਲਿਖੀਆਂ ਨਾ ਮਿਟੀਆਂ' ਪੰਜਾਬੀ ਫਿਲਮ ਡਾਇਰੈਕਟਰ ਅਮਰਦੀਪ ਗਿੱਲ ਕੋਲ ਪਹੁੰਚਣ ਤੇ ਆਉਣ ਵਾਲੇ ਸਮੇਂ ਵਿੱਚ ਇਹ ਵੱਡੇ ਪਰਦੇ ਤੇ ਦਿਸਣ ਦੀ ਖ਼ੁਸ਼ਖਬਰੀ ਸਾਂਝੀ ਕੀਤੀ। ਉਸ ਦੇ ਨਾਲ ਹੀ ਬਲਵੀਰ ਸ਼ੇਰਪੁਰੀ ਨੂੰ ਜੀ ਆਇਆ ਆਖਦਿਆਂ ਉਨ੍ਹਾਂ ਨੂੰ ਇੱਕ-ਇੱਕ ਕਰਕੇ ਦਿਲ ਦੇ ਵਰਕੇ ਫਰੋਲਣ ਲਈ ਕਿਹਾ, ਨਾਲ ਹੀ ਪੁੱਛਿਆ ਕਿ ਬਲਵੀਰ ਕਿਵੇਂ ਗਾਇਕ ਬਣੇ ਤੇ ਅੱਜ ਦੀ ਲੱਚਰ ਗਾਇਕੀ ਨੂੰ ਨਾ-ਅਪਣਾ ਕੇ ਸਗੋਂ ਸੱਭਿਅਕ ਗੀਤ ਗਾ ਕੇ ਲੋਕ ਗਾਇਕੀ ਨੂੰ ਹੀ ਕਿਉਂ ਪਹਿਲ ਦਿੱਤੀ। ਬਲਵੀਰ ਨੇ ਦੱਸਿਆ ਕਿ ਪਹਿਲਾਂ ਗੀਤ ਉਹਨਾਂ ਨੇ ਸੱਤਵੀਂ ਜਮਾਤ ਵਿੱਚ ਪੜ੍ਹਦੇ ਹੋਏ ਆਪਣੀ ਸੰਬੰਧਤ ਤਹਿਸੀਲ ਵਿੱਚ ਹੋਏ ਧਾਰਮਿਕ ਮੁਕਾਬਲੇ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਕੀਤੀ ਸੀ। ਘਰ ਵਿੱਚ ਗਰੀਬੀ ਸੀ ਤੇ ਗਾਇਕੀ ਵਿੱਚ ਪੈਸਾ ਵੱਧ ਲੱਗਣ ਕਰਕੇ ਉਹਨਾਂ ਸੋਚਿਆ ਵੀ ਨਹੀਂ ਸੀ ਕਿ ਉਹ ਆਪਣੇ ਗਾਇਕੀ ਸਫ਼ਰ ਵਿੱਚ ਐਨਾ ਅੱਗੇ ਨਿਕਲ ਜਾਣਗੇ। ਉਹਨਾਂ ਮੰਚ ਉੱਤੇ ਪਹਿਲਾਂ ਗੀਤ ਗਾਇਆ ਤੇ ਸਭ ਨੂੰ ਭਾਵੁਕ ਕਰ ਦਿੱਤਾ।

“ਸਾਡਾ ਉੱਜੜ ਗਿਆ ਦਾ ਕੀ ਅੜੀਏ,
ਤੇਰਾ ਵਸਣਾ ਬੜਾ ਜ਼ਰੂਰੀ ਏ”

ਨਾਵਲਕਾਰ ਬਿੰਦਰ ਕੋਲੀਆ ਵਾਲ ਦਾ ਲਿਖਿਆ ਗੀਤ ‘ਮਾਂ’ ਗਾ ਕੇ ਬਲਵੀਰ ਜੀ ਨੇ ਸਾਰੇ ਮੰਚ ਦੇ ਅੱਖਾਂ ਚੋਂ ਅੱਥਰੂ ਕੇਰਨ ਲਾ ਦਿੱਤੇ। ਜਿਸ ਦੇ ਬੋਲ ਸਨ....

“ਸਾਨੂੰ ਰੋਂਦੇ ਛੱਡ ਕੇ ਤੁਰ ਗਈ ਅੱਜ ਅੰਮੜੀ ਮੇਰੀ,
ਸਾਡੀ ਖਾਤਰ ਸੋ ਸੋ ਦੁਖੜੇ ਜਰਦੀ ਹੁੰਦੀ ਸੀ,
ਦੁੱਖ ਸਹਿ ਕੇ ਵੀ ਦਿਨ ਰਾਤ ਦੁਆਵਾਂ ਕਰਦੀ ਹੁੰਦੀ ਸੀ,
ਕਹਿੰਦੀ ਸੀ ਪੁੱਤਰਾ ਜਿਊਂਦਾ ਰਹਿ, ਹੋਵੇ ਉਮਰ ਲਮੇਰੀ,
ਸਾਨੂੰ ਰੋਂਦੇ ਛੱਡ ਕੇ ਤੁਰ ਗਈ ਅੱਜ ਅੰਮੜੀ ਮੇਰੀ।”



ਵੱਸਦੀ ਰਹਿ, ਪੰਜਾਬ, ਪਵਿੱਤਰ ਕਾਲੀ ਵੇਈਂ, ਮਾਂ,ਸਰਦਾਰ ਦੀ ਪੱਗ, ਕਿਸਾਨਾਂ ਮਜ਼ਦੂਰਾਂ ਦੀ ਮਜਬੂਰੀ, ਨੀਤਾਂ ਚੰਗੀਆਂ, ਭਜਨ ਭੇਟਾਂ ਅਤੇ ਅਨੇਕਾਂ ਧਾਰਮਿਕ ਗੀਤਾਂ ਸਣੇ ਹੁਣ ਤੱਕ 200 ਗੀਤ ਰਿਕਾਰਡ ਕੀਤੇ ਜਾ ਚੁੱਕੇ ਹਨ। ਬਲਵੀਰ ਸ਼ੇਰਪੁਰੀ ਆਪਣੇ ਲਿਖੇ ਗੀਤਾਂ ਦੇ ਨਾਲ ਨਾਲ ਦੂਜੇ ਗੀਤਕਾਰਾਂ ਦੇ ਗੀਤ ਵੀ ਗਾਉਂਦੇ ਹਨ। ਕੌਮਾਂਤਰੀ ਪੰਜਾਬੀ ਕਾਫ਼ਲਾ ਇਟਲੀ ਦੇ ਮੈਬਰਾਂ ਵਿੱਚੋਂ ਬਿੰਦਰ ਕੋਲੀਆ ਵਾਲ, ਮੁਖਤਾਰ ਸਿੰਘ ਚੰਦੀ ਦੇ ਗੀਤ ਵੀ ਬਲਵੀਰ ਗਾ ਚੁੱਕੇ ਹਨ ਜੋ ਸੁਪਰ ਹਿੱਟ ਗੀਤਾਂ ਵਿੱਚ ਗਿਣੇ ਜਾਂਦੇ ਹਨ। ਇਸ ਦੇ ਨਾਲ ਹੀ ਆਉਣ ਵਾਲੇ ਸਮੇਂ ਵਿੱਚ ਕੌਮਾਂਤਰੀ ਪੰਜਾਬੀ ਕਾਫ਼ਲਾ ਦੇ ਮੈਬਰਾਂ ਦੇ ਸੱਭਿਅਕ ਗੀਤ ਗਾਉਣ ਦਾ ਹੁੰਗਾਰਾ ਵੀ ਭਰਿਆ ਹੈ।

ਕੌਮਾਂਤਰੀ ਪੰਜਾਬੀ ਕਾਫ਼ਲੇ ਦੇ ਮੰਚ ਤੇ ਹਾਜ਼ਰ ਮੈਂਬਰ ਨਾਵਲਕਾਰ ਬਿੰਦਰ ਕੋਲੀਆ ਵਾਲ, ਗ਼ਜ਼ਲਗੋ ਗੁਰਚਰਨ ਸਿੰਘ ਜੋਗੀ, ਪ੍ਰਿੰਸੀਪਲ ਲਖਵੀਰ ਸਿੰਘ, ਭੈਣ ਪੋਲੀ ਬਰਾੜ, ਪ੍ਰਿੰਸੀਪਲ ਹਰਸ਼ਰਨ ਕੌਰ, ਗੀਤਕਾਰ ਗੁਰਮੀਤ ਸਿੰਘ ਮੱਲ੍ਹੀ, ਕਰਮਜੀਤ ਕੌਰ ਰਾਣਾ, ਪੇਸ਼ਕਾਰ ਮੋਤੀ ਸ਼ਾਇਰ, ਸਰਬਜੀਤ ਸਿੰਘ ਜਰਮਨੀ ਵਲੋਂ ਵਾਰੀ ਵਾਰੀ ਪੁੱਛੇ ਗਏ ਸਵਾਲਾਂ ਦੇ ਜੁਆਬ ਵੀ ਬਾਖੂਬੀ ਦਿੱਤੇ ਤੇ ਬਹੁਤ ਸਾਰੇ ਗੀਤ ਪੂਰੇ ਪੂਰੇ ਸੁਣਾਏ।

ਪ੍ਰੋਗਰਾਮ ਦੇ ਅਖੀਰ ਵਿੱਚ ਸਰਬਜੀਤ ਸਿੰਘ ਜਰਮਨੀ ਨੇ ਮੁੱਖ ਮਹਿਮਾਨ ਬਲਵੀਰ ਸ਼ੇਰਪੁਰੀ ਤੇ ਕੌਮਾਂਤਰੀ ਪੰਜਾਬੀ ਕਾਫ਼ਲਾ ਦੀ ਸਮੁੱਚੀ ਟੀਮ ਦਾ ਬਹੁਤ ਬਹੁਤ ਸਤਿਕਾਰ ਸਹਿਤ ਧੰਨਵਾਦ ਕੀਤਾ ਤੇ ਨਾਲ ਹੀ ਯੂਰਪ ਵਿੱਚ ਘੜੀ ਦੀ ਸੂਈ ਪ੍ਰੋਗਰਾਮ ਵਾਲੀ ਸਵੇਰ ਨੂੰ ਇੱਕ ਘੰਟਾ ਅੱਗੇ ਹੋ ਜਾਣ ਦਾ ਜ਼ਿਕਰ ਵੀ ਕੀਤਾ। ਨਾਲ ਹੀ ਕਿਹਾ ਕਿ ਮਾਂ ਬੋਲੀ ਦੇ ਪ੍ਰਸਾਰ ਲਈ ਇਸ ਤਰ੍ਹਾਂ ਦੀਆਂ ਮਹਿਫ਼ਲਾਂ ਸਜਦੀਆਂ ਰਹਿਣ, ਮਾਂ ਬੋਲੀ ਪੰਜਾਬੀ ਦੀ ਅਤੇ ਪੰਜਾਬੀ ਵਿਰਸੇ ਵਿਰਾਸਤ ਦੀ ਗੱਲ ਹੁੰਦਾ ਰਹੇ। ਵਾਹਿਗੁਰੂ ਕਰੇ ਮਹਿਫ਼ਲਾਂ ਸਜਦੀਆਂ ਰਹਿਣ ਤੇ ਦੁਨੀਆਂ ਭਰ ਵਿੱਚ ਲੱਗੀਆਂ ਜੰਗਾਂ ਰੁਕਣ ਹਰ ਪਾਸੇ ਪਿਆਰ, ਸ਼ਾਂਤੀ ਦਾ ਪਸਾਰਾ ਹੋਵੇ।

## ‘ਆਪ’ ਸਰਕਾਰ ਦੌਰਾਨ ਸਿੱਖਿਆ ਖੇਤਰ ਵਿੱਚ ਪੰਜਾਬ ਦੇ ਸਕੂਲਾਂ ਨੇ ਮਾਰੀ ਬਾਜ਼ੀ

# ਕੌਮੀ ਸਰਵੇਖਣ ਵਿੱਚ ਕੇਰਲਾ ਨੂੰ ਪਛਾੜ ਕੇ ਮੋਹਰੀ ਬਣਿਆ ਪੰਜਾਬ- ਭਗਵੰਤ ਸਿੰਘ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ "ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ" ਲੜੀ ਤਹਿਤ ਪੰਜਾਬ ਸਰਕਾਰ ਦੀ "ਸਿੱਖਿਆ ਕ੍ਰਾਂਤੀ" ਦਾ ਚਾਰ ਸਾਲਾਂ ਦਾ ਵਿਸਥਾਰਤ ਰਿਪੋਰਟ ਕਾਰਡ ਪੇਸ਼ ਕੀਤਾ। ਇਸ ਰਿਪੋਰਟ ਕਾਰਡ ਵਿੱਚ ਦੱਸਿਆ ਗਿਆ ਕਿ ਕਿਵੇਂ ਨਿਰੰਤਰ ਸੁਧਾਰਾਂ ਸਦਕਾ ਸਰਕਾਰੀ ਸਕੂਲਾਂ ਮਾਡਲ ਸੰਸਥਾਵਾਂ ਵਿੱਚ ਬਦਲ ਰਹੀਆਂ ਹਨ ਜਿਸ ਦੇ ਦੇਸ਼ ਭਰ ਵਿੱਚ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ। 'ਸਿੱਖਿਆ ਕ੍ਰਾਂਤੀ' ਨੂੰ ਪੰਜਾਬ ਦੇ ਵਿਕਾਸ ਦੀ ਰੀੜ੍ਹ ਦੀ ਹੱਡੀ ਦੱਸਦਿਆਂ ਮੁੱਖ ਮੰਤਰੀ ਨੇ ਕੌਮੀ ਮੁਲਾਂਕਣ ਵਿੱਚ ਚੋਟੀ ਦੀਆਂ ਦਰਜਾਬੰਦੀਆਂ, ਰਿਕਾਰਡ ਅਕਾਦਮਿਕ ਨਤੀਜੇ, ਜ਼ੀਰੋ ਪੇਪਰ ਲੀਕ ਅਤੇ ਬੁਨਿਆਦੀ ਢਾਂਚੇ ਅਤੇ ਅਧਿਆਪਕ ਸਿਖਲਾਈ ਵਿੱਚ ਕੀਤੇ ਬੇਮਿਸਾਲ ਨਿਵੇਸ਼ 'ਤੇ ਚਾਨਣਾ ਪਾਇਆ।ਮੁੱਖ ਮੰਤਰੀ ਨੇ ਕਿਹਾ ਕਿ ਇਸ ਤਬਦੀਲੀ ਨੂੰ ਯਕੀਨੀ ਬਣਾਉਣ ਲਈ ਵਿਆਪਕ ਵਿੱਤੀ ਪ੍ਰਬੰਧ ਕੀਤੇ ਗਏ ਹਨ। ਸਾਲ 2021-22 ਵਿੱਚ ਸਿੱਖਿਆ ਬਜਟ 12,657 ਕਰੋੜ ਰੁਪਏ ਸੀ ਜੋ 2026-27 ਵਿੱਚ ਵਧਾ ਕੇ 19,279 ਕਰੋੜ ਰੁਪਏ ਕੀਤਾ ਗਿਆ ਹੈ ਜੋ 'ਆਪ' ਸਰਕਾਰ ਵੱਲੋਂ ਇਸ ਖੇਤਰ ਨੂੰ ਦਿੱਤੀ ਜਾ ਰਹੀ ਤਰਜੀਹ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਿੱਖਿਆ ਰਿਪੋਰਟ ਕਾਰਡ ਨਿਰੰਤਰ ਜਵਾਬਦੇਹੀ ਪ੍ਰਕਿਰਿਆ ਦਾ ਹਿੱਸਾ ਹੈ। ਇਸ ਤੋਂ ਪਹਿਲਾ ਸਿੰਚਾਈ, ਸਿਹਤ, ਖੇਡਾਂ ਅਤੇ ਕਾਨੂੰਨ ਵਿਵਸਥਾ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਵੀ ਚਾਰ ਸਾਲਾਂ ਦੀ ਕਾਰਗੁਜ਼ਾਰੀ ਸਬੰਧੀ ਅਜਿਹਾ ਰਿਪੋਰਟ ਕਾਰਡ ਪੇਸ਼ ਕੀਤਾ ਗਿਆ ਅਤੇ ਇਹ ਨਤੀਜੇ ਸ਼ਾਸਨ ਦੇ ਸਾਰੇ ਹਿੱਸਿਆਂ ਵਿੱਚ ਸਰਕਾਰ ਵੱਲੋਂ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਨੂੰ ਦਰਸਾਉਂਦੇ ਹਨ।ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਕੂਲ ਤੇ ਉਚੇਰੀ ਸਿੱਖਿਆ ਵਿੱਚ ਕੀਤੇ ਵਿਆਪਕ ਸੁਧਾਰਾਂ ਦੀ ਰੂਪ-ਰੇਖਾ ਪੇਸ਼ ਕੀਤੀ ਜਿਸ ਵਿੱਚ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਢਾਂਚਾਗਤ ਸੁਧਾਰਾਂ, ਰਿਕਾਰਡ ਨਿਵੇਸ਼ ਅਤੇ ਨਤੀਜਿਆਂ ਨੂੰ ਉਜਾਗਰ ਕੀਤਾ ਗਿਆ। ਉਨ੍ਹਾਂ ਕਿਹਾ, "ਸਿੱਖਿਆ ਨੂੰ ਤਰਜੀਹ ਦੇਣ ਵਾਲੇ ਦੇਸ਼ਾਂ ਨੇ ਹਰ ਖੇਤਰ ਵਿੱਚ ਤਰੱਕੀ ਕੀਤੀ ਹੈ। ਸਾਡੇ ਦੇਸ਼ ਵਿੱਚ ਸਿੱਖਿਆ ਨੂੰ ਨਿੱਜੀ ਅਤੇ ਸਰਕਾਰੀ ਸਕੂਲਾਂ ਵਿੱਚ ਵੰਡਿਆ ਗਿਆ ਸੀ, ਜਿਸ ਨਾਲ ਸਿੱਖਿਆ ਵਿੱਚ ਡੂੰਘਾ ਪਾੜਾ ਪੈਦਾ ਹੋਇਆ। ਪਿਛਲੀਆਂ ਸਰਕਾਰਾਂ ਨੇ ਸਕੂਲਾਂ ਨੂੰ ਸਿਰਫ ਮਿਡ ਡੇ ਮੀਲ ਦੇ ਕੇਂਦਰਾਂ ਤੱਕ ਸੀਮਿਤ ਕਰ ਦਿੱਤਾ ਪਰ ਸਾਡੀ ਸਰਕਾਰ ਨੇ ਪੂਰੀ ਪ੍ਰਣਾਲੀ ਨੂੰ ਬਦਲ ਦਿੱਤਾ ਹੈ।"ਮੁੱਖ ਮੰਤਰੀ ਨੇ ਕਿਹਾ, “ਸਰਕਾਰੀ ਸਕੂਲਾਂ ਵਿੱਚ ਹੁਣ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ ਜਿਸ ਨਾਲ ਮਾਪਿਆਂ ਨੂੰ ਬਿਹਤਰ ਬਦਲ ਮਿਲੇਗਾ। ਇਕ ਅਪ੍ਰੈਲ ਤੋਂ ਮਾਪਿਆਂ ਨੂੰ ਉਨ੍ਹਾਂ ਦੇ ਬੱਚੇ ਦੀ ਸਕੂਲ ਤੋਂ ਗੈਰ-ਹਾਜ਼ਰੀ ਅਤੇ ਅਧਿਆਪਕਾਂ ਦੀ ਛੁੱਟੀ ਬਾਰੇ ਵੀ ਸੂਚਿਤ ਕੀਤਾ ਜਾਵੇਗਾ, ਜਿਸ ਨਾਲ ਹਰ ਪੱਧਰ 'ਤੇ ਜਵਾਬਦੇਹੀ ਯਕੀਨੀ ਬਣਾਈ ਜਾ ਸਕੇਗੀ। ਕਈ ਹੋਰ ਸੂਬਿਆਂ ਖਾਸ ਕਰਕੇ ਗੁਜਰਾਤ ਦੇ ਉਲਟ, ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਇੱਕ ਵੀ ਪੇਪਰ ਲੀਕ ਦੀ ਘਟਨਾ ਸਾਹਮਣੇ ਨਹੀਂ ਆਈ ਜੋ ਕਿ ਬੇਹੱਦ ਮਾਣ ਵਾਲੀ ਗੱਲ ਹੈ।”ਪ੍ਰਸ਼ਾਸਨ ਵਿੱਚ ਸਿੱਖਿਆ ਨੂੰ ਤਰਜੀਹ ਦੇਣ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, “ਸਿੱਖਿਆ ਕਿਸੇ ਵੀ ਸੂਬੇ ਜਾਂ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਸਭ ਤੋਂ ਵੱਧ ਯੋਗਦਾਨ ਪਾਉਂਦੀ ਹੈ। ਪਿਛਲੇ ਚਾਰ ਸਾਲਾਂ ਵਿੱਚ ਅਸੀਂ ਇਸ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਪਹਿਲਾਂ, 'ਸਮਾਰਟ ਸਕੂਲ' ਦੇ ਨਾਮ ਹੇਠ ਲੋਕਾਂ ਅਤੇ ਮਾਸੂਮ ਬੱਚਿਆਂ ਨੂੰ ਗੁੰਮਰਾਹ ਕੀਤਾ ਗਿਆ ਸੀ। ਸਕੂਲਾਂ ਨੂੰ ਸਿਰਫ਼ ਪੇਂਟ ਕਰਕੇ ਸੁੰਦਰ ਬਣਾਇਆ ਜਾਂਦਾ ਸੀ ਪਰ ਇਹਨਾਂ ਵਿੱਚ ਢੁਕਵੀਆਂ ਸਹੂਲਤਾਂ ਜਾਂ ਅਧਿਆਪਕਾਂ ਦੀ ਘਾਟ ਰਹਿੰਦੀ ਸੀ। ਅੱਜ ਪੰਜਾਬ ਦੇ ਸਰਕਾਰੀ ਸਕੂਲ ਨਿੱਜੀ ਸੰਸਥਾਵਾਂ ਦੇ ਬਰਾਬਰ ਖੜ੍ਹੇ ਹਨ ਅਤੇ ਸਾਡੇ ਸਿੱਖਿਆ ਮਾਡਲ ਦੀ ਚਰਚਾ ਦੇਸ਼ ਭਰ ਵਿੱਚ ਹੋ ਰਹੀ ਹੈ।”ਸਿੱਖਿਆ ਲਈ ਵਿੱਤੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, “ਵਿੱਤੀ ਸਾਲ 2026-27 ਲਈ 19,279 ਕਰੋੜ ਰੁਪਏ ਦਾ ਬਜਟ ਅਲਾਟ ਕੀਤਾ ਗਿਆ ਹੈ ਜੋ ਕਿ ਪਿਛਲੇ ਸਾਲ ਨਾਲੋਂ 7 ਫੀਸਦ ਵੱਧ ਹੈ।

ਅਸੀਂ 3,500 ਕਰੋੜ ਰੁਪਏ ਨਾਲ ਸਿੱਖਿਆ ਕ੍ਰਾਂਤੀ ਦੇ ਦੂਜੇ ਪੜਾਅ ਦੀ ਸ਼ੁਰੂਆਤ ਕਰ ਰਹੇ ਹਾਂ। ਇਸ ਤਹਿਤ ਵਿਸ਼ਵ ਬੈਂਕ ਨਾਲ ਭਾਈਵਾਲੀ ਕੀਤੀ ਗਈ ਹੈ, ਜੋ ਇਸ ਨੂੰ ਸਭ ਤੋਂ ਵੱਡਾ ਸਿੱਖਿਆ ਸੁਧਾਰ ਪ੍ਰੋਗਰਾਮ ਬਣਾਉਂਦਾ ਹੈ।”ਮੁੱਖ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, “ਨੈਸ਼ਨਲ ਅਚੀਵਮੈਂਟ ਸਰਵੇ-2024 ਵਿੱਚ ਪੰਜਾਬ ਨੇ ਕੇਰਲਾ ਨੂੰ ਵੀ ਪਛਾੜ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ ਜਦੋਂ ਕਿ ਗੁਜਰਾਤ 16ਵੇਂ ਅਤੇ ਹਰਿਆਣਾ ਲਗਭਗ 7ਵੇਂ ਜਾਂ 8ਵੇਂ ਸਥਾਨ 'ਤੇ ਹੈ। ਇਹ ਪ੍ਰਾਪਤੀ ਸਾਡੇ ਸਰਕਾਰੀ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਹੈ।”ਉਨ੍ਹਾਂ ਕਿਹਾ, “ਹਾਲ ਹੀ ਦੇ ਸਾਲਾਂ ਵਿੱਚ 740 ਵਿਦਿਆਰਥੀਆਂ ਨੇ ਜੇ.ਈ.ਈ. ਪ੍ਰੀਖਿਆ ਅਤੇ 1284 ਨੇ ਨੀਟ ਪ੍ਰੀਖਿਆ ਪਾਸ ਕੀਤੀ ਹੈ। ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਸਰਵੇਖਣ ਵਿੱਚ ਰਾਸ਼ਟਰੀ ਔਸਤ ਨਾਲੋਂ 18 ਫੀਸਦ ਵੱਧ ਅੰਕ ਪ੍ਰਾਪਤ ਕੀਤੇ ਹਨ।”ਸੰਸਥਾਗਤ ਵਿਸਥਾਰ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, “118 ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਜਾ ਰਹੇ ਹਨ, ਜਿਨ੍ਹਾਂ ਵਿੱਚੋਂ 60 ਪਹਿਲਾਂ ਹੀ ਕਾਰਜਸ਼ੀਲ ਹਨ। ਇਹ ਸਕੂਲ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਯੋਗਤਾਵਾਂ ਅਤੇ ਰੁਚੀਆਂ ਦੇ ਅਨੁਸਾਰ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਮਦਦ ਕਰ ਰਹੇ ਹਨ। ਪਹਿਲੀ ਵਾਰ 24 ਲੱਖ ਮਾਪਿਆਂ ਨੇ ਮੈਗਾ ਪੀ.ਟੀ.ਐਮ. ਵਿੱਚ ਹਿੱਸਾ ਲਿਆ ਹੈ।”ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਸਕੂਲਾਂ ਵਿੱਚ 30,000 ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਪ੍ਰਦਾਨ ਕੀਤੀਆਂ ਗਈਆਂ ਹਨ ਅਤੇ ਮੈਡੀਕਲ ਤੇ ਨਾਨ-ਮੈਡੀਕਲ ਸਮੇਤ ਹਰ ਸਟਰੀਮ ਦੀ ਪੜ੍ਹਾਈ ਉਪਲਬਧ ਹੈ। ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਆਰਮਡ ਫੋਰਸਿਜ਼ ਪ੍ਰੈਪਰੇਟਰੀ, ਨੀਟ, ਜੇ.ਈ.ਈ., ਅਤੇ ਕਲੈਟ ਵਰਗੀਆਂ ਪ੍ਰੀਖਿਆਵਾਂ ਲਈ ਕੋਚਿੰਗ ਵੀ ਪ੍ਰਦਾਨ ਕੀਤੀ ਜਾ ਰਹੀ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਤੋਂ ਇਲਾਵਾ ਸਕੂਲ ਆਫ਼ ਐਮੀਨੈਂਸ ਅਤੇ ਸਰਕਾਰੀ ਸਕੂਲਾਂ ਵਿੱਚ ਲੜਕੀਆਂ ਲਈ ਮੁਫ਼ਤ ਬੱਸ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ ਤਾਂ ਜੋ ਕੋਈ ਵੀ ਲੜਕੀ ਸਿੱਖਿਆ ਤੋਂ ਵਾਂਝੀ ਨਾ ਰਹੇ, ਜਿਸ ਦਾ ਲਗਭਗ 15,500 ਵਿਦਿਆਰਥੀ ਲਾਭ ਉਠਾ ਰਹੇ ਹਨ।ਉਨ੍ਹਾਂ ਅੱਗੇ ਕਿਹਾ ਕਿ ਅਪ੍ਰੈਲ 2022 ਤੋਂ 14,525 ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ ਅਤੇ ਸਿੱਖਿਆ ਵਿਭਾਗ ਦੇ 12,316 ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕੀਤਾ ਗਿਆ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਅਸੀਂ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਲਈ ਵਿਸ਼ਵ ਪੱਧਰੀ ਸਿਖਲਾਈ ਵੀ ਯਕੀਨੀ ਬਣਾ ਰਹੇ ਹਾਂ।ਸਮਰੱਥਾ ਨਿਰਮਾਣ ਬਾਰੇ ਵਿਸਥਾਰ ਵਿੱਚ ਦੱਸਦਿਆਂ ਉਨ੍ਹਾਂ ਕਿਹਾ ਕਿ ਇਸ ਉਦੇਸ਼ ਲਈ 264 ਸਿੱਖਿਆ ਅਧਿਕਾਰੀਆਂ, ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦੇ ਅੱਠ ਬੈਚ ਸਿੰਗਾਪੁਰ ਭੇਜੇ ਗਏ ਹਨ। ਇਸ ਦੇ ਨਾਲ ਹੀ 216 ਪ੍ਰਾਇਮਰੀ ਅਧਿਆਪਕਾਂ ਦੇ ਤਿੰਨ ਬੈਚ ਫਿਨਲੈਂਡ ਦੇ ਤੁਰਕੂ ਵਿਖੇ ਸਿਖਲਾਈ ਲਈ ਭੇਜੇ ਗਏ। ਪੰਜ ਬੈਚ ਆਈ.ਆਈ.ਐਮ. ਅਹਿਮਦਾਬਾਦ ਭੇਜੇ ਗਏ, ਜਿੱਥੇ 249 ਮੁੱਖ ਅਧਿਆਪਕਾਂ ਨੇ ਲੀਡਰਸ਼ਿਪ ਸਿਖਲਾਈ ਹਾਸਲ ਕੀਤੀ। ਅੰਮ੍ਰਿਤਸਰ ਦੇ ਸੈਂਸਰਾ ਕਲਾਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਸਾਇੰਸ ਅਧਿਆਪਕਾ ਗਗਨਦੀਪ ਕੌਰ ਨੇ ਕੈਲੀਫੋਰਨੀਆ ਸਟੇਟ ਯੂਨੀਵਰਸਿਟੀ, ਅਮਰੀਕਾ ਵਿਖੇ ਦੋ ਮਹੀਨਿਆਂ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜੋ ਸਾਡੇ ਅਧਿਆਪਕਾਂ ਦੇ ਸਮਰਪਣ ਅਤੇ ਸਮਰੱਥਾ ਨੂੰ ਦਰਸਾਉਂਦਾ ਹੈ।ਬੁਨਿਆਦੀ ਢਾਂਚੇ ਅਤੇ ਸੁਰੱਖਿਆ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਸੀਂ ਸਰਕਾਰੀ ਸਕੂਲਾਂ ਵਿੱਚ ਸਹੀ ਰੱਖ-ਰਖਾਅ ਅਤੇ ਸੁਰੱਖਿਆ ਨੂੰ ਯਕੀਨੀ ਬਣਾ ਰਹੇ ਹਾਂ। ਇਸ ਉਦੇਸ਼ ਲਈ ਕੁੱਲ 1,932 ਕੈਂਪਸ ਮੈਨੇਜਰ, 1,323 ਸੁਰੱਖਿਆ ਗਾਰਡ, 7,876 ਸਫਾਈ ਕਰਮਚਾਰੀ ਅਤੇ 1,792 ਚੌਕੀਦਾਰ ਭਰਤੀ ਕੀਤੇ ਗਏ ਹਨ। ਇਸ ਦੇ ਨਾਲ ਹੀ 20 ਕਰੋੜ ਰੁਪਏ ਦੇ ਬਜਟ ਨਾਲ ਸਾਰੇ ਸਰਕਾਰੀ ਸਕੂਲਾਂ ਵਿੱਚ ਹਾਈ-ਸਪੀਡ ਫਾਈਬਰ ਵਾਈ-ਫਾਈ ਸਹੂਲਤ ਦਿੱਤੀ ਗਈ ਹੈ, ਜਿਸ ਨਾਲ ਪੰਜਾਬ ਇਹ ਪਹਿਲਕਦਮੀ ਕਰਨ ਵਾਲਾ ਦੇਸ਼ ਦਾ ਇਕਲੌਤਾ ਸੂਬਾ ਬਣ ਗਿਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਦੇ ਨਾਲ ਹੀ ਨਵੇਂ ਕਲਾਸਰੂਮ, ਸਾਇੰਸ ਲੈਬਾਟਰੀਆਂ, ਕੰਪਿਊਟਰ ਲੈਬਾਂ, ਬਹੁ-ਮੰਤਵੀ ਕਮਰੇ, ਰਸੋਈਆਂ, ਮੈਡੀਕਲ ਕਮਰੇ, ਹੈੱਡ ਰੂਮ, ਖੇਡ ਦੇ ਮੈਦਾਨ ਅਤੇ ਮੁੰਡਿਆਂ ਤੇ ਕੁੜੀਆਂ ਲਈ ਵੱਖਰੇ ਪਖਾਨੇ ਬਣਾਏ ਗਏ ਹਨ। ਵਿਦਿਆਰਥੀਆਂ ਨੂੰ ਹੁਣ ਸਮੇਂ ਸਿਰ ਕਿਤਾਬਾਂ ਮਿਲਦੀਆਂ ਹਨ ਅਤੇ ਮੁਫਤ ਵਰਦੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ 25 ਸਰਕਾਰੀ ਸਕੂਲਾਂ ਦਾ ਨਾਮ ਸ਼ਹੀਦਾਂ, ਆਜ਼ਾਦੀ ਘੁਲਾਟੀਆਂ ਅਤੇ ਉੱਘੀਆਂ ਸ਼ਖਸੀਅਤਾਂ ਦੇ ਨਾਮ 'ਤੇ ਰੱਖਿਆ ਗਿਆ ਹੈ।ਨਵੀਨਤਾ ਤੇ ਖੋਜ ਦੀ ਦਿਸ਼ਾ ਵਿੱਚ ਚੁੱਕੇ ਕਦਮਾਂ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਬਿਜ਼ਨਸ ਬਲਾਸਟਰ ਸਕੀਮ ਵਿਦਿਆਰਥੀਆਂ ਵਿੱਚ ਉੱਦਮੀ ਸੋਚ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਨੇ ਆਪਣੇ ਨਵੀਨਤਮ ਸੋਚ ਤੇ ਵਿਚਾਰਾਂ ਰਾਹੀਂ ਸਮੂਹਿਕ ਤੌਰ 'ਤੇ 70 ਕਰੋੜ ਰੁਪਏ ਕਮਾਏ ਹਨ। ਪੰਜਾਬ ਪਹਿਲਾ ਸੂਬਾ ਹੈ ਜਿਸ ਨੇ 11ਵੀਂ ਜਮਾਤ ਵਿੱਚ ਉੱਦਮਤਾ ਨੂੰ ਇੱਕ ਵਿਸ਼ੇ ਵਜੋਂ ਪੇਸ਼ ਕੀਤਾ ਹੈ।


JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference
BARKLEY
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ ॥ ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ ॥



# ਕੈਲੀਫੋਰਨੀਆ ਦੀ ਧਰਤੀ 'ਤੇ ਪਹਿਲੀ ਵਾਰ

## ਸੈਕਰਾਮੈਂਟੋ ਦੇ ਕੈਪੀਟਲ ਗਰਾਉਂਡ 'ਚ ਬੜੀ ਸ਼ਰਧਾ, ਭਾਵਨਾ ਤੇ ਧੂਮਧਾਮ ਨਾਲ ਸਿੱਖ ਪੰਥ ਵੱਲੋਂ

# ਖਾਲਸਾ ਸਾਜਨਾ ਦਿਵਸ 2026

ਸ਼ਾਨੋ-ਸ਼ੌਕਤ ਤੇ ਚੜ੍ਹਦੀ ਕਲਾ ਨਾਲ ਮਨਾਇਆ ਜਾ ਰਿਹਾ ਹੈ।

## ਇਹ ਸਿਰਫ਼ ਇੱਕ ਸਮਾਗਮ ਨਹੀਂ...

### ਇਹ ਸਾਡੀ ਪਛਾਣ, ਸਾਡੀ ਏਕਤਾ ਤੇ ਸਾਡੀ ਵਿਰਾਸਤ ਦਾ ਪ੍ਰਤੀਕ ਹੈ।



**ਮਿਤੀ: 18 ਅਪ੍ਰੈਲ 2026, ਸ਼ਨੀਵਾਰ**

**ਸਮਾਂ: ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ**

ਸਾਰੀ ਸੰਗਤ ਨੂੰ State Capital of California, Sacramento 'ਚ ਪਹੁੰਚਣ ਲਈ ਨਿਮਰ ਸੱਦਾ ਦਿੱਤਾ ਜਾਂਦਾ ਹੈ।

## ਆਓ, ਇਸ ਇਤਿਹਾਸਿਕ ਦਿਹਾੜੇ ਨੂੰ ਮਿਲ ਕੇ ਮਨਾਈਏ...

ਕੀਰਤਨ, ਅਰਦਾਸ ਤੇ ਗੁਰੂ ਸਾਹਿਬ ਦੀ ਬਾਣੀ ਨਾਲ ਜੀਵਨ ਨੂੰ ਨਿਹਾਲ ਕਰੀਏ।
ਅਮਰੀਕਨ ਭਾਈਚਾਰੇ ਨਾਲ ਸਿੱਖ ਧਰਮ ਦੀਆਂ ਮਹਾਨ ਸਿੱਖਿਆਵਾਂ ਸਾਂਝੀਆਂ ਕਰੀਏ।

**ਗੁਰੂ ਕੇ ਲੰਗਰ ਦੀ ਸੇਵਾ :**

ਸਮੂਹ ਮਹਿੰਦਰ ਸਿੰਘ ਢੰਡਾ ਪਰਿਵਾਰ,
ਸਮੂਹ ਮਲਕੀਤ ਸਿੰਘ ਜੌਹਲ ਪਰਿਵਾਰ,
ਸਮੂਹ ਨੌਜਵਾਨ ਵੀਰ (ਕਰਨਾਲ)

**ਸੰਗਤ ਦੀ ਸਹੂਲਤ ਲਈ :**

## ਸ. ਨਰਿੰਦਰ ਸਿੰਘ ਥਾਂਦੀ

(ਪ੍ਰਧਾਨ ਗੁ. ਵੈਸਟ ਸੈਕਰਾਮੈਂਟੋ) ਵਲੋਂ

**ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ**

ਗੁਰਦੁਆਰਾ ਸਾਹਿਬ ਤੋਂ ਕੈਪੀਟਲ ਗਰਾਉਂਡ ਤੱਕ
ਫ੍ਰੀ ਬੱਸ ਸੇਵਾ ਉਪਲੱਬਧ ਹੋਵੇਗੀ।

**ਖਾਸ ਬੇਨਤੀ :** ਸਾਰੇ ਵੀਰ ਬਸੰਤੀ ਰੰਗ ਦੀਆਂ ਪੱਗਾਂ, ਬੀਬੀਆਂ ਬਸੰਤੀ ਰੰਗ ਦੇ ਦੁਪੱਟੇ ਪਹਿਨ ਕੇ ਆਉਣ ਤਾਂ ਜੋ ਖਾਲਸੇ ਦੀ ਸ਼ਾਨ ਹੋਰ ਵੀ ਨਿਖਰੇ।

**ਸਹਿਯੋਗੀ ਸੰਸਥਾਵਾਂ :**
• ਗੁਰਦੁਆਰਾ ਪ੍ਰਬੰਧਕ ਕਮੇਟੀ ਵੈਸਟ ਸੈਕਰਾਮੈਂਟੋ • ਇਲਾਕੇ ਦੀਆਂ ਗੁਰਦੁਆਰਾ ਕਮੇਟੀਆਂ • ਕੈਲੀਫੋਰਨੀਆ ਸਿੱਖ ਯੂਥ ਐਲਾਇਨਸ
• ਸਮੂਹ ਸਾਧ ਸੰਗਤ • ਨੌਜਵਾਨ ਵੀਰ (ਕਰਨਾਲ) • Bhagat Puran Singh Health Initiative

## ਵਧੇਰੇ ਜਾਣਕਾਰੀ ਲਈ : 916-600-1435


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

# ਅਮਰੀਕਾ ਨੇ ਏਅਰਸਟ੍ਰਾਈਕ 'ਚ ਈਰਾਨੀ ਜਹਾਜ਼ ਮਾਰ ਸੁੱਟਿਆ, ਮਦਦ ਲੈਣ ਲਈ ਆ ਰਿਹਾ ਸੀ ਭਾਰਤ

ਤਹਿਰਾਨ
ਸਾਂਝੀ ਸੋਚ ਬਿਊਰੋ




ਅਮਰੀਕੀ ਹਵਾਈ ਹਮਲਿਆਂ ਵਿੱਚ ਇੱਕ ਈਰਾਨੀ ਜਹਾਜ਼ ਨੂੰ ਨੁਕਸਾਨ ਪਹੁੰਚਿਆ ਹੈ। ਜਹਾਜ਼ ਸਹਾਇਤਾ ਸਮੱਗਰੀ ਇਕੱਠੀ ਕਰਨ ਲਈ ਭਾਰਤ ਆ ਰਿਹਾ ਸੀ। ਈਰਾਨੀ ਅਧਿਕਾਰੀਆਂ ਨੇ ਕਿਹਾ ਕਿ ਸੋਮਵਾਰ ਨੂੰ ਈਰਾਨ ਦੇ ਮਸ਼ਹਦ ਹਵਾਈ ਅੱਡੇ 'ਤੇ ਅਮਰੀਕੀ ਹਵਾਈ ਹਮਲੇ ਵਿੱਚ 'ਮਹਾਨ ਏਅਰ' ਦਾ ਇੱਕ ਜਹਾਜ਼ ਨੁਕਸਾਨਿਆ ਗਿਆ ਸੀ, ਜਿਸ ਨਾਲ ਭਾਰਤ ਤੋਂ ਮਨੁੱਖੀ ਸਹਾਇਤਾ ਮਿਸ਼ਨ ਵਿੱਚ ਰੁਕਾਵਟ ਆ ਸਕਦੀ ਹੈ। ਉਨ੍ਹਾਂ ਕਿਹਾ ਕਿ ਜਹਾਜ਼ ਇਸ ਹਫ਼ਤੇ ਨਵੀਂ ਦਿੱਲੀ ਲਈ ਉਡਾਣ ਭਰਨ ਵਾਲਾ ਸੀ ਤਾਂ ਜੋ ਈਰਾਨੀ ਲੋਕਾਂ ਨੂੰ ਜ਼ਰੂਰੀ ਡਾਕਟਰੀ ਸਪਲਾਈ ਅਤੇ ਸਹਾਇਤਾ ਮਿਲ ਸਕੇ।

ਹਾਲਾਂਕਿ, ਅਮਰੀਕੀ ਅਧਿਕਾਰੀਆਂ ਨੇ ਅਜੇ ਤੱਕ ਇਸ ਦਾਅਵੇ ਦੀ ਪੁਸ਼ਟੀ ਨਹੀਂ ਕੀਤੀ ਹੈ।ਅਮਰੀਕੀ ਹਵਾਈ ਹਮਲੇ ਦਾ ਨਿਸ਼ਾਨਾ ਬਣਿਆ ਈਰਾਨੀ ਜਹਾਜ਼ 1 ਅਪ੍ਰੈਲ ਨੂੰ ਨਵੀਂ ਦਿੱਲੀ ਪਹੁੰਚਣ ਵਾਲਾ ਸੀ। ਭਾਰਤ ਨੇ 18 ਮਾਰਚ ਨੂੰ ਈਰਾਨੀ ਰੈੱਡ ਕ੍ਰੀਸੈਂਟ ਸੋਸਾਇਟੀ ਰਾਹੀਂ ਈਰਾਨ ਨੂੰ ਡਾਕਟਰੀ ਸਪਲਾਈ ਦੀ ਪਹਿਲੀ ਖੇਪ ਭੇਜੀ ਸੀ। ਨਵੀਂ ਦਿੱਲੀ ਵਿੱਚ ਈਰਾਨੀ ਦੂਤਾਵਾਸ ਨੇ ਭਾਰਤ ਦੇ ਲੋਕਾਂ ਦਾ ਉਨ੍ਹਾਂ ਦੀ ਸਹਾਇਤਾ ਲਈ ਧੰਨਵਾਦ ਕੀਤਾ। ਉਦੋਂ ਤੋਂ, ਲੋਕ ਕਈ ਸ਼ਹਿਰਾਂ ਵਿੱਚ ਈਰਾਨੀ ਲੋਕਾਂ ਦੀ ਮਦਦ ਲਈ ਸਹਾਇਤਾ ਅਤੇ ਰਾਹਤ ਸਮੱਗਰੀ ਦਾਨ ਕਰ ਰਹੇ ਹਨ।ਮਸ਼ਹਦ ਹਵਾਈ ਅੱਡਾ ਈਰਾਨ ਦੇ ਰਜ਼ਾਵੀ ਖੁਰਾਸਾਨ ਸੂਬੇ ਦੇ ਮਸ਼ਹਦ ਵਿੱਚ ਸਥਿਤ ਇੱਕ ਅੰਤਰਰਾਸ਼ਟਰੀ ਹਵਾਈ ਅੱਡਾ ਹੈ। ਹਵਾਈ ਅੱਡਾ ਨਾਗਰਿਕ ਅਤੇ ਫੌਜੀ ਦੋਵਾਂ ਉਦੇਸ਼ਾਂ ਦੀ ਪੂਰਤੀ ਕਰਦਾ ਹੈ, ਜਿਸ ਕਾਰਨ ਇਹ ਅਮਰੀਕੀ ਫੌਜ ਲਈ ਨਿਸ਼ਾਨੇ 'ਤੇ ਸੀ। ਈਰਾਨੀ ਅਧਿਕਾਰੀਆਂ ਨੇ ਕਿਹਾ ਕਿ ਮਸ਼ਹਦ ਹਵਾਈ ਅੱਡੇ 'ਤੇ ਅਮਰੀਕੀ ਹਮਲੇ ਤੋਂ ਬਾਅਦ ਜਹਾਜ਼ ਨੂੰ ਨੁਕਸਾਨ ਪਹੁੰਚਿਆ ਹੈ। ਅਮਰੀਕਾ ਅਤੇ ਇਜ਼ਰਾਈਲ ਲਗਾਤਾਰ ਇਜ਼ਰਾਈਲੀ ਫੌਜੀ ਠਿਕਾਣਿਆਂ ਨੂੰ ਨਿਸ਼ਾਨਾ ਬਣਾ ਰਹੇ ਹਨ। ਈਰਾਨ-ਅਮਰੀਕਾ ਜੰਗ ਨੇ ਹੁਣ ਤੱਕ ਈਰਾਨ ਵਿੱਚ 3,000 ਤੋਂ ਵੱਧ ਲੋਕਾਂ ਦੀ ਜਾਨ ਲੈ ਲਈ ਹੈ, ਜਿਸ ਵਿੱਚ ਅਲੀ ਹੁਸੈਨੀ ਖਮੇਨੀ ਵੀ ਸ਼ਾਮਲ ਹਨ।

# ਦਿਵਿਆਂਗ ਵਿਅਕਤੀਆਂ ਅਤੇ ਆਂਗਣਵਾੜੀ ਵਰਕਰਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਸਰਕਾਰ ਵਚਨਬੱਧ- ਡਾ. ਬਲਜੀਤ ਕੌਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹੋਰ ਵਰਗਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਉਥੇ ਹੀ ਦਿਵਿਆਂਗ ਵਿਅਕਤੀਆਂ ਅਤੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਲਾਈ ਲਈ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਦਿਵਿਆਂਗ ਵਿਅਕਤੀਆਂ, ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣ ਕੇ ਉਨ੍ਹਾਂ ਦਾ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਪੰਜਾਬ ਭਵਨ, ਚੰਡੀਗੜ੍ਹ ਵਿਖੇ ਦਿਵਿਆਂਗ ਯੂਨੀਅਨਾਂ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਯੂਨੀਅਨਾਂ ਨਾਲ ਮੀਟਿੰਗ ਦੀ ਅਗਵਾਈ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਦੋਵੇਂ ਵਰਗ ਰਾਜ ਦੇ ਸਮਾਜਿਕ ਭਲਾਈ ਢਾਂਚੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿੱਥੇ ਆਂਗਣਵਾੜੀ ਵਰਕਰ ਅਤੇ ਹੈਲਪਰ ਬੱਚਿਆਂ ਅਤੇ ਮਹਿਲਾਵਾਂ ਦੀ ਭਲਾਈ ਲਈ ਜ਼ਮੀਨੀ ਪੱਧਰ 'ਤੇ ਮਹੱਤਵਪੂਰਨ ਸੇਵਾਵਾਂ ਦੇ ਰਹੇ ਹਨ, ਉੱਥੇ ਦਿਵਿਆਂਗ ਵਿਅਕਤੀਆਂ ਦੀ ਭਲਾਈ ਅਤੇ ਸਸ਼ਕਤੀਕਰਨ ਵੀ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਮੰਤਰੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਯੂਨੀਅਨਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਵਿਭਾਗ ਅਤੇ ਯੂਨੀਅਨਾਂ ਦਰਮਿਆਨ ਸਾਰਥਕ ਚਰਚਾ ਹੋਈ। ਉਨ੍ਹਾਂ ਕਿਹਾ ਕਿ ਜਿਹੜੀਆਂ ਮੰਗਾਂ ਵਿਭਾਗੀ ਪੱਧਰ 'ਤੇ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਤੁਰੰਤ ਨਿਪਟਾਇਆ ਜਾਵੇਗਾ, ਜਦਕਿ ਹੋਰ ਮਸਲਿਆਂ ਨੂੰ ਸਰਕਾਰ ਪੱਧਰ 'ਤੇ ਟੇਕ-ਅੱਪ ਕਰਕੇ ਜਲਦ ਹੱਲ ਕਰਨ ਲਈ ਯਤਨ ਕੀਤੇ ਜਾਣਗੇ।ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਕੇਂਦਰਿਤ ਪਹੁੰਚ ਨਾਲ ਕਲਿਆਣਕਾਰੀ ਵਰਗਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਆਂਗਣਵਾੜੀ ਵਰਕਰਾਂ, ਹੈਲਪਰਾਂ ਅਤੇ ਦਿਵਿਆਂਗ ਵਿਅਕਤੀਆਂ ਦੀਆਂ ਜਾਇਜ਼ ਮੰਗਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਭਲਾਈ ਲਈ ਹੋਰ ਠੋਸ ਕਦਮ ਚੁੱਕੇ ਜਾਣਗੇ।ਇਸ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਸਕੱਤਰ ਗੁਰਕੀਰਤ ਕ੍ਰਿਪਾਲ ਸਿੰਘ, ਡਾਇਰੈਕਟਰ ਸ਼ੇਨਾ ਅਗਰਵਾਲ, ਡਿਪਟੀ ਡਾਇਰੈਕਟਰਾਂ ਸਮੇਤ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਸਿਲੰਡਰ ਦੀ ਡਿਲੀਵਰੀ ਵਿੱਚ ਹੋ ਰਹੀ ਦੇਰੀ ਪੜ੍ਹੋ ਹੁਣ ਕਿੰਨੇ ਦਿਨਾਂ 'ਚ ਮਿਲੇਗੀ ਡਿਲੀਵਰੀ

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ



ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਇੱਕ ਵਾਰ ਫਿਰ ਸਪੱਸ਼ਟ ਕੀਤਾ ਹੈ ਕਿ ਐਲਪੀਜੀ ਗੈਸ ਦੀ ਕੋਈ ਕਮੀ ਨਹੀਂ ਹੈ। ਹਾਲਾਂਕਿ, ਸਿਲੰਡਰ ਡਿਲੀਵਰੀ ਵਿੱਚ ਥੋੜ੍ਹੀ ਦੇਰੀ ਹੋ ਰਹੀ ਹੈ। ਇਸ ਦੌਰਾਨ ਉਨ੍ਹਾਂ ਕਿਹਾ ਕਿ ਖਾੜੀ ਦੇਸ਼ਾਂ ਵਿੱਚ ਵਧਦੇ ਤਣਾਅ ਨੇ ਸਪਲਾਈ ਲੜੀ ਨੂੰ ਥੋੜ੍ਹਾ ਪ੍ਰਭਾਵਿਤ ਕੀਤਾ ਹੈ।ਇੱਕ ਮੀਡੀਆ ਗੱਲਬਾਤ ਦੌਰਾਨ, ਸੁਜਾਤਾ ਸ਼ਰਮਾ ਨੇ ਦੱਸਿਆ ਕਿ ਪਿਛਲੇ ਸਮੇਂ ਦੇ ਮੁਕਾਬਲੇ ਸਿਲੰਡਰ ਡਿਲੀਵਰੀ ਵਿੱਚ ਥੋੜ੍ਹੀ ਦੇਰੀ ਹੋਈ ਹੈ। ਜਦੋਂ ਕਿ ਪਹਿਲਾਂ, ਸਿਲੰਡਰ ਡਿਲੀਵਰੀ ਵਿੱਚ 2 ਤੋਂ 3 ਦਿਨ ਲੱਗਦੇ ਸਨ, ਹੁਣ ਉਹਨਾਂ ਨੂੰ 4 ਤੋਂ 5 ਦਿਨ ਲੱਗ ਸਕਦੇ ਹਨ। ਇਸਦਾ ਮਤਲਬ ਹੈ ਕਿ ਤੁਹਾਡਾ ਸਿਲੰਡਰ ਹੁਣ ਦੋ ਦਿਨ ਦੇਰੀ ਨਾਲ ਪਹੁੰਚ ਸਕਦਾ ਹੈ। ਸੁਰੱਖਿਅਤ ਡਿਲੀਵਰੀ ਨੂੰ ਯਕੀਨੀ ਬਣਾਉਣ ਲਈ, ਇੱਕ ਓਟੀਪੀ (ਇੱਕ-ਵਾਰ ਪਾਸਵਰਡ) ਸਿਸਟਮ ਲਾਜ਼ਮੀ ਕਰ ਦਿੱਤਾ ਗਿਆ ਹੈ। ਖਪਤਕਾਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਕਿਸੇ ਵੀ ਧੋਖਾਧੜੀ ਤੋਂ ਬਚਣ ਲਈ ਆਪਣਾ ਓਟੀਪੀ ਸਿਰਫ਼ ਡਿਲੀਵਰੀ ਕਰਨ ਵਾਲੇ ਵਿਅਕਤੀ ਨਾਲ ਹੀ ਸਾਂਝਾ ਕਰਨ।

# 'ਆਪ' ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਹੋਏ ਬਰੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ 'ਆਪ' ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ, ਖਡੂਰ ਸਾਹਿਬ, ਤਰਨਤਾਰਨ ਅਤੇ ਹੋਰ ਸਾਰਿਆਂ ਨੂੰ 13 ਸਾਲ ਪੁਰਾਣੇ ਮਾਮਲੇ ਵਿੱਚ ਬਰੀ ਕਰ ਦਿੱਤਾ ਹੈ। ਹਾਈ ਕੋਰਟ ਨੇ ਤਰਨਤਾਰਨ ਅਦਾਲਤ ਦੇ ਹਮਲੇ ਅਤੇ ਐਸਸੀ/ਐਸਟੀ ਐਕਟ ਮਾਮਲੇ ਵਿੱਚ ਫੈਸਲੇ ਨੂੰ ਉਲਟਾ ਦਿੱਤਾ ਹੈ। 10 ਸਤੰਬਰ, 2025 ਨੂੰ ਸੁਣਵਾਈ ਦੌਰਾਨ, ਅਦਾਲਤ ਨੇ ਵਿਧਾਇਕ ਸਮੇਤ 12 ਲੋਕਾਂ ਨੂੰ ਚਾਰ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਸੀ। ਸਜ਼ਾ ਸੁਣਾਏ ਜਾਣ ਤੋਂ ਬਾਅਦ, ਦੋਸ਼ੀਆਂ ਨੇ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ, ਜਿਸ 'ਤੇ ਅਦਾਲਤ ਨੇ ਸੁਣਵਾਈ ਕਰਦਿਆਂ ਸਾਰਿਆਂ ਦੋਸ਼ੀਆਂ ਨੂੰ ਰਾਹਤ ਦਿੱਤੀ। ਸੁਣਵਾਈ ਦੌਰਾਨ, ਇਹ ਸਾਹਮਣੇ ਆਇਆ ਕਿ 4 ਫਰਵਰੀ, 2026 ਨੂੰ ਪੀੜਤ ਅਤੇ ਦੋਸ਼ੀਆਂ ਵਿਚਕਾਰ ਆਪਸੀ ਸਮਝੌਤਾ ਹੋ ਗਿਆ ਸੀ। ਇਸ ਸਮਝੌਤੇ ਦੇ ਆਧਾਰ 'ਤੇ, ਹਾਈ ਕੋਰਟ ਨੇ ਸਪੱਸ਼ਟ ਕੀਤਾ ਕਿ ਜਦੋਂ ਦੋਵੇਂ ਧਿਰਾਂ ਵਿਵਾਦ ਨੂੰ ਹੱਲ ਕਰਨ ਲਈ ਸਹਿਮਤ ਹੁੰਦੀਆਂ ਹਨ, ਤਾਂ ਸਜ਼ਾ ਨੂੰ ਬਰਕਰਾਰ ਰੱਖਣ ਦਾ ਕੋਈ ਜਾਇਜ਼ ਨਹੀਂ ਹੁੰਦਾ।ਇਹ ਪੂਰਾ ਮਾਮਲਾ 2013 ਦਾ ਹੈ। ਉਸ ਸਮੇਂ ਵਿਧਾਇਕ ਲਾਲਪੁਰਾ ਇੱਕ ਟੈਕਸੀ ਡਰਾਈਵਰ ਸੀ। ਉਨ੍ਹਾਂ 'ਤੇ ਇੱਕ ਵਿਆਹ ਵਿੱਚ ਆਈ ਇੱਕ ਔਰਤ ਨਾਲ ਕੁੱਟਮਾਰ ਕਰਨ ਦਾ ਦੋਸ਼ ਸੀ। ਔਰਤ ਨੇ ਟੈਕਸੀ ਡਰਾਈਵਰਾਂ 'ਤੇ ਛੇੜਛਾੜ ਦਾ ਵੀ ਦੋਸ਼ ਲਗਾਇਆ। ਇਸ ਮਾਮਲੇ ਵਿੱਚ ਐਸਸੀ/ਐਸਟੀ ਐਕਟ ਦੀ ਧਾਰਾ 323, 324 ਅਤੇ 354 ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ। ਅਦਾਲਤ ਨੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਅਤੇ ਪੰਜ ਪੁਲਿਸ ਮੁਲਾਜ਼ਮਾਂ, ਦਵਿੰਦਰ ਕੁਮਾਰ, ਸਾਰਜ ਸਿੰਘ, ਅਸ਼ਵਨੀ ਕੁਮਾਰ, ਤਰਸੇਮ ਸਿੰਘ ਅਤੇ ਹਰਜਿੰਦਰ ਸਿੰਘ ਨੂੰ ਦੋਸ਼ੀ ਠਹਿਰਾਇਆ ਅਤੇ ਸਜ਼ਾ ਸੁਣਾਈ ਸੀ। ਸਜ਼ਾ ਸੁਣਾਏ ਜਾਣ ਤੋਂ ਬਾਅਦ, ਵਿਧਾਇਕ ਸਮੇਤ ਸੱਤ ਲੋਕਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਹਾਲਾਂਕਿ, ਅਦਾਲਤ ਨੇ ਗਗਨਦੀਪ ਸਿੰਘ ਅਤੇ ਪੁਲਿਸ ਮੁਲਾਜ਼ਮਾਂ ਨਰਿੰਦਰਜੀਤ ਸਿੰਘ ਅਤੇ ਗੁਰਦੀਪ ਰਾਜ ਨੂੰ ਨਿਆਂਇਕ ਹਿਰਾਸਤ ਵਿੱਚ ਨਹੀਂ ਭੇਜਿਆ ਸੀ।



ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
Where Hope Meets

# IMMIGRATION OPPORTUNITIES

**USA SERVICES :**

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

**INDIAN SERVICES :**

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

# ਗੁਰਦੁਆਰਾ ਗੁਰਮਤਿ ਪ੍ਰਕਾਸ਼ ਮਨਟੀਕਾ

## ਵਿਸਾਖੀ ਦੇ ਪਾਵਨ ਮੌਕੇ 'ਤੇ ਵਿਸ਼ਾਲ ਗੁਰਮਤਿ ਸਮਾਗਮ



# ਗੁਰਦੁਆਰਾ ਗੁਰਮਤਿ ਪ੍ਰਕਾਸ਼ ਮਨਟੀਕਾ 'ਚ

## ਸੰਤ ਬਾਬਾ ਠਾਕੁਰ ਸਿੰਘ ਜੀ (ਦਮਦਮੀ ਟਕਸਾਲ) ਵਾਲਿਆਂ ਦੇ ਯਾਦਗਾਰੀ ਅਸਥਾਨ 'ਤੇ

## ਵਿਸਾਖੀ ਦੇ ਪਾਵਨ ਮੌਕੇ 'ਤੇ 1 ਤੋਂ 14 ਅਪ੍ਰੈਲ ਤੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ।

**ਖਾਸ ਹਾਜ਼ਰੀਆਂ :**

1 ਅਪ੍ਰੈਲ – 9 ਅਪ੍ਰੈਲ



ਢਾਡੀ ਜਥਾ
ਭਾਈ ਅਮਰਜੀਤ ਸਿੰਘ ਜੀ ਜੋਹਲ (ਬਿਧੀਪੁਰ)

10 ਅਪ੍ਰੈਲ – 14 ਅਪ੍ਰੈਲ



ਢਾਡੀ ਜਥਾ
ਭਾਈ ਤਰਸੇਮ ਸਿੰਘ ਜੀ ਮੋਰਾਂਵਾਲੀ

14 ਅਪ੍ਰੈਲ



ਰਾਗੀ ਜਥਾ
ਭਾਈ ਆਤਮਜੋਤ ਸਿੰਘ ਜੀ (ਯੂਬਾ ਸਿਟੀ) ਵਾਲੇ

**ਅੰਮ੍ਰਿਤ ਸੰਚਾਰ 12 ਅਪ੍ਰੈਲ ਦੁਪਹਿਰ 2 ਵਜੇ**

**ਸੰਗਤਾਂ ਲਈ ਲੰਗਰ ਦੇ ਬਿਅੰਤ ਸਟਾਲਾਂ ਦਾ ਵਿਸ਼ੇਸ਼ ਪ੍ਰਬੰਧ**

## ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਦਾ ਹਿੱਸਾ ਬਣੋ।

ਹੈਡ ਗ੍ਰੰਥੀ: ਬਾਬਾ ਜੋਗਿੰਦਰ ਸਿੰਘ ਜੀ 209-445-5972 | ਪ੍ਰਧਾਨ: ਭਾਈ ਜਰਨੈਲ ਸਿੰਘ ਜੀ 209-321-1733

2050 W. Woodward Ave, Manteca, CA 95337


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

# ਪੀਪੀਸੀਬੀ ਨੇ ਨਵੇਂ ਠੋਸ ਰਹਿੰਦ-ਖੂੰਹਦ ਪ੍ਰਬੰਧਨ ਨਿਯਮ 2026 ਬਾਰੇ ਸਮਰੱਥਾ ਨਿਰਮਾਣ ਵਰਕਸ਼ਾਪ ਕਰਵਾਈ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਨੇ ਸ੍ਰੀਮਤੀ ਰੀਨਾ ਗੁਪਤਾ ਦੀ ਪ੍ਰਧਾਨਗੀ ਹੇਠ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ, ਚੰਡੀਗੜ੍ਹ ਵਿਖੇ ਨਵੇਂ ਠੋਸ ਰਹਿੰਦ-ਖੂੰਹਦ ਪ੍ਰਬੰਧਨ (ਐਸਡਬਲਯੂਐਮ) ਨਿਯਮ, 2026 ਬਾਰੇ ਵਿਆਪਕ ਸਿਖਲਾਈ ਪ੍ਰੋਗਰਾਮ ਕਰਵਾਇਆ। ਇਸ ਪਹਿਲ ਦਾ ਉਦੇਸ਼ ਜਾਗਰੂਕਤਾ ਪੈਦਾ ਕਰਨਾ ਅਤੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਸੋਧੇ ਗਏ ਨਿਯਮਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂਕਰਨ ਨੂੰ ਯਕੀਨੀ ਬਣਾਉਣਾ ਸੀ। ਨਵੇਂ ਨੋਟੀਫਾਈ ਕੀਤੇ ਐਸਡਬਲਯੂਐਮ ਨਿਯਮ, 2026 ਤਹਿਤ 2016 ਦੇ ਢਾਂਚੇ ਵਿੱਚ ਕੀਤੇ ਅਹਿਮ ਅੱਪਡੇਟ ਕੀਤੇ ਗਏ ਹਨ ਅਤੇ ਇਹ 1 ਅਪ੍ਰੈਲ, 2026 ਤੋਂ ਲਾਗੂ ਹੋਣਗੇ। ਸੋਧੇ ਹੋਏ ਨਿਯਮਾਂ ਤਹਿਤ ਵਿਗਿਆਨਕ ਢੰਗ ਨਾਲ ਰਹਿੰਦ-ਖੂੰਹਦ ਪ੍ਰਬੰਧਨ, ਸਰੋਤਾਂ 'ਤੇ ਹੀ ਕੂੜੇ ਨੂੰ ਵੱਖ-ਵੱਖ ਕਰਨ ਅਤੇ ਭਾਈਵਾਲਾਂ ਦੀ ਜਵਾਬਦੇਹੀ ਵਿੱਚ ਵਾਧਾ ਕਰਨ 'ਤੇ ਜ਼ੋਰ ਦਿੱਤਾ ਗਿਆ ਹੈ। ਇਸ ਸਿਖਲਾਈ ਪ੍ਰੋਗਰਾਮ ਵਿੱਚ 268 ਅਧਿਕਾਰੀ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸ਼ਹਿਰੀ ਸਥਾਨਕ ਇਕਾਈਆਂ (ਯੂਐਲਬੀਜ਼) ਦੇ ਕਾਰਜਕਾਰੀ ਅਧਿਕਾਰੀ, ਐਸਡਬਲਯੂਐਮ ਨੋਡਲ ਅਫਸਰ, ਪ੍ਰੋਗਰਾਮ ਕੋਆਰਡੀਨੇਟਰ, ਸਮਰੱਥਾ ਨਿਰਮਾਣ ਮਾਹਿਰ ਅਤੇ



ਪੀਪੀਸੀਬੀ ਦੇ ਅਧਿਕਾਰੀ ਸ਼ਾਮਲ ਸਨ। ਸੈਸ਼ਨ ਦੌਰਾਨ ਭੂਮਿਕਾਵਾਂ, ਜ਼ਿੰਮੇਵਾਰੀਆਂ ਅਤੇ ਨਵੇਂ ਰੈਗੂਲੇਟਰੀ ਨਿਯਮਾਂ ਅਧੀਨ ਲੋੜੀਂਦੇ ਲਾਗੂਕਰਨ ਢਾਂਚੇ ਬਾਰੇ ਜਾਣਕਾਰੀ ਦਿੱਤੀ ਗਈ। ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਟੀਆਈਈਟੀ) ਦੇ ਊਰਜਾ ਅਤੇ ਵਾਤਾਵਰਣ ਵਿਭਾਗ ਦੇ ਸਹਾਇਕ ਪ੍ਰੋਫੈਸਰ ਡਾ. ਧਮੋਧਰਨ ਕੇ. ਨੇ ਦੋ ਘੰਟੇ ਦੇ ਸੈਸ਼ਨ ਦਾ ਸੰਚਾਲਨ ਕੀਤਾ ਜਿਸ ਵਿੱਚ ਉਨ੍ਹਾਂ ਨੇ ਮੁੱਖ ਪ੍ਰਬੰਧਾਂ, 2016 ਦੇ ਨਿਯਮਾਂ ਵਿੱਚ ਢਾਂਚਾਗਤ ਤਬਦੀਲੀਆਂ ਅਤੇ ਲਾਗੂਕਰਨ ਸਬੰਧੀ ਵਿਹਾਰਕ ਚੁਣੌਤੀਆਂ ਬਾਰੇ ਚਰਚਾ ਕੀਤੀ। ਇਸ ਤੋਂ ਇਲਾਵਾ, ਪੀਪੀਸੀਬੀ ਦੇ ਸਹਾਇਕ ਵਾਤਾਵਰਣ ਇੰਜੀਨੀਅਰ ਸ੍ਰੀ ਅਕਸ਼ਿਤ ਕਪਿਲ ਨੇ ਇੱਕ ਸੈਸ਼ਨ ਦੌਰਾਨ ਸੋਧੇ ਗਏ ਨਿਯਮਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ, ਜਿਸ ਵਿੱਚ ਖੇਤਰੀ ਪੱਧਰ 'ਤੇ ਲਾਗੂਕਰਨ ਸਬੰਧੀ ਵੱਡੀਆਂ ਤਬਦੀਲੀਆਂ ਅਤੇ ਉਨ੍ਹਾਂ ਦੇ ਪ੍ਰਭਾਵਾਂ ਨੂੰ ਉਜਾਗਰ ਕੀਤਾ ਗਿਆ। ਇਹ ਪ੍ਰੋਗਰਾਮ ਵਿਭਾਗਾਂ ਦੀ ਸਮਰੱਥਾ ਵਿੱਚ ਵਾਧਾ ਕਰਨ ਅਤੇ ਲਾਗੂਕਰਨ ਦੀ ਮਿਤੀ ਤੋਂ ਪਹਿਲਾਂ ਸਾਰੀਆਂ ਤਿਆਰੀ ਨੂੰ ਯਕੀਨੀ ਬਣਾਉਣ ਦੇ ਵਿਆਪਕ ਯਤਨ ਦਾ ਹਿੱਸਾ ਹੈ। ਵੱਖ-ਵੱਖ ਪੱਧਰ 'ਤੇ ਅਧਿਕਾਰੀਆਂ ਨੂੰ ਇਕਜੁੱਟ ਕਰਕੇ, ਪੀਪੀਸੀਬੀ ਦਾ ਉਦੇਸ਼ ਰੈਗੂਲੇਟਰੀ ਢਾਂਚੇ ਬਾਰੇ ਵਿਆਪਕ ਸੂਝ ਪੈਦਾ ਕਰਨਾ ਅਤੇ ਸੂਬੇ ਭਰ ਵਿੱਚ ਇਸ ਦੇ ਸੁਚਾਰੂ ਲਾਗੂਕਰਨ ਨੂੰ ਯਕੀਨੀ ਬਣਾਉਣਾ ਹੈ। ਇਸ ਵਰਕਸ਼ਾਪ ਦੇ ਅੰਤ ਵਿੱਚ ਆਪਸੀ ਵਿਚਾਰ-ਚਰਚਾ ਕੀਤੀ ਗਈ ਜਿਸ ਵਿੱਚ ਭਾਗੀਦਾਰਾਂ ਨੇ ਮਾਹਿਰਾਂ ਨਾਲ ਅਮਲ ਸਬੰਧੀ ਚੁਣੌਤੀਆਂ ਨੂੰ ਸਪੱਸ਼ਟ ਕੀਤਾ ਅਤੇ ਜ਼ਮੀਨੀ ਅਨੁਭਵ ਸਾਂਝੇ ਕੀਤੇ। ਇਸ ਵਰਕਸ਼ਾਪ ਨਾਲ ਪੰਜਾਬ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਵਿੱਚ ਸੁਧਾਰ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਗਿਆ।

# ਭਗਵਨ ਸ਼੍ਰੀ ਰਾਮ ਚੰਦਰ ਜੀ ਦੇ ਜਨਮ ਉਤਸਵ ਤੇ ਲੱਗੀਆਂ ਰੌਣਕਾਂ

ਪਟਿਆਲਾ
ਸਾਂਝੀ ਸੋਚ ਬਿਊਰੋ

ਮਹਾਰਾਜਾ ਯਾਦਵਿੰਦਰਾ ਇਨਕਲੇਵ ਵਿਖੇ ਕਲੋਨੀ ਦੀ ਰੈਜ਼ੀਡੈਂਟ ਟੀਮ ਵੱਲੋਂ ਭਗਵਾਨ ਸ਼੍ਰੀ ਰਾਮਚੰਦਰ ਜੀ ਦਾ ਜਨਮ ਦਿਵਸ ਮਾਰਕੀਟ ਖੇਤਰ ਵਿੱਚ ਭਗਤੀਭਾਵ ਨਾਲ ਮਨਾਇਆ ਗਿਆ। ਮੌਸਮ ਖਰਾਬ ਹੋਣ ਦੇ ਬਾਵਜੂਦ ਵੀ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦੇ ਹੋਏ ਆਪਣੀ ਆਸਥਾ ਦਾ ਪ੍ਰਗਟਾਵਾ ਕੀਤਾ।

ਸਮਾਗਮ ਦੀ ਸ਼ੁਰੂਆਤ ਪੂਜਾ-ਅਰਚਨਾ ਨਾਲ ਹੋਈ ਜਿਸ ਤੋਂ ਬਾਅਦ ਸੁੰਦਰ ਕਾਂਡ ਦਾ ਪਾਠ ਮਧੁਰ ਬਾਣੀ ਵਿੱਚ ਕੀਤਾ ਗਿਆ। ਇਸ ਮੌਕੇ ਸਵਾਮੀ ਰਾਮੇਸ਼ਵਰਾਨੰਦ ਸਰਸਵਤੀ ਭੋਪਾਲ ਨੇ ਭਗਵਾਨ ਸ਼੍ਰੀ ਰਾਮ ਦੇ ਆਦਰਸ਼ ਜੀਵਨ ਬਾਰੇ ਪ੍ਰਵਚਨ ਕਰਦੇ ਹੋਏ ਲੋਕਾਂ ਨੂੰ ਉਹਨਾਂ ਦੀਆਂ ਸਿੱਖਿਆਵਾਂ ਨੂੰ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਜੈ ਮਾਂ ਸਰਸਵਤੀ ਜਾਗਰਨ ਪਰਿਵਾਰ ਮੰਡਲੀ, ਨਾਭਾ ਵੱਲੋਂ ਭਗਵਾਨ ਰਾਮ ਜੀ ਦੇ ਭਜਨਾਂ ਰਾਹੀਂ ਮਾਹੌਲ ਨੂੰ ਭਗਤੀ ਰੰਗ ਵਿੱਚ ਰੰਗ ਦਿੱਤਾ ਗਿਆ। ਆਰਤੀ ਉਪਰੰਤ ਸਾਰੇ ਸ਼ਰਧਾਲੂਆਂ ਨੇ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ। ਆਯੋਜਕਾਂ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੂਰੇ ਇਨਕਲੇਵ ਦੇ ਨਿਵਾਸੀਆਂ ਨੇ ਵਿੱਤੀ ਸਹਾਇਤਾ ਦੇ ਨਾਲ-ਨਾਲ ਆਪਣਾ ਕੀਮਤੀ ਸਮਾਂ ਕੱਢ ਕੇ ਵੱਖ-ਵੱਖ ਡਿਊਟੀਆਂ ਨਿਭਾਈਆਂ। ਸਮਾਗਮ ਦੌਰਾਨ ਪਲਾਸਟਿਕ ਦੀ ਘੱਟ ਵਰਤੋਂ, ਧਾਰਮਿਕ ਬੇਅਦਬੀ ਨੂੰ ਰੋਕਣ ਲਈ ਡਿਜੀਟਲ ਕਾਰਡ ਰਾਹੀਂ ਸੁਨੇਹਾ ਦੇਣਾ ਅਤੇ ਯੂਟਿਊਬ ਰਾਹੀਂ ਸਿੱਧਾ ਪ੍ਰਸਾਰਣ ਕਰਨਾ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਿਹਾ।


ਰੈਜ਼ੀਡੈਂਟ ਟੀਮ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਭਵਿੱਖ ਵਿੱਚ ਗੁਰੂਪੁਰਬ ਸਬੰਧੀ ਸਮਾਗਮ ਵੀ ਕਰਵਾਇਆ ਜਾਵੇਗਾ । ਉਨ੍ਹਾਂ ਕਿਹਾ ਕਿ ਮਹਾਰਾਜਾ ਯਾਦਵਿੰਦਰਾ ਇਨਕਲੇਵ ਵਿੱਚ ਹੋਣ ਵਾਲੇ ਸਮਾਗਮਾਂ ਵਿੱਚ ਹਰ ਧਰਮ ਦੇ ਲੋਕ ਹਾਜ਼ਰੀ ਭਰਦੇ ਹਨ ਅਤੇ ਆਪਸੀ ਭਾਈਚਾਰੇ ਤੇ ਏਕਤਾ ਦਾ ਸੁਨੇਹਾ ਦਿੰਦੇ ਹਨ।



# ਲਗਭਗ ਤਿੰਨ ਦਰਜ਼ਨ ਸਰਪੰਚ, ਪੰਚ ਅਤੇ ਸੀਨੀਅਰ ਆਗੂਆਂ ਦੇ ਸ਼ਾਮਲ ਹੋਣ ਨਾਲ 'ਆਪ' ਦੀ ਤਾਕਤ ਹੋਰ ਵਧੀ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੀ ਸਿਆਸਤ ਵਿੱਚ ਇੱਕ ਵੱਡੀ ਤਬਦੀਲੀ ਦੇ ਰੂਪ ਵਿੱਚ, ਆਮ ਆਦਮੀ ਪਾਰਟੀ (ਆਪ) ਨੂੰ ਉਦੋਂ ਵੱਡਾ ਹੁਲਾਰਾ ਮਿਲਿਆ ਜਦੋਂ ਕਾਂਗਰਸ, ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਵੱਡੀ ਗਿਣਤੀ ਵਿੱਚ ਆਗੂ ਆਪਣੀਆਂ ਪਾਰਟੀਆਂ ਨੂੰ ਵੱਡਾ ਝਟਕਾ ਦਿੰਦਿਆਂ 'ਆਪ' ਵਿੱਚ ਸ਼ਾਮਲ ਹੋ ਗਏ। ਇਹਨਾਂ ਆਗੂਆਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਰਾਜਬੀਰ ਸਿੰਘ ਘੁੰਮਣ ਨੇ ਪੰਜਾਬ ਖਾਦੀ ਵੈਲਫੇਅਰ ਬੋਰਡ ਦੇ ਚੇਅਰਮੈਨ ਗਗਨਦੀਪ ਸਿੰਘ ਅਹੂਜਾ ਦੀ ਵਿਸ਼ੇਸ਼ ਮੌਜੂਦਗੀ ਵਿੱਚ ਰਸਮੀ ਤੌਰ 'ਤੇ ਪਾਰਟੀ ਵਿੱਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ ਸਵਾਗਤ ਕੀਤਾ। 'ਆਪ' ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਆਗੂਆਂ ਵਿੱਚ ਸਾਹਿਬ ਸਿੰਘ ਛੱਜਲਵੱਡੀ (ਵਾਈਸ ਚੇਅਰਮੈਨ, ਐਸ.ਸੀ. ਵਿੰਗ ਬਾਬਾ ਬਕਾਲਾ, ਪੰਜਾਬ ਕਾਂਗਰਸ), ਸਰਬਜੀਤ ਕੌਰ ਧਾਲੀਵਾਲ (ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਅੰਮ੍ਰਿਤਸਰ ਦਿਹਾਤੀ, ਕਾਂਗਰਸ) ਸਮੇਤ ਕਈ ਹੋਰ ਸੀਨੀਅਰ ਕਾਂਗਰਸੀ ਅਹੁਦੇਦਾਰ ਅਤੇ ਜ਼ਮੀਨੀ ਪੱਧਰ ਦੇ ਨੁਮਾਇੰਦੇ ਸ਼ਾਮਲ ਹਨ। ਸ਼ਾਮਲ ਹੋਣ ਵਾਲੇ ਆਗੂਆਂ ਦੀ ਸੂਚੀ ਵਿੱਚ ਸਾਬਕਾ ਸਰਪੰਚ, ਪੰਚ, ਬਲਾਕ ਪੱਧਰੀ ਅਹੁਦੇਦਾਰ ਅਤੇ ਸੀਨੀਅਰ ਆਗੂ ਜਿਵੇਂ ਕਿ ਸਤਜੀਤ ਸਿੰਘ (ਜ਼ਿਲ੍ਹਾ ਜਨਰਲ ਸਕੱਤਰ, ਕਾਂਗਰਸ ਅੰਮ੍ਰਿਤਸਰ ਦਿਹਾਤੀ), ਕੁਲਦੀਪ ਕੌਰ (ਜ਼ਿਲ੍ਹਾ ਜਨਰਲ ਸਕੱਤਰ, ਕਾਂਗਰਸ), ਜਸਕਰਨ ਸਿੰਘ (ਜਨਰਲ ਸਕੱਤਰ, ਕਾਂਗਰਸ), ਡਾ. ਚਰਨਜੀਤ ਸਿੰਘ (ਸਾਬਕਾ ਸਿਵਲ ਸਰਜਨ, ਬਟਾਲਾ), ਨਰਿੰਦਰ ਸ਼ਰਮਾ (ਬਲਾਕ ਕਾਂਗਰਸ



ਪ੍ਰਧਾਨ, ਅਟਾਰੀ), ਜੋਗਿੰਦਰ ਸਿੰਘ (ਸਾਬਕਾ ਪੰਚ ਅਤੇ ਭਾਜਪਾ ਮੰਡਲ ਪ੍ਰਧਾਨ), ਗੁਰਪ੍ਰੀਤ ਸਿੰਘ (ਮੈਂਬਰ, ਬਲਾਕ ਸੰਮਤੀ), ਅਤੇ ਕਈ ਮੌਜੂਦਾ ਤੇ ਸਾਬਕਾ ਸਰਪੰਚ ਜਿਨ੍ਹਾਂ ਵਿੱਚ ਕਾਰਜ ਸਿੰਘ (ਝੀਤਾ ਕਲਾਂ), ਕੈਪਟਨ (ਪਿੰਡ ਬੋਹੜ), ਗੁਰਜੋਬਨ ਸਿੰਘ (ਜਹਾਂਗੀਰ), ਕੇਵਲ ਸਿੰਘ (ਫਤਿਹਗੜ੍ਹ ਸ਼ੁਕਰਚੱਕ), ਅਤੇ ਤਰਸੇਮ ਸਿੰਘ (ਜੇਠੂਵਾਲ) ਦੇ ਨਾਮ ਸ਼ਾਮਲ ਹਨ। ਇਸ ਤੋਂ ਇਲਾਵਾ ਸੰਤੋਖ ਸਿੰਘ, ਦਿਲਬਾਗ ਸਿੰਘ (ਨੰਬਰਦਾਰ), ਦਰਸ਼ਨ ਸਿੰਘ (ਮਹਿਣੀਆਂ), ਸੇਠੂ (ਮਾਲੇਵਾਲ), ਨਵਜੋਤ ਸਿੰਘ, ਗੁਰਪ੍ਰੀਤ ਸਿੰਘ (ਸੋਹੀਆਂ), ਹਰਦੇਵ ਸਿੰਘ (ਸਾਬਕਾ ਬਲਾਕ ਸੰਮਤੀ ਮੈਂਬਰ), ਸੁਰਜੀਤ ਸਿੰਘ, ਬਲਜਿੰਦਰ ਸਿੰਘ ਵਰਗੇ ਵੱਡੀ ਗਿਣਤੀ ਵਿੱਚ ਪੰਚਾਂ ਅਤੇ ਜ਼ਮੀਨੀ ਪੱਧਰ ਦੇ ਨੁਮਾਇੰਦਿਆਂ ਅਤੇ ਪਿੰਡ ਮਹਿਣੀਆਂ ਖੁਰਾਨਾ ਤੇ ਆਸ-ਪਾਸ ਦੇ ਇਲਾਕਿਆਂ ਦੇ ਹੋਰਨਾਂ ਆਗੂਆਂ ਨੇ ਵੀ 'ਆਪ' ਦਾ ਪੱਲਾ ਫੜਿਆ। ਹੋਰਨਾਂ ਪਾਰਟੀਆਂ ਦੇ ਆਗੂਆਂ ਜਿਨ੍ਹਾਂ ਵਿੱਚ ਦਲਜੀਤ ਸਿੰਘ (ਬੀ.ਸੀ. ਪ੍ਰਧਾਨ, ਅਟਾਰੀ), ਬਲਹਾਰ ਸਿੰਘ (ਬਲਾਕ ਪ੍ਰਧਾਨ, ਮੀਰਾਂਕੋਟ), ਸਾਹਿਬ ਸਿੰਘ (ਵਾਈਸ ਚੇਅਰਮੈਨ, ਐਸ.ਸੀ. ਵਿੰਗ, ਬਾਬਾ ਬਕਾਲਾ), ਅਤੇ ਗੁਰਵਿੰਦਰ ਸਿੰਘ (ਕਾਰਜਕਾਰੀ ਪ੍ਰਧਾਨ, ਯੂਥ ਅਕਾਲੀ ਦਲ, ਅੰਮ੍ਰਿਤਸਰ) ਨੇ ਵੀ 'ਆਪ' ਨੂੰ ਆਪਣਾ ਸਮਰਥਨ ਦਿੱਤਾ।

ਇਸ ਮੌਕੇ ਬੋਲਦਿਆਂ ਰਾਜਬੀਰ ਸਿੰਘ ਘੁੰਮਣ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਦੇ ਆਗੂਆਂ ਦਾ ਲਗਾਤਾਰ ਪਾਰਟੀ ਵਿੱਚ ਸ਼ਾਮਲ ਹੋਣਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਵਿੱਚ ਲੋਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਨਵੇਂ ਸ਼ਾਮਲ ਹੋਏ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਭਰੋਸਾ ਪ੍ਰਗਟ ਕਰਦਿਆਂ ਕਿਹਾ, "ਅਸੀਂ 'ਆਪ' ਸਰਕਾਰ ਦੇ ਲੋਕ-ਪੱਖੀ ਉਪਰਾਲਿਆਂ ਅਤੇ ਪਾਰਦਰਸ਼ੀ ਸ਼ਾਸਨ ਤੋਂ ਬਹੁਤ ਪ੍ਰਭਾਵਿਤ ਹਾਂ। 'ਆਪ' ਇਕੋ-ਇਕ ਅਜਿਹੀ ਪਾਰਟੀ ਹੈ ਜੋ ਸਹੀ ਮਾਇਨਿਆਂ ਵਿੱਚ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਹੈ, ਜਿਸ ਨੇ ਸਾਨੂੰ ਇਹ ਅਹਿਮ ਸਿਆਸੀ ਫੈਸਲਾ ਲੈਣ ਲਈ ਪ੍ਰੇਰਿਤ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ ਕਿ ਅਸੀਂ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਾਂਗੇ ਅਤੇ 'ਆਪ' ਸਰਕਾਰ ਦੀਆਂ ਨੀਤੀਆਂ ਅਤੇ ਪ੍ਰਾਪਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਅਣਥੱਕ ਮਿਹਨਤ ਕਰਾਂਗੇ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899    (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਪੰਜਾਬ ਦੇ ਹੋਸਪਿਟੈਲਿਟੀ ਖੇਤਰ ਵਿੱਚ 200 ਕਰੋੜ ਰੁਪਏ ਦੇ ਟਰਨਓਵਰ ਛੁਪਾਉਣ ਦਾ ਪਰਦਾਫਾਸ਼, ਡਾਟਾ-ਆਧਾਰਿਤ ਜਾਂਚ ਰਾਹੀਂ ਕਾਰਵਾਈ ਤੇਜ਼: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ**
**ਸਾਂਝੀ ਸੋਚ ਬਿਊਰੋ**

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਪੰਜਾਬ ਦੇ ਹੋਸਪਿਟੈਲਿਟੀ (ਖਾਣਪੀਣ ਦੇ ਕਾਰੋਬਾਰ) ਖੇਤਰ ਵਿੱਚ 200 ਕਰੋੜ ਰੁਪਏ ਦੇ ਟਰਨਓਵਰ ਛੁਪਾਉਣ ਦੇ ਇੱਕ ਵੱਡੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਢਾਬਿਆਂ, ਖਾਣ-ਪੀਣ ਵਾਲੀਆਂ ਥਾਵਾਂ, ਰੈਸਟੋਰੈਂਟਾਂ ਅਤੇ ਫਾਸਟ-ਫੂਡ ਆਊਟਲੈਟਾਂ ਵਿੱਚ ਡੂੰਘੀਆਂ ਜੜ੍ਹਾਂ ਜਮਾ ਚੁੱਕੀ ਅਤੇ ਵਿਵਸਥਾਗਤ ਢੰਗ ਨਾਲ ਆਮਦਨ ਘੱਟ ਦਿਖਾਉਣ ਦੀ ਪ੍ਰਵਿਰਤੀ ਤੋਂ ਪਰਦਾ ਉਠਾਇਆ। ਵਿੱਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਜਨਤਕ ਮਾਲੀਏ ਦੀ ਰਾਖੀ ਲਈ ਤਕਨਾਲੋਜੀ-ਆਧਾਰਿਤ ਸਖ਼ਤ ਕਾਰਵਾਈ ਸ਼ੁਰੂ ਕੀਤੀ ਜਿਸ ਤਹਿਤ 882 ਅਦਾਰੇ ਜਾਂਚ ਦੇ ਘੇਰੇ ਵਿੱਚ ਲਏ ਗਏ ਅਤੇ ਹੁਣ ਤੱਕ 2.02 ਕਰੋੜ ਰੁਪਏ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਂਚ ਦਾ ਦਾਇਰਾ ਤੇਜ਼ੀ ਨਾਲ ਵੱਧ ਰਿਹਾ ਹੈ ਅਤੇ ਹੋਰ ਡਾਟਾ ਦਾ ਵਿਸ਼ਲੇਸ਼ਣ ਕਰਨ ਨਾਲ ਕੁੱਲ ਟਰਨਓਵਰ ਲੁਕਾਉਣ ਦਾ ਇਹ ਮਾਮਲਾ ਲਗਭਗ 500 ਕਰੋੜ ਰੁਪਏ ਤੱਕ ਪਹੁੰਚ ਸਕਦਾ ਹੈ।

ਇਸ ਗੱਲ ਦਾ ਜ਼ਿਕਰ ਕਰਦਿਆਂ ਕਿ ਮੋਹਾਲੀ, ਜਲੰਧਰ ਅਤੇ ਲੁਧਿਆਣਾ ਵਰਗੇ ਪ੍ਰਮੁੱਖ ਸ਼ਹਿਰੀ ਕੇਂਦਰ ਟੈਕਸ ਚੋਰੀ ਦੇ ਮੁੱਖ ਗੜ੍ਹ ਵਜੋਂ ਉੱਭਰੇ ਹਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਵੱਧ ਨਕਦੀ ਅਤੇ ਹਾਈਬ੍ਰਿਡ ਭੁਗਤਾਨਾਂ (ਨਕਦੀ ਅਤੇ ਡਿਜੀਟਲ ਦੋਵੇਂ) ਵਾਲੇ ਖੇਤਰ ਇਸ ਧੋਖਾਧੜੀ ਦੇ ਕੇਂਦਰ ਵਿੱਚ ਹਨ। ਉਨ੍ਹਾਂ ਕਿਹਾ ਕਿ ਐਡਵਾਂਸਡ ਡਾਟਾ ਐਨਾਲਿਟਿਕਸ, ਟੈਕਸ ਇੰਟੈਲੀਜੈਂਸ ਯੂਨਿਟ ਅਤੇ ਸਟੇਟ ਇੰਟੈਲੀਜੈਂਸ ਤੇ ਪ੍ਰੀਵੈਂਟਿਵ ਯੂਨਿਟ (ਸਿਪੂ) ਤੋਂ ਮਿਲੀ ਜਾਣਕਾਰੀ, ਅਤੇ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦੀ ਸਫਲਤਾ ਦੇ ਸਹਾਰੇ ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਕਾਰਵਾਈ ਤੇਜ਼ ਕਰ ਦਿੱਤੀ ਹੈ। ਉਨ੍ਹਾਂ ਸਖ਼ਤ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਸੂਬੇ ਦੇ ਮਾਲੀਏ ਦੀ ਰਾਖੀ ਲਈ ਤਕਨਾਲੋਜੀ ਦੀ ਪੂਰੀ ਵਰਤੋਂ ਯਕੀਨੀ ਬਣਾਉਂਦਿਆਂ ਹਰ ਉਲੰਘਣਾ ਕਰਨ ਵਾਲੇ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਹੋਟਲਾਂ, ਢਾਬਿਆਂ, ਖਾਣ-ਪੀਣ ਵਾਲੀਆਂ ਥਾਵਾਂ, ਬੇਕਰੀਆਂ, ਮਿਠਾਈ ਦੀਆਂ ਦੁਕਾਨਾਂ, ਰੈਸਟੋਰੈਂਟਾਂ, ਕੇਟਰਿੰਗ ਸੇਵਾਵਾਂ ਅਤੇ ਅਜਿਹੇ ਹੋਰ ਅਦਾਰਿਆਂ ਨੂੰ ਕਵਰ ਕਰਨ ਵਾਲੀ ਇੱਕ ਵਿਆਪਕ, ਰਾਜ ਪੱਧਰੀ ਅਤੇ ਡਾਟਾ-ਆਧਾਰਿਤ ਮੁਹਿੰਮ ਰਾਹੀਂ, ਅਸੀਂ ਵਿੱਤੀ ਸਾਲ 2025-26 ਨਾਲ ਸਬੰਧਤ ਕੁੱਲ 882 ਅਦਾਰਿਆਂ ਦੀ ਪਛਾਣ ਕੀਤੀ ਹੈ।"



ਵਿੱਤ ਮੰਤਰੀ ਨੇ ਅੱਗੇ ਕਿਹਾ, "ਹੋਰ ਵਿਸ਼ਲੇਸ਼ਣ ਅਤੇ ਵਿੱਤੀ ਸਾਲ 2023-24 ਅਤੇ 2024-25 ਨਾਲ ਸਬੰਧਤ ਡਾਟੇ ਨੂੰ ਸ਼ਾਮਲ ਕਰਨ ਨਾਲ, ਟਰਨਓਵਰ ਲੁਕਾਉਣ ਦਾ ਕੁੱਲ ਆਕਾਰ ਲਗਭਗ 500 ਕਰੋੜ ਰੁਪਏ ਤੱਕ ਪਹੁੰਚਣ ਦੀ ਸੰਭਾਵਨਾ ਹੈ।"ਚੱਲ ਰਹੀ ਜਾਂਚ ਦੇ ਨਤੀਜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅੱਜ ਤੱਕ ਕਰਵਾਈ ਗਈ ਮੁੱਢਲੀ ਜਾਂਚ ਵਿੱਚ 239 ਮਾਮਲਿਆਂ ਦੀ ਘੋਖ ਕੀਤੀ ਗਈ ਹੈ, ਜਿਸ ਦੇ ਨਤੀਜੇ ਵਜੋਂ ਲਗਭਗ 50 ਕਰੋੜ ਰੁਪਏ ਦੀ ਟਰਨਓਵਰ ਛੁਪਾਉਣ ਦਾ ਪਤਾ ਲੱਗਾ ਹੈ।" ਉਨ੍ਹਾਂ ਅੱਗੇ ਕਿਹਾ, "ਇਸ ਚੋਰੀ ਵਿੱਚ 5% ਦੀ ਦਰ ਨਾਲ 2.54 ਕਰੋੜ ਰੁਪਏ ਦਾ ਟੈਕਸ ਸ਼ਾਮਲ ਹੈ, ਅਤੇ ਸਾਡੇ ਵਿਭਾਗ ਨੇ ਹੁਣ ਤੱਕ 2.02 ਕਰੋੜ ਰੁਪਏ ਦੀ ਵਸੂਲੀ ਯਕੀਨੀ ਬਣਾਈ ਹੈ, ਜਦਕਿ ਬਾਕੀ ਵਸੂਲੀ ਦੀ ਕਾਰਵਾਈ ਅਜੇ ਜਾਰੀ ਹੈ।"ਇੰਨ੍ਹਾਂ ਬੇਨਿਯਮੀਆਂ ਦੇ ਪੱਧਰ ਨੂੰ ਉਜਾਗਰ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅਸੀਂ 3 ਕਰਦਾਤਾਵਾਂ ਵੱਲੋਂ 2 ਕਰੋੜ ਰੁਪਏ ਤੋਂ ਵੱਧ, 6 ਵੱਲੋਂ 1 ਕਰੋੜ ਰੁਪਏ ਤੋਂ ਵੱਧ, 18 ਵੱਲੋਂ 50 ਲੱਖ ਰੁਪਏ ਤੋਂ ਵੱਧ, 26 ਕਰਦਾਤਾਵਾਂ ਵੱਲੋਂ 25 ਲੱਖ ਰੁਪਏ ਤੋਂ ਵੱਧ, ਅਤੇ 91 ਕਰਦਾਤਾਵਾਂ ਵੱਲੋਂ 5 ਲੱਖ ਰੁਪਏ ਤੋਂ ਵੱਧ ਦੀ ਟਰਨਓਵਰ ਛੁਪਾਉਣ ਦਾ ਪਤਾ ਲਗਾਇਆ ਹੈ।"ਸੈਕਟਰ-ਵਿਸ਼ੇਸ਼ ਰੁਝਾਨਾਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ, "ਸਾਡਾ ਅਗਲਾ ਵਿਸ਼ਲੇਸ਼ਣ ਵੱਧ ਨਕਦੀ ਅਤੇ ਹਾਈਬ੍ਰਿਡ ਭੁਗਤਾਨ ਵਾਲੇ ਹਿੱਸਿਆਂ ਵਿੱਚ ਆਮਦਨ ਨੂੰ ਵਿਵਸਥਾਗਤ ਤਰੀਕੇ ਨਾਲ ਘੱਟ ਦਿਖਾਉਣ ਦੇ ਪੈਟਰਨ ਨੂੰ ਦਰਸਾਉਂਦਾ ਹੈ।" ਉਨ੍ਹਾਂ ਅੱਗੇ ਕਿਹਾ, "ਆਮਦਨ ਛੁਪਾਉਣ ਵਿੱਚ ਢਾਬਿਆਂ ਦਾ ਹਿੱਸਾ ਲਗਭਗ 10 ਕਰੋੜ ਰੁਪਏ ਹੈ, ਇਸ ਤੋਂ ਬਾਅਦ ਛੋਟੀਆਂ ਖਾਣ-ਪੀਣ ਵਾਲੀਆਂ ਥਾਵਾਂ, ਕੌਫੀ ਅਤੇ ਚਾਹ ਬਾਰਾਂ ਦਾ ਹਿੱਸਾ ਲਗਭਗ 8 ਕਰੋੜ ਰੁਪਏ, ਅਤੇ ਪੀਜ਼ਾ ਅਤੇ ਫਾਸਟ-ਫੂਡ ਆਊਟਲੈਟਸ ਦਾ ਹਿੱਸਾ 6 ਕਰੋੜ ਰੁਪਏ ਤੋਂ ਵੱਧ ਹੈ।"

ਜ਼ਿਲ੍ਹੇਵਾਰ ਵੇਰਵਾ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ, "ਮੋਹਾਲੀ ਵਿੱਚ ਸਭ ਤੋਂ ਵੱਧ 8.16 ਕਰੋੜ ਰੁਪਏ ਦੀ ਟਰਨਓਵਰ ਛੁਪਾਉਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਬਾਅਦ ਜਲੰਧਰ ਵਿੱਚ 6.72 ਕਰੋੜ ਰੁਪਏ ਅਤੇ ਲੁਧਿਆਣਾ ਵਿੱਚ 5.48 ਕਰੋੜ ਰੁਪਏ ਸਾਹਮਣੇ ਆਏ ਹਨ, ਜੋ ਕਿ ਫੜੀ ਗਈ ਟੈਕਸ ਚੋਰੀ ਵਿੱਚ ਮੁੱਖ ਯੋਗਦਾਨ ਪਾਉਣ ਵਾਲੇ ਜ਼ਿਲ੍ਹੇ ਹਨ।" ਉਨ੍ਹਾਂ ਅੱਗੇ ਕਿਹਾ ਕਿ ਪਟਿਆਲਾ ਅਤੇ ਅੰਮ੍ਰਿਤਸਰ ਵਿੱਚ ਮੁਕਾਬਲਤਨ ਘੱਟ ਬੇਨਿਯਮੀਆਂ ਸਾਹਮਣੇ ਆਈਆਂ ਹਨ, ਜਿਨ੍ਹਾਂ ਵਿੱਚ ਲੜੀਵਾਰ 3.83 ਕਰੋੜ ਰੁਪਏ ਅਤੇ 0.99 ਕਰੋੜ ਰੁਪਏ ਦੀ ਚੋਰੀ ਫੜੀ ਗਈ ਹੈ। ਇਸ ਕਾਰਵਾਈ ਪਿੱਛੇ ਵਰਤੀ ਗਈ ਕਾਰਜ-ਵਿਧੀ ਦੀ ਵਿਆਖਿਆ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟ ਵੱਲੋਂ ਕਾਰੋਬਾਰੀ ਡਾਟੇ ਦੀ ਬਾਰੀਕੀ ਨਾਲ ਕੀਤੀ ਗਈ ਜਾਂਚ ਦੌਰਾਨ ਇਹ ਦੇਖਿਆ ਗਿਆ ਕਿ ਅਜਿਹੇ ਅਦਾਰਿਆਂ ਦੀ ਇੱਕ ਵੱਡੀ ਗਿਣਤੀ ਆਨਲਾਈਨ ਬਿਲਿੰਗ ਐਪਲੀਕੇਸ਼ਨਾਂ ਦੀ ਵਰਤੋਂ ਕਰ ਰਹੀ ਸੀ।" ਉਨ੍ਹਾਂ ਅੱਗੇ ਕਿਹਾ, "ਮੈਂ ਟੈਕਸ ਇੰਟੈਲੀਜੈਂਸ ਯੂਨਿਟ, ਸਟੇਟ ਇਨਵੈਸਟੀਗੇਸ਼ਨ ਐਂਡ ਪ੍ਰੀਵੈਂਟਿਵ ਯੂਨਿਟ ਨੂੰ, ਅਤੇ ਸਾਡੀ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦੀ ਸ਼ਾਨਦਾਰ ਸਫਲਤਾ ਨੂੰ ਇਸ ਵੱਡੇ ਪੱਧਰ 'ਤੇ ਟੈਕਸ ਚੋਰੀ ਫੜਨ ਦਾ ਪੂਰਾ ਸਿਹਰਾ ਦਿੰਦਾ ਹਾਂ।"ਉਨ੍ਹਾਂ ਅੱਗੇ ਵਿਸਥਾਰ ਦਿੰਦਿਆਂ ਕਿਹਾ, "ਜੋਖਮ ਦੇ ਮਾਪਦੰਡਾਂ, ਡਾਟਾ ਐਨਾਲਿਟਿਕਸ, ਅਤੇ ਜੀਐਸਟੀ ਰਿਟਰਨਾਂ ਦੇ ਨਾਲ ਤੁਲਨਾਤਮਕ ਵਿਸ਼ਲੇਸ਼ਣ ਦੇ ਅਧਾਰ 'ਤੇ, ਅਸੀਂ ਟਰਨਓਵਰ ਛੁਪਾਉਣ ਦੀਆਂ ਸੰਭਾਵਿਤ ਘਟਨਾਵਾਂ ਦੀ ਪਛਾਣ ਕੀਤੀ। ਅਸੀਂ ਉਸੇ ਅਨੁਸਾਰ ਸਬੰਧਤ ਆਨਲਾਈਨ ਪਲੇਟਫਾਰਮਾਂ ਨੂੰ ਲੈਣ-ਦੇਣ ਦਾ ਵਿਸਤ੍ਰਿਤ ਡਾਟਾ ਪ੍ਰਦਾਨ ਕਰਨ ਲਈ ਨਿਰਦੇਸ਼ ਦਿੱਤੇ, ਜਿਸਦੀ ਵਰਤੋਂ ਹੁਣ ਫੀਲਡ ਟੀਮਾਂ ਜ਼ਮੀਨੀ ਪੜਤਾਲ ਅਤੇ ਰਿਟਰਨਾਂ ਨਾਲ ਮੇਲ ਕਰਨ ਲਈ ਕਰ ਰਹੀਆਂ ਹਨ।"ਸੰਤੁਲਿਤ ਕਾਰਵਾਈ 'ਤੇ ਜ਼ੋਰ ਦਿੰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਇਹ ਧਿਆਨ ਦੇਣ ਯੋਗ ਹੈ ਕਿ 52 ਅਦਾਰਿਆਂ ਵਿੱਚ ਕੋਈ ਵੀ ਬੇਨਿਯਮੀ ਨਹੀਂ ਪਾਈ ਗਈ, ਜੋ ਡਾਟਾ-ਆਧਾਰਿਤ ਚੋਣ 'ਤੇ ਅਧਾਰਤ ਸੰਤੁਲਿਤ ਇਨਫੋਰਸਮੈਂਟ ਅਤੇ ਪੜਤਾਲ ਨੂੰ ਦਰਸਾਉਂਦਾ ਹੈ।"

ਅਗਲੇ ਕਦਮਾਂ ਦੀ ਰੂਪਰੇਖਾ ਉਲੀਕਦਿਆਂ ਉਨ੍ਹਾਂ ਕਿਹਾ, "ਬਾਕੀ ਰਹਿੰਦੇ ਮਾਮਲਿਆਂ ਦੀ ਸਰਗਰਮੀ ਨਾਲ ਜਾਂਚ ਅਤੇ ਬਾਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ, ਅਤੇ ਉਮੀਦ ਹੈ ਕਿ ਪੜਤਾਲ ਅਤੇ ਵਸੂਲੀ ਦੀ ਇਹ ਪੂਰੀ ਪ੍ਰਕਿਰਿਆ ਇੱਕ ਮਹੀਨੇ ਦੇ ਅੰਦਰ ਮੁਕੰਮਲ ਕਰ ਲਈ ਜਾਵੇਗੀ।" ਉਨ੍ਹਾਂ ਅੱਗੇ ਕਿਹਾ, "ਜਾਂਚ ਨੂੰ ਹੋਰ ਮਜ਼ਬੂਤ ਕਰਨ ਲਈ, ਵਿਭਾਗ ਯੂਪੀਆਈ ਲੈਣ-ਦੇਣ ਦਾ ਡਾਟਾ ਅਤੇ ਹੋਰ ਡਿਜੀਟਲ ਭੁਗਤਾਨਾਂ ਦੇ ਰਿਕਾਰਡ ਪ੍ਰਾਪਤ ਕਰਨ ਦੀ ਪ੍ਰਕਿਰਿਆ ਵਿੱਚ ਹੈ, ਜੋ ਰਿਪੋਰਟ ਕੀਤੀ ਗਈ ਟਰਨਓਵਰ ਦੇ ਨਾਲ ਅਸਲ ਪ੍ਰਾਪਤੀਆਂ ਦੇ ਡੂੰਘੇ ਮਿਲਾਣ ਨੂੰ ਸਮਰੱਥ ਬਣਾਏਗਾ, ਜਿਸ ਨਾਲ ਟੈਕਸ ਚੋਰੀ ਫੜਨ ਦੀ ਸ਼ੁੱਧਤਾ ਵਿੱਚ ਵਾਧਾ ਹੋਵੇਗਾ।"ਉਲੰਘਣਾ ਕਰਨ ਵਾਲਿਆਂ ਨੂੰ ਸਪੱਸ਼ਟ ਚੇਤਾਵਨੀ ਜਾਰੀ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਭਗਵੰਤ ਮਾਨ ਸਰਕਾਰ ਕਰ ਅਦਾਇਗੀ ਨੂੰ ਯਕੀਨੀ ਬਣਾਉਣ ਅਤੇ ਸੂਬੇ ਦੇ ਮਾਲੀਏ ਦੀ ਰਾਖੀ ਲਈ ਤਕਨਾਲੋਜੀ, ਡਾਟਾ ਐਨਾਲਿਟਿਕਸ ਅਤੇ ਤਾਲਮੇਲ ਵਾਲੀ ਫੀਲਡ ਇਨਫੋਰਸਮੈਂਟ ਦਾ ਲਾਭ ਉਠਾਉਣ ਲਈ ਵਚਨਬੱਧ ਹੈ।" ਉਨ੍ਹਾਂ ਜ਼ੋਰ ਦੇ ਕੇ ਕਿਹਾ, "ਕਰ ਚੋਰੀ ਦੇ ਸਾਰੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਕੀਤੀ ਜਾਵੇਗੀ, ਜਦੋਂ ਕਿ ਕਰ ਨਿਯਮਾਂ ਦੀ ਪਾਲਣਾ ਕਰਨ ਵਾਲੇ ਟੈਕਸਦਾਤਾਵਾਂ ਨੂੰ ਸਹੂਲਤਾਂ ਮਿਲਦੀਆਂ ਰਹਿਣਗੀਆਂ।"

# ਟਰੰਪ ਦੀਆਂ ਨੀਤੀਆਂ ਅਤੇ ਇਰਾਨ ਜੰਗ ਖ਼ਿਲਾਫ਼ ਲੋਕ ਸੜਕਾਂ 'ਤੇ ਉਤਰੇ

**ਵਾਸ਼ਿੰਗਟਨ**
**ਸਾਂਝੀ ਸੋਚ ਬਿਊਰੋ**

ਅਮਰੀਕਾ ਤੇ ਯੂਰਪ ਦੇ ਇਲਾਕਿਆਂ 'ਚ ਤਾਨਾਸ਼ਾਹੀ ਵਿਰੋਧੀ ਰੈਲੀਆਂ 'ਚ ਵੱਡੀ ਗਿਣਤੀ ਲੋਕਾਂ ਨੇ ਹਿੱਸਾ ਲੈ ਕੇ ਇਰਾਨ ਜੰਗ ਅਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀਆਂ ਨੀਤੀਆਂ ਖ਼ਿਲਾਫ਼ ਰੋਸ ਵਿਖਾਵਾ ਕੀਤਾ। ਅਮਰੀਕਾ ਦਾ ਮਿਨੀਸੋਟਾ ਸੂਬਾ ਇਸ ਸੰਘਰਸ਼ ਦਾ ਮੁੱਖ ਕੇਂਦਰ ਬਣ ਕੇ ਉਭਰਿਆ ਹੈ, ਜਿੱਥੇ ਹਜ਼ਾਰਾਂ ਲੋਕਾਂ ਨੇ ਇਕਜੁੱਟਤਾ ਦਿਖਾਉਂਦਿਆਂ ਟਰੰਪ ਦੀਆਂ ਸਖ਼ਤ ਪਰਵਾਸ ਨੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ। ਸੇਂਟ ਪੌਲ ਦੇ ਕੈਪੀਟਲ ਲਾਅਨ 'ਚ ਕੀਤੀ ਮੁੱਖ ਰੈਲੀ ਵਿਚ ਮਸ਼ਹੂਰ ਗਾਇਮ ਬਰੂਸ ਸਪ੍ਰਿੰਗਸਟੀਨ ਵੀ ਸ਼ਾਮਲ ਹੋਏ। ਬਰੂਸ ਤੇ ਹੋਰ ਬੁਲਾਰਿਆਂ ਨੇ ਕੜਾਕੇ ਦੀ ਠੰਢ ਦੇ ਬਾਵਜੂਦ ਸੜਕਾਂ 'ਤੇ ਉਤਰ ਕੇ ਅਮਰੀਕੀ ਪਰਵਾਸ ਏਜੰਸੀ ਦੀ ਕਾਰਵਾਈ ਦਾ ਵਿਰੋਧ ਕਰਨ ਲਈ ਸੂਬੇ ਦੇ ਲੋਕਾਂ ਦੀ ਸ਼ਲਾਘਾ ਕੀਤੀ। ਬਰੂਸ ਸਪ੍ਰਿੰਗਸਟੀਨ ਨੇ ਫੈਡਰਲ ਏਜੰਟਾਂ ਦੀ ਗੋਲੀਬਾਰੀ 'ਚ ਰਿਨੀ ਗੁੱਡ ਅਤੇ ਐਲੇਕਸ ਪ੍ਰੈੱਟੀ ਦੀ ਮੌਤ 'ਤੇ ਰੋਸ ਜ਼ਾਹਿਰ ਕਰਦਿਆਂ ਆਪਣਾ ਗੀਤ 'ਸਟ੍ਰੀਟਸ ਆਫ ਮਿਨੇਪੋਲਿਸ' ਗਾਇਆ। ਉਨ੍ਹਾਂ ਲੋਕਾਂ ਨੂੰ ਕਿਹਾ, "ਤੁਹਾਡੀ ਤਾਕਤ ਤੇ ਪ੍ਰਤੀਬੱਧਤਾ ਨੇ ਸਾਨੂੰ ਅਹਿਸਾਸ ਕਰਵਾਇਆ ਹੈ ਕਿ ਇਹ ਹੁਣ ਵੀ ਉਹੀ ਦੇਸ਼ ਹੈ ਅਤੇ ਭਿਆਨਕ ਰੂੜ੍ਹੀਵਾਦੀ ਦੌਰ ਤੇ ਅਮਰੀਕੀ ਸ਼ਹਿਰਾਂ 'ਚ ਅਜਿਹੀ ਕਾਰਵਾਈ ਜ਼ਿਆਦਾ ਸਮੇਂ ਤੱਕ ਨਹੀਂ ਚੱਲੇਗੀ।" 85 ਲੱਖ ਦੀ ਅਬਾਦੀ ਵਾਲੇ ਨਿਊਯਾਰਕ ਸ਼ਹਿਰ ਤੋਂ ਲੈ ਕੇ ਦੋ ਹਜ਼ਾਰ ਤੋਂ ਵੀ ਘੱਟ ਆਬਾਦੀ ਬਾਰੇ ਡ੍ਰਿਗਜ਼ ਕਸਬੇ ਤੱਕ ਲੋਕ ਸੜਕਾਂ 'ਤੇ ਉਤਰ ਆਏ। ਵਾਸ਼ਿੰਗਟਨ 'ਚ ਹਜ਼ਾਰਾਂ ਲੋਕਾਂ ਨੇ ਲਿੰਕਨ ਮੈਮੋਰੀਅਲ ਤੇ ਨੈਸ਼ਨਲ ਮਾਲ ਰੋਡ ਤੱਕ ਰੋਸ ਮਾਰਚ ਕੀਤੇ। ਅਮਰੀਕਾ ਤੋਂ ਇਲਾਵਾ ਯੂਰਪ, ਲਾਤੀਨੀ ਅਮਰੀਕਾ, ਲੰਡਨ ਅਤੇ ਆਸਟ੍ਰੇਲੀਆ ਸਮੇਤ ਘੱਟੋ-ਘੱਟ 12 ਮੁਲਕਾਂ 'ਚ ਵੀ ਰੋਸ ਮੁਜ਼ਾਹਰੇ ਹੋਏ। ਇਨ੍ਹਾਂ ਰੋਸ ਮੁਜ਼ਾਹਰਿਆਂ ਦੀ




ਅਗਵਾਈ ਕਰ ਰਹੀ ਜਥੇਬੰਦੀ 'ਇੰਡੀਵਿਜ਼ੀਬਲ' ਦੇ ਸਹਿ-ਕਾਰਜਕਾਰੀ ਨਿਰਦੇਸ਼ਕ ਐਜ਼ਰਾ ਲੈਵਿਨ ਅਨੁਸਾਰ ਜਮਹੂਰੀ ਮੁਲਕਾਂ 'ਚ ਲੋਕ ਇਨ੍ਹਾਂ ਪ੍ਰਦਰਸ਼ਨਾਂ ਨੂੰ 'ਕੋਈ ਤਾਨਾਸ਼ਾਹ ਨਹੀਂ' ਦੇ ਨਾਂ ਨਾਲ ਜਾਣਦੇ ਹਨ। ਰੋਮ 'ਚ ਹਜ਼ਾਰਾਂ ਲੋਕ ਸੜਕਾਂ 'ਤੇ ਉਤਰੇ ਅਤੇ ਉਨ੍ਹਾਂ ਪ੍ਰਧਾਨ ਮੰਤਰੀ ਜੌਰਜੀਆ ਮੈਲੋਨੀ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਹ ਮੁਜ਼ਾਹਰੇ ਹਾਲਾਂਕਿ ਸ਼ਾਂਤਮਈ ਰਹੇ ਪਰ ਪੁਲਿਸ ਨੇ ਭੀੜ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲਿਆਂ ਦੀ ਵਰਤੋਂ ਵੀ ਕੀਤੀ ਹੈ। ਉੱਧਰ, ਵ੍ਹਾਈਟ ਹਾਊਸ ਦੇ ਬੁਲਾਰੇ ਅਬੀਗਾਇਲ ਜੈਕਸਨ ਨੇ ਇਨ੍ਹਾਂ ਰੋਸ ਵਿਖਾਵਿਆਂ ਨੂੰ 'ਖੱਬੇ ਪੱਖੀਆਂ ਤੋਂ ਫੰਡ ਪ੍ਰਾਪਤ' ਗਤੀਵਿਧੀ ਕਰਾਰ ਦਿੱਤਾ ਹੈ।

# ਪੱਛਮੀ ਏਸ਼ੀਆ ਸੰਘਰਸ਼: ਵੱਖ-ਵੱਖ ਘਟਨਾਵਾਂ 'ਚ 8 ਭਾਰਤੀਆਂ ਦੀ ਮੌਤ: 1 ਲਾਪਤਾ

**ਨਵੀਂ ਦਿੱਲੀ**
**ਸਾਂਝੀ ਸੋਚ ਬਿਊਰੋ**

ਪੱਛਮੀ ਏਸ਼ੀਆ ਸੰਘਰਸ਼ ਦੇ ਵਿਚਕਾਰ ਵਿਦੇਸ਼ ਮੰਤਰਾਲੇ (ਐੱਮ.ਈ.ਏ.) ਨੇ ਸੋਮਵਾਰ ਨੂੰ ਕਿਹਾ ਕਿ ਖੇਤਰ ਵਿਚ "ਵੱਖ-ਵੱਖ ਘਟਨਾਵਾਂ" ਵਿਚ ਅੱਠ ਭਾਰਤੀ ਨਾਗਰਿਕਾਂ ਦੀ ਜਾਨ ਚਲੀ ਗਈ ਹੈ, ਜਦੋਂ ਕਿ ਇੱਕ ਲਾਪਤਾ ਹੈ। ਪੱਛਮੀ ਏਸ਼ੀਆ ਦੀ ਸਥਿਤੀ 'ਤੇ ਇੱਥੇ ਇੱਕ ਅੰਤਰ-ਮੰਤਰਾਲਾ ਬ੍ਰੀਫਿੰਗ ਵਿਚ ਵਿਦੇਸ਼ ਮੰਤਰਾਲੇ ਦੇ ਵਧੀਕ ਸਕੱਤਰ (ਖਾੜੀ), ਅਸੀਮ ਆਰ ਮਹਾਜਨ ਨੇ ਇਹ ਵੀ ਕਿਹਾ, "ਕੁਵੈਤ ਵਿਚ ਇੱਕ ਹਮਲੇ ਵਿਚ ਇੱਕ ਭਾਰਤੀ ਨਾਗਰਿਕ ਦੀ ਮੰਦਭਾਗੀ ਮੌਤ ਹੋ ਗਈ ਸੀ।" ਹਾਲਾਂਕਿ ਉਨ੍ਹਾਂ ਨੇ ਇਸ ਮੌਤ ਦੇ ਹਾਲਾਤਾਂ ਬਾਰੇ ਵਿਸਥਾਰ ਵਿਚ ਨਹੀਂ ਦੱਸਿਆ। ਉਨ੍ਹਾਂ ਕਿਹਾ, "ਅਸੀਂ ਮ੍ਰਿਤਕ ਦੇ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦੇ ਹਾਂ। ਕੁਵੈਤ ਵਿਚ ਸਾਡਾ ਮਿਸ਼ਨ ਮ੍ਰਿਤਕ ਦੇ ਪਰਿਵਾਰ ਦੇ ਸੰਪਰਕ ਵਿਚ ਹੈ ਅਤੇ ਹਰ ਤਰ੍ਹਾਂ ਦੀ ਸਹਾਇਤਾ ਪ੍ਰਦਾਨ ਕਰਨ ਅਤੇ ਉਸਦੀ ਮ੍ਰਿਤਕ ਦੇਹ ਨੂੰ ਜਲਦੀ ਭਾਰਤ ਵਾਪਸ ਭੇਜਣ ਲਈ ਸਥਾਨਕ ਅਧਿਕਾਰੀਆਂ ਨਾਲ ਨਜ਼ਦੀਕੀ ਤਾਲਮੇਲ ਕਰ ਰਿਹਾ ਹੈ।"

20 ਮਾਰਚ ਨੂੰ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਅੰਤਰ-ਮੰਤਰਾਲਾ ਬ੍ਰੀਫਿੰਗ ਦੌਰਾਨ ਮਹਾਜਨ ਨੇ ਪੱਤਰਕਾਰਾਂ ਨੂੰ ਦੱਸਿਆ ਸੀ ਕਿ "ਵੱਖ-ਵੱਖ ਘਟਨਾਵਾਂ" ਵਿਚ 6 ਭਾਰਤੀ ਨਾਗਰਿਕਾਂ ਦੀ ਜਾਨ ਗਈ ਸੀ, ਜਦੋਂ ਕਿ ਇੱਕ ਲਾਪਤਾ ਸੀ। ਸੋਮਵਾਰ ਨੂੰ ਉਨ੍ਹਾਂ ਨੇ ਤਾਜ਼ਾ ਜਾਣਕਾਰੀ ਸਾਂਝੀ ਕਰਦਿਆਂ ਕਿਹਾ, "ਮੰਦਭਾਗੀ ਗੱਲ ਹੈ ਕਿ 8 ਭਾਰਤੀ ਨਾਗਰਿਕਾਂ ਦੀ ਮੌਤ ਹੋ ਗਈ ਹੈ ਅਤੇ ਵੱਖ-ਵੱਖ ਘਟਨਾਵਾਂ ਵਿਚ ਇੱਕ ਭਾਰਤੀ ਨਾਗਰਿਕ ਲਾਪਤਾ ਹੈ।" ਸਾਊਦੀ ਅਰਬ ਸਥਿਤ ਭਾਰਤੀ ਦੂਤਾਵਾਸ ਨੇ ਹਾਲ ਹੀ ਵਿਚ ਕਿਹਾ ਸੀ ਕਿ 18 ਮਾਰਚ ਦੀਆਂ ਤਾਜ਼ਾ ਘਟਨਾਵਾਂ ਕਾਰਨ ਰਿਆਦ ਵਿਚ ਇੱਕ ਭਾਰਤੀ ਨਾਗਰਿਕ ਮਾਰਿਆ ਗਿਆ ਸੀ। ਮੰਤਰਾਲੇ ਨੇ ਇਹ ਵੀ ਸਾਂਝਾ ਕੀਤਾ ਕਿ 28 ਫਰਵਰੀ ਤੋਂ ਹੁਣ ਤੱਕ ਖੇਤਰ ਤੋਂ ਲਗਪਗ 5.5 ਲੱਖ ਯਾਤਰੀ ਭਾਰਤ ਵਾਪਸ ਆਏ ਹਨ।

ਵਿਦੇਸ਼ ਮੰਤਰਾਲੇ ਨੇ ਸੋਮਵਾਰ ਨੂੰ ਦੁਹਰਾਇਆ ਕਿ ਉਹ ਖਾੜੀ ਅਤੇ ਪੱਛਮੀ ਏਸ਼ੀਆ ਖੇਤਰ ਵਿਚ ਬਦਲਦੀ ਸਥਿਤੀ ਦੀ ਨੇੜਿਓਂ ਨਿਗਰਾਨੀ ਕਰਨਾ ਜਾਰੀ ਰੱਖ ਰਿਹਾ ਹੈ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ, "ਅਸੀਂ ਸੰਜਮ ਵਰਤਣ ਅਤੇ ਤਣਾਅ ਘਟਾਉਣ ਦੀ ਅਪੀਲ ਜਾਰੀ ਰੱਖਦੇ ਹਾਂ ਅਤੇ ਨਾਲ ਹੀ ਸੰਘਰਸ਼ ਨੂੰ ਜਲਦੀ ਖਤਮ ਕਰਨ ਦੇ ਸਾਧਨ ਵਜੋਂ ਗੱਲਬਾਤ ਅਤੇ ਕੂਟਨੀਤੀ 'ਤੇ ਜ਼ੋਰ ਦਿੰਦੇ ਹਾਂ।"


**ਆਗੈ ਸਮਝ ਚੱਲੋ ਨੰਦ ਲਾਲਾ, ਪਾਛੈ ਜੋ ਬੀਤੀ ਸੋ ਬੀਤੀ॥**


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations (traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com


ਸੁਆਦ ਜੋ ਦਿਲ ਜਿੱਤ ਲਵੇ !
'Sidhu Catering'
ਵਿਆਹ ਸ਼ਾਦੀ, ਰਿਸੈਪਸ਼ਨ, ਜਨਮਦਿਨ, ਧਾਰਮਿਕ ਸਮਾਗਮ
ਅਨੰਦ ਕਾਰਜ ਜਾਂ ਹੋਵੇ ਕੋਈ ਹੋਰ ਖੁਸ਼ੀ ਦਾ ਮੌਕਾ
1000 ਤੋਂ ਵੱਧ ਬੰਦਿਆਂ ਤੱਕ ਦੀ ਪੂਰੀ Catering ਉਪਲਬਧ
ਸ਼ੁੱਧ ਅਤੇ ਸੁਆਦੀ ਖਾਣਾ
ਟਿਫ਼ਨ ਸਰਵਿਸ ਉਪਲਬਧ ਹੈ
ਹਰ ਕਿਸਮ ਦੀ ਕਰਵਾਓ ਮਠਿਆਈ ਅਤੇ ਸੀਰਨੀ ਤਿਆਰ
ਅਸੀਂ ਕਰਾਂਗੇ ' ਹਰ ਕਿਸੇ ਦੇ ਰੇਟ ਨੂੰ ਬੀਟ '
California ਵਿੱਚ ਕਿਤੇ ਵੀ ਪਾਓ Catering ਦੀ ਸੇਵਾ
'Sidhu Catering' - ਤੁਹਾਡੇ ਪ੍ਰੋਗਰਾਮ ਨੂੰ ਬਣਾਵੇ ਯਾਦਗਾਰ !
ਅੱਜ ਹੀ ਕਾਲ ਕਰੋ ਤੇ ਆਪਣੀ Booking ਬੁਕਿੰਗ ਕਰਵਾਓ
ਸੰਪਰਕ ਨੰਬਰ ਨੋਟ ਕਰ ਲਓ : (559) 283-1311 | (510) 230-6107

# ਅਮਰ ਸਿੰਘ ਚਮਕੀਲੇ ਤੋਂ ਬਾਅਦ... ਹੁਣ ਸ਼ਿਵ ਕੁਮਾਰ ਬਟਾਲਵੀ ਕੀ ਸਾਡੀ ਵਿਰਾਸਤ ਹਮੇਸ਼ਾਂ ਬਾਹਰ ਹੀ ਜਾਵੇਗੀ?




ਜਦੋਂ ਅਮਰ ਸਿੰਘ ਚਮਕੀਲਾ ਦੀ ਜ਼ਿੰਦਗੀ ‘ਤੇ ਫਿਲਮ ਬਣੀ, ਤਾਂ ਸਾਰਾ ਪੰਜਾਬ ਇੱਕ ਵਾਰ ਫਿਰ ਉਸਦੀ ਕਹਾਣੀ ਨਾਲ ਜੁੜ ਗਿਆ। ਬਾਲੀਵੁੱਡ ਨੇ ਉਸਦੀ ਜ਼ਿੰਦਗੀ ਨੂੰ ਵੱਡੇ ਪਰਦੇ ‘ਤੇ ਲਿਆਂਦਾ, ਲੋਕਾਂ ਨੇ ਵੇਖਿਆ, ਸਮਝਿਆ, ਤੇ ਮਹਿਸੂਸ ਕੀਤਾ।

ਹੁਣ ਉਹੀ ਰਾਹ ‘ਤੇ ਇੱਕ ਹੋਰ ਵੱਡਾ ਨਾਮ ਆ ਰਿਹਾ ਹੈ ਸ਼ਿਵ ਕੁਮਾਰ ਬਟਾਲਵੀ। ਬਟਾਲਵੀ ਦੀ ਜ਼ਿੰਦਗੀ ‘ਤੇ ਵੀ ਬਾਲੀਵੁੱਡ ਫਿਲਮ ਬਣਾਉਣ ਦੀ ਤਿਆਰੀ ਕਰ ਰਿਹਾ ਹੈ।

ਪਰ ਇੱਥੇ ਇੱਕ ਸਵਾਲ ਫਿਰ ਸਾਡੇ ਸਾਹਮਣੇ ਖੜਾ ਹੋ ਜਾਂਦਾ ਹੈ

ਕੀ ਸਾਡੀ ਆਪਣੀ ਪੰਜਾਬੀ ਫਿਲਮ ਇੰਡਸਟਰੀ ਸਿਰਫ਼ ਦੇਖਦੀ ਹੀ ਰਹੇਗੀ?

ਚਮਕੀਲਾ ਤੋਂ ਸਬਕ... ਪਰ ਅਸੀਂ ਸਿੱਖਿਆ ਕੀ?

ਚਮਕੀਲੇ ਦੀ ਫਿਲਮ ਨੇ ਇਹ ਸਾਬਤ ਕਰ ਦਿੱਤਾ ਕਿ ਪੰਜਾਬ ਕੋਲ ਕਹਾਣੀਆਂ ਦੀ ਕੋਈ ਘਾਟ ਨਹੀਂ। ਸਾਡੀ ਮਿੱਟੀ ਵਿੱਚ ਅਜੇਹੇ ਕਿਰਦਾਰ ਹਨ ਜੋ ਪੂਰੀ ਦੁਨੀਆ ਨੂੰ ਹਿਲਾ ਸਕਦੇ ਹਨ।

ਪਰ ਇਹ ਵੀ ਸੱਚ ਹੈ ਕਿ ਉਸਦੀ ਕਹਾਣੀ ਵੀ ਸਾਨੂੰ ਨਹੀਂ, ਬਾਲੀਵੁੱਡ ਨੂੰ ਬਣਾਉਣੀ ਪਈ।

ਹੁਣ ਜਦੋਂ ਬਟਾਲਵੀ ਦੀ ਵਾਰੀ ਆਈ ਹੈ, ਫਿਰ ਉਹੀ ਹਾਲਾਤ ਬਣ ਰਹੇ ਹਨ।

ਕੀ ਅਸੀਂ ਹਰ ਵਾਰੀ ਆਪਣੀ ਕਹਾਣੀ ਕਿਸੇ ਹੋਰ ਨੂੰ ਦੇ ਦੇਵਾਂਗੇ?

ਬਟਾਲਵੀ- ਸਿਰਫ਼ ਕਵੀ ਨਹੀਂ, ਇੱਕ ਅਹਿਸਾਸ

ਸ਼ਿਵ ਕੁਮਾਰ ਬਟਾਲਵੀ ਦੀ ਜ਼ਿੰਦਗੀ ਸਿਰਫ਼ ਇਸ਼ਕ ਦੀ ਕਹਾਣੀ ਨਹੀਂ ਸੀ।

ਉਹ ਦਰਦ ਸੀ, ਬਗਾਵਤ ਸੀ, ਇਕ ਅਧੂਰੀ ਤਲਾਸ਼ ਸੀ।

ਉਸਦੀ ਕਵਿਤਾ ਵਿੱਚ ਜੋ ਸੱਚਾਈ ਸੀ, ਉਹਨੂੰ ਸਮਝਣਾ ਆਸਾਨ ਨਹੀਂ।

ਜੇ ਬਾਲੀਵੁੱਡ ਇਸਨੂੰ ਸਿਰਫ਼ “ਦੁੱਖੀ ਪ੍ਰੇਮੀ” ਦੀ ਕਹਾਣੀ ਬਣਾਕੇ ਪੇਸ਼ ਕਰਦਾ ਹੈ, ਤਾਂ ਇਹ ਬਟਾਲਵੀ ਨਾਲ ਨਿਆਂ ਨਹੀਂ ਹੋਵੇਗਾ।

ਪੰਜਾਬੀ ਇੰਡਸਟਰੀ ਦੀ ਖਾਮੋਸ਼ੀ- ਸਭ ਤੋਂ ਵੱਡਾ ਸਵਾਲ

ਸਭ ਤੋਂ ਹੈਰਾਨੀ ਦੀ ਗੱਲ ਇਹ ਹੈ ਕਿ ਪੰਜਾਬੀ ਫਿਲਮ ਇੰਡਸਟਰੀ ਵੱਲੋਂ ਕੋਈ ਵੀ ਪ੍ਰਤੀਕਿਰਿਆ ਨਹੀਂ ਆ ਰਹੀ।

ਨਾ ਕੋਈ ਪ੍ਰੋਜੈਕਟ ਦਾ ਐਲਾਨ

ਨਾ ਕੋਈ ਵਿਰੋਧ

ਨਾ ਕੋਈ ਚਰਚਾ

ਕੀ ਅਸੀਂ ਸਿਰਫ਼ ਹਲਕੀਆਂ-ਫੁਲਕੀਆਂ ਕਾਮੇਡੀ ਫਿਲਮਾਂ ਤੱਕ ਹੀ ਸੀਮਿਤ ਹੋ ਗਏ ਹਾਂ?

ਕੀ ਸਾਡੇ ਕੋਲ ਉਹ ਹਿੰਮਤ ਨਹੀਂ ਕਿ ਅਸੀਂ ਆਪਣੇ ਮਹਾਨ ਕਲਾਕਾਰਾਂ ਦੀਆਂ ਕਹਾਣੀਆਂ ਆਪ ਦੱਸ ਸਕੀਏ?

ਬਾਲੀਵੁੱਡ- ਮੌਕਾ ਵੀ, ਖਤਰਾ ਵੀ

ਇਹ ਗੱਲ ਵੀ ਸਹੀ ਹੈ ਕਿ ਬਾਲੀਵੁੱਡ ਕੋਲ ਵੱਡਾ ਪਲੇਟਫਾਰਮ ਹੈ।

ਉਹ ਬਟਾਲਵੀ ਨੂੰ ਦੁਨੀਆ ਦੇ ਕੋਨੇ-ਕੋਨੇ ਤੱਕ ਪਹੁੰਚਾ ਸਕਦਾ ਹੈ।

ਪਰ ਡਰ ਇਹ ਹੈ ਕਿ

ਕਿਤੇ ਉਹਦੀ ਰੂਹ ਨੂੰ “ਮਾਰਕੀਟ” ਦੇ ਹਵਾਲੇ ਨਾ ਕਰ ਦਿੱਤਾ ਜਾਵੇ।

ਕਿਉਂਕਿ ਬਾਲੀਵੁੱਡ ਲਈ ਕਹਾਣੀ ਅਕਸਰ ਇੱਕ ਪ੍ਰੋਡਕਟ ਹੁੰਦੀ ਹੈ, ਜਦਕਿ ਸਾਡੇ ਲਈ ਉਹ ਸਾਡੀ ਪਹਿਚਾਣ ਹੈ।

ਅਸੀਂ ਕੀ ਕਰ ਸਕਦੇ ਹਾਂ?

ਹੁਣ ਵੀ ਸਮਾਂ ਹੈ

ਪੰਜਾਬੀ ਲੇਖਕਾਂ ਨੂੰ, ਡਾਇਰੈਕਟਰਾਂ ਨੂੰ, ਨਵੇਂ ਟੈਲੈਂਟ ਨੂੰ ਅੱਗੇ ਆਉਣਾ ਪਵੇਗਾ।

ਸਾਨੂੰ ਆਪਣੇ ਕਲਾਕਾਰਾਂ ਦੀਆਂ ਕਹਾਣੀਆਂ ਆਪ ਦੱਸਣੀਆਂ ਪੈਣਗੀਆਂ।

ਜੇ ਅਸੀਂ ਅੱਜ ਵੀ ਚੁੱਪ ਰਹੇ, ਤਾਂ ਕੱਲ੍ਹ ਹਰ ਬਟਾਲਵੀ, ਹਰ ਚਮਕੀਲਾ ਕਿਸੇ ਹੋਰ ਦੀ ਕਹਾਣੀ ਬਣ ਜਾਵੇਗਾ।

ਅੰਤਿਮ ਗੱਲ

ਚਮਕੀਲਾ ਵੀ ਸਾਡਾ ਸੀ... ਬਟਾਲਵੀ ਵੀ ਸਾਡਾ ਹੈ...

ਪਰ ਕਹਾਣੀ ਹਰ ਵਾਰੀ ਕੋਈ ਹੋਰ ਸੁਣਾ ਜਾਂਦਾ ਹੈ।

ਇਹ ਸਿਰਫ਼ ਇੱਕ ਫਿਲਮ ਦਾ ਮਸਲਾ ਨਹੀਂ

ਇਹ ਸਾਡੀ ਸੱਭਿਆਚਾਰਕ ਪਹਿਚਾਣ ਦਾ ਸਵਾਲ ਹੈ।



ਸਾਂਝੀ ਸੋਚ
ਰੋਹਿਤ ਵਰਮਾ
7837479803







Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

GHUMAN LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ AMERICA ਵਿੱਚ BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA



ਬਘੇਲ ਸਿੰਘ ਧਾਲੀਵਾਲ
99142-58142

# ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗਰੰਥ

ਨਾਮਧਾਰੀ ਸੰਪਰਦਾਇ ਦੇ ਮੌਜੂਦਾ ਦੌਰ ਦੇ ਮੁਖੀ ਅਕਸਰ ਹੀ ਸਿੱਖੀ ਸਿਧਾਂਤਾਂ ਦੇ ਖਿਲਾਫ ਟਿੱਪਣੀਆਂ ਕਾਰਨ ਚਰਚਾ ਵਿੱਚ ਰਹਿੰਦੇ ਹਨ। ਹੁਣ ਇਸ ਸੰਸਥਾ ਦੇ ਇੱਕ ਧੜੇ ਦੇ ਮੁਖੀ ਠਾਕੁਰ ਦਲੀਪ ਸਿੰਘ ਨੇ ਆਪਣੀ ਸੰਪਰਦਾਇ ਵੱਲੋਂ ਚਲਾਈ ਦੇਹਧਾਰੀ ਗੁਰੂ ਦੀ ਪਰੰਪਰਾ ਨੂੰ ਸਹੀ ਸਾਬਤ ਕਰਦਿਆਂ ਕਿਹਾ ਕਿ ਦੇਹਧਾਰੀ ਗੁਰੂ ਹੀ ਗਿਆਨ ਦੇ ਸਕਦਾ ਹੈ,ਕੋਈ ਧਾਰਮਿਕ ਪੁਸਤਕ ਆਪਣੇ ਆਪ ਗਿਆਨ ਨਹੀ ਦੇ ਸਕਦੀ। ਸੋ ਇੱਥੇ ਆਪਣੀ ਦੇਹਧਾਰੀ ਗੱਦੀ ਨੂੰ ਸਲਾਮਤ ਰੱਖਣ ਖਾਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਇੱਕ ਧਾਰਮਿਕ ਕਿਤਾਬ ਕਹਿਣਾ ਸਿਰਫ਼ ਇੱਕ ਬਿਆਨ ਨਹੀਂ, ਸਗੋਂ ਸਿੱਖ ਇਤਿਹਾਸ, ਸਿੱਖ ਆਤਮਿਕਤਾ ਅਤੇ ਸਿੱਖਾਂ ਦੀ ਆਪਣੇ ਜੁਗੋ ਜੁਗ ਅਟੱਲ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀ ਹੋਂਦ, ਅਸਥਾ ਤੇ ਸਿੱਧਾ ਵਾਰ ਹੈ। ਇਹ ਗੱਲ ਇੰਨੀ ਸੌਖੀ ਨਹੀਂ ਕਿ ਇਸਨੂੰ ਕਿਸੇ ਨਿੱਜੀ ਵਿਚਾਰ ਕਹਿ ਕੇ ਛੱਡ ਦਿੱਤਾ ਜਾਵੇ। ਇਹ ਉਹ ਮਸਲਾ ਹੈ ਜਿਸਦਾ ਸਬੰਧ ਸਿੱਖ ਅਤੇ ਸਿੱਖੀ ਦੀ ਰੂਹ ਨਾਲ ਹੈ।ਸ੍ਰੀ ਗੁਰੂ ਗਰੰਥ ਸਾਹਿਬ ਜੀ, ਨਾਨਕ ਨਾਮ ਲੇਵਾ ਸਿੱਖਾਂ ਦੇ ਜਾਗਤ ਜੋਤ ਸਦੀਵੀ ਗੁਰੂ ਹਨ,ਜਿਸਨੂੰ ਸਿੱਖ ਕੌਮ ਸਦੀਆਂ ਤੋਂ ਆਪਣੇ ਮਨੁੱਖਾ ਜੀਵਨ ਲਈ ਸਕਤੀ ਦਾ ਸੋਮਾ ਅਤੇ ਅਤੀਤ,ਵਰਤਮਾਨ ਅਤੇ ਭਵਿੱਖ ਦਾ ਮਾਰਗ ਦਰਸ਼ਕ ਮੰਨਕੇ ਜੀਵਨ ਜਾਚ ਸਿੱਖਦੀ ਆ ਰਹੀ ਹੈ।ਸਰਬਤ ਦਾ ਭਲਾ,ਸਰਬ ਸਾਂਝੀ ਵਾਲਤਾ ਅਤੇ ਊਚ ਨੀਚ ਦੇ ਭਿੰਨ ਭੇਦ ਨੂੰ ਅਸਲੋਂ ਹੀ ਰੱਦ ਕਰਨ ਵਰਗੇ ਸਦਗੁਣ ਇਸ ਜਾਗਤ ਜੋਤ ਗੁਰੂ ਗਰੰਥ ਸਾਹਿਬ ਜੀ ਦੀ ਬਖਸ਼ਿਸ਼ ਕਰਕੇ ਹੀ ਸੰਭਵ ਹਨ।ਸਭ ਤੋਂ ਪਹਿਲਾਂ ਇਹ ਸਮਝਣਾ ਲਾਜ਼ਮੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਲਈ ਕੀ ਹਨ। ਧੰਨ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਸਿਰਫ਼ ਸਬਦਾਂ ਦਾ ਭੰਡਾਰ ਨਹੀਂ, ਨਾ ਹੀ ਇਹ ਕਾਗਜ਼ਾਂ 'ਤੇ ਲਿਖਿਆ ਹੋਇਆ ਦੁਨਿਆਵੀ ਸਾਹਿਤ ਹੈ,ਬਲਕਿ ਇਹ ਤਾਂ ਉਹ "ਸ਼ਬਦ ਗੁਰੂ" ਹਨ, ਜਿਸਦੀ ਸਥਾਪਨਾ ਖੁਦ ਗੁਰੂ ਸਾਹਿਬਾਨ ਨੇ ਕੀਤੀ। ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ 1604 ਵਿੱਚ ਆਦਿ ਗ੍ਰੰਥ ਦੀ ਸੰਪਾਦਨਾ ਕਰਕੇ ਇਸਨੂੰ ਹਰਿਮੰਦਰ ਸਾਹਿਬ ਵਿੱਚ ਪੋਥੀ ਸਾਹਿਬ ਦੇ ਰੂਪ ਵਿੱਚ ਸਥਾਪਿਤ ਕੀਤਾ। ਇਹ ਸੰਪਾਦਨਾ ਸਿਰਫ਼ ਰਚਨਾਵਾਂ ਨੂੰ ਇਕੱਠਾ ਕਰਨ ਦਾ ਕੰਮ ਨਹੀਂ ਸੀ, ਸਗੋਂ ਸੱਚ ਦੀ ਪਰਖ ਦਾ ਇਕ ਵੱਡਾ ਮਾਪਦੰਡ ਸੀ। ਗੁਰੂ ਅਰਜਨ ਦੇਵ ਜੀ ਨੇ ਸਿਰਫ਼ ਸਿੱਖ ਗੁਰੂਆਂ ਦੀ ਬਾਣੀ ਹੀ ਨਹੀਂ, ਸਗੋਂ 15 ਭਗਤਾਂ,11 ਭੱਟਾਂ,ਅਤੇ ਤਿੰਨ ਗੁਰਸਿੱਖਾਂ ਦੀ ਬਾਣੀ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ। ਇਹ ਗੱਲ ਸਪਸ਼ਟ ਕਰਦੀ ਹੈ ਕਿ ਇਹ ਗ੍ਰੰਥ ਕਿਸੇ ਇੱਕ ਵਿਅਕਤੀ ਦੀ ਲਿਖਤ ਨਹੀਂ, ਸਗੋਂ ਸੱਚ ਦੀ ਸਰਬਵਿਆਪੀ ਅਵਾਜ਼ ਹੈ। ਜੇ ਇਹ ਸਿਰਫ਼ ਇੱਕ "ਕਿਤਾਬ" ਹੁੰਦੀ, ਤਾਂ ਕੀ ਗੁਰੂ ਸਾਹਿਬ ਇਸਨੂੰ ਇੰਨੀ ਮਹੱਤਤਾ ਦਿੰਦੇ ? ਕੀ ਹਰਿਮੰਦਰ ਸਾਹਿਬ ਵਿੱਚ ਇਸਦੀ ਪ੍ਰਕਾਸ਼ਤਾ ਕੀਤੀ ਜਾਂਦੀ ? ਕੀ ਇਸਦੇ ਅੱਗੇ ਸਿਰ ਨਿਵਾਇਆ ਜਾਂਦਾ?

ਇਹ ਸਵਾਲ ਹਰ ਉਹ ਵਿਅਕਤੀ ਆਪਣੇ ਆਪ ਤੋਂ ਪੁੱਛੇ ਜੋ ਇਸ ਜੁੱਗੋ ਜੁੱਗ ਅਟੱਲ ਗੁਰੂ ਨੂੰ ਸਧਾਰਣ ਧਾਰਮਿਕ ਪੁਸਤਕ ਕਹਿਣ ਦੀ ਜੁਰਅਤ ਕਰਦਾ ਹੈ। ਸਿੱਖ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਆਸਥਾ ਲਈ ਸਿੱਖਾਂ ਨੇ ਆਪਣੇ ਸਿਰ ਤੱਕ ਵਾਰ ਦਿੱਤੇ। 18ਵੀਂ ਸਦੀ ਦੇ ਮੁਸ਼ਕਲ ਸਮਿਆਂ ਵਿੱਚ ਜਦੋਂ ਸਿੱਖਾਂ 'ਤੇ ਜ਼ੁਲਮਾਂ ਦੀਆਂ ਹੱਦਾਂ ਪਾਰ ਹੋ ਰਹੀਆਂ ਸਨ, ਉਸ ਵੇਲੇ ਵੀ ਸਿੱਖ ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਅਤੇ ਸਤਿਕਾਰ ਨੂੰ ਕਦੇ ਨਹੀਂ ਛੱਡਿਆ। ਜੰਗ ਦੇ ਮੈਦਾਨਾਂ ਵਿੱਚ ਵੀ ਇਸਦੀ ਸੁਰੱਖਿਆ ਲਈ ਜਾਨਾਂ ਦਿੱਤੀਆਂ ਗਈਆਂ। ਕੀ ਆਮ ਕਿਤਾਬ ਪ੍ਰਤੀ ਐਨੀ ਸ਼ਰਧਾ ਰੱਖੀ ਜਾ ਸਕਦੀ ਹੈ ? ਸਿੱਖੀ ਵਿੱਚ "ਗੁਰੂ" ਦਾ ਅਰਥ ਸਿਰਫ਼ ਸਿੱਖਿਆ ਦੇਣ ਵਾਲਾ ਨਹੀਂ, ਸਗੋਂ ਅੰਧਕਾਰ ਤੋਂ ਪ੍ਰਕਾਸ਼ ਵੱਲ ਲੈ ਕੇ ਜਾਣ ਵਾਲਾ ਅਕਾਲ ਪੁਰਖ ਵਿੱਚ ਅਭੇਦ ਹੋਣ ਦੀ ਸਮਰੱਥਾ ਰੱਖਣ ਵਾਲਾ ਮਹਾਂਨ ਪੁਰਸ਼ ਹੁੰਦਾ ਹੈ। ਗੁਰੂ ਗ੍ਰੰਥ ਸਾਹਿਬ ਜੀ ਉਹ ਸਦੀਵੀ ਰੌਸ਼ਨੀ ਹੈ ਜੋ ਮਨੁੱਖ ਨੂੰ ਅਗਿਆਨਤਾ ਦੇ ਹਨੇਰੇ ਤੋਂ ਗਿਆਨ ਦੇ ਪ੍ਰਕਾਸ਼ ਵੱਲ ਲੈ ਜਾਂਦੀ ਹੈ। ਇਹ ਸਿਰਫ਼ ਪੜ੍ਹਨ ਲਈ ਨਹੀਂ, ਸਗੋਂ ਜਿਉਣ ਲਈ ਹਨ। ਇਸ ਦੀ ਬਾਣੀ ਮਨੁੱਖ ਦੇ ਅੰਦਰੂਨੀ ਬਦਲਾਅ ਦੀ ਗੱਲ ਕਰਦੀ ਹੈ, ਉਸਨੂੰ ਅਹੰਕਾਰ ਤੋਂ ਦੂਰ ਕਰਕੇ ਨਾਮ ਨਾਲ ਜੋੜਦੀ ਹੈ। ਠਾਕੁਰ ਦਲੀਪ ਸਿੰਘ ਦਾ ਉਕਤ ਬਿਆਨ ਸਿੱਖ ਦਰਸ਼ਨ ਦੀ ਮੂਲ ਸਮਝ ਤੋਂ ਬਿਲਕੁਲ ਕੋਰਾ ਅਤੇ ਵੱਖਰਾ ਹੈ। ਇਹ ਗੱਲ ਸਿਰਫ਼ ਅਗਿਆਨਤਾ ਨਹੀਂ ਦਿਖਾਉਂਦੀ, ਸਗੋਂ ਇੱਕ ਜਾਨ-ਬੁੱਝ ਕੇ ਕੀਤਾ ਗਿਆ ਗੁਨਾਹ ਜਾਪਦਾ ਹੈ। ਜੇ ਉਹ ਸਿੱਖ ਇਤਿਹਾਸ ਨੂੰ ਪੜ੍ਹਦੇ ਹਨ,ਗੁਰਬਾਣੀ ਦੀ ਅਸਲ ਵਿਚਾਰਧਾਰਾ ਨੂੰ ਸਮਝਦੇ ਹਨ,ਤਾਂ ਫਿਰ ਉਹ ਐਨੀ ਵੱਡੀ ਗੁਸਤਾਖੀ ਕਰਨ ਦੀ ਜੁਰਅਤ ਕਿਵੇਂ ਕਰ ਸਕਦੇ ਹਨ॥

ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਸਿੱਖ ਮਰਯਾਦਾ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨੂੰ ਜੀਵੰਤ ਗੁਰੂ ਵਜੋਂ ਮੰਨਿਆ ਜਾਂਦਾ ਹੈ। ਗੁਰੂ ਗਰੰਥ ਸਾਹਿਬ ਜੀ ਦਾ ਪ੍ਰਕਾਸ਼ , ਉਹਨਾਂ ਦਾ ਸੁਖਾਸਨ, ਉਹਨਾਂ ਦੇ ਪਰਕਾਸ਼ ਤੇ ਚੌਰ ਸਾਹਿਬ ਦੀ ਸੇਵਾ,ਇਹ ਸਾਰੇ ਪ੍ਰਮਾਣ ਹਨ ਕਿ ਇਹ ਸਿਰਫ਼ ਇੱਕ ਪੁਸਤਕ ਨਹੀਂ,ਬਲਕਿ ਤਖਤ ਚੌਰ ਦੇ ਮਾਲਕ,ਜਾਗਤ ਜੋਤ ਗੁਰੂ ਗਰੰਥ ਸਾਹਿਬ ਜੀ ਹਨ।ਇਸ ਤੋ ਇਲਾਵਾ ਭਾਰਤ ਦੀ ਸਭ ਤੋ ਵੱਡੀ ਅਦਾਲਤ ਸੁਪਰੀਮ ਕੋਰਟ ਨੇ ਵੀ ਸ੍ਰੀ ਗੁਰੂ ਗਰੰਥ ਸਾਹਿਬ ਜੀ ਨੂੰ ਜਾਗਤ ਜੋਤ ਗੁਰੂ ਮੰਨਿਆ ਹੈ। ਜੇਕਰ ਫਿਰ ਵੀ ਇੱਕ ਵੱਡੀ ਸੰਸਥਾ ਦੇ ਇੱਕ ਧੜੇ ਦੇ ਮੁਖੀ ਵੱਲੋਂ ਅਜਿਹਾ ਬੋਲਿਆ ਗਿਆ ਹੈ,ਤਾਂ ਇਹ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ ਹੈ। ਇਸ ਮਸਲੇ ਨੂੰ ਸਿਰਫ਼ ਭਾਵਨਾਤਮਕ ਰੂਪ ਵਿੱਚ ਨਹੀਂ, ਸਗੋਂ ਤਰਕਸੰਗਤ ਢੰਗ ਨਾਲ ਵੀ ਦੇਖਣ ਦੀ ਲੋੜ ਹੈ। ਇੱਕ ਧਾਰਮਿਕ ਕਿਤਾਬ ਸਿਰਫ਼ ਜਾਣਕਾਰੀ ਦੇ ਸਕਦੀ ਹੈ, ਪਰ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਜੀਵਨ ਨੂੰ ਦਿਸ਼ਾ ਦਿੰਦੇ ਹਨ। ਇੱਕ ਕਿਤਾਬ ਸਮੇਂ ਦੇ ਨਾਲ ਬਦਲ ਸਕਦੀ ਹੈ, ਪਰ ਗੁਰਬਾਣੀ ਸਦੀਵੀ ਹੈ। ਇੱਕ ਕਿਤਾਬ ਕਿਸੇ ਲੇਖਕ ਦੀ ਸੋਚ ਹੁੰਦੀ ਹੈ, ਪਰ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਉਸ ਅਕਾਲ ਜੋਤ ਦੀ ਅਵਾਜ਼ ਹੈ। ਇਸ ਲਈ, ਜਦੋਂ ਕੋਈ ਇਸਨੂੰ ਸਿਰਫ਼ ਧਾਰਮਿਕ ਕਿਤਾਬ ਕਹਿੰਦਾ ਹੈ, ਤਾਂ ਉਹ ਸਿੱਖੀ ਦੀ ਪੂਰੀ ਆਤਮਿਕ ਰਚਨਾ ਨੂੰ ਹੀ ਨਜ਼ਰਅੰਦਾਜ਼ ਕਰਦਾ ਹੈ। ਇਸ ਵਰਤਾਰੇ ਨੂੰ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੇ ਮਹੱਤਵ ਨੂੰ ਘਟਾਉਣ ਦੀ ਕੋਸ਼ਿਸ਼ ਵਜੋਂ ਦੇਖੇ ਜਾਣ ਦੀ ਜਰੂਰਤ ਹੈ। ਇਹ ਸਪੱਸਟ ਕਰਨਾ ਬੇਹੱਦ ਜਰੂਰੀ ਹੈ ਕਿ ਸਿੱਖ ਕੌਮ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿਰਫ਼ ਧਾਰਮਿਕ ਗ੍ਰੰਥ ਨਹੀਂ, ਸਗੋਂ ਜੀਵਨ ਦਾ ਮੂਲ ਆਧਾਰ ਹਨ। ਇਹ ਉਹ ਜੋਤ ਹਨ ਜੋ ਸਦੀਆਂ ਤੋਂ ਸਿੱਖਾਂ ਨੂੰ ਰਾਹ ਦਿਖਾ ਰਹੀ ਹੈ ਅਤੇ ਅੱਗੇ ਵੀ ਦਿਖਾਉਂਦੀ ਰਹੇਗੀ। ਇਸਨੂੰ ਧਾਰਮਿਕ ਕਿਤਾਬ ਕਹਿਣਾ ਨਾ ਸਿਰਫ਼ ਗਲਤੀ ਹੈ, ਸਗੋਂ ਇਤਿਹਾਸਕ ਸੱਚਾਈ ਅਤੇ ਅਸਥਾ ਦੇ ਖਿਲਾਫ਼ ਇੱਕ ਵੱਡਾ ਅਪਰਾਧ ਹੈ। ਜੇ ਕਿਸੇ ਨੂੰ ਸਚਮੁੱਚ ਲੋਕ ਪਰਲੋਕ ਦੇ ਰਹੱਸ ਨੂੰ ਸਮਝਣ ਦੀ ਇੱਛਾ ਹੈ, ਤਾਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਵਿਧੀ ਅਤੇ ਸਤਿਕਾਰ ਸਹਿਤ ਅਧਿਐਨ ਕਰਨਾ ਅਤੇ ਆਪਣੇ ਜੀਵਨ ਵਿੱਚ ਲਾਗੂ ਕਰਨਾ ਹੋਵੇਗਾ, ਫਿਰ ਖੁਦ ਬ ਖੁਦ ਆਪਣੇ ਆਪ ਨੂੰ ਪਤਾ ਲੱਗ ਜਾਵੇਗਾ ਕਿ ਇਹ ਮਹਿਜ਼ ਲਫ਼ਜ਼ਾਂ ਦਾ ਭੰਡਾਰ ਨਹੀਂ। ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ 1708 ਵਿੱਚ ਨਾਂਦੇੜ ਦੀ ਧਰਤੀ ਤੇ ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਨੂੰ ਗੁਰਤਾ ਗੱਦੀ ਦੇਕੇ ਸਮੁੱਚੇ ਸਿੱਖ ਜਗਤ ਨੂੰ "ਸਭ ਸਿਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ" ਦਾ ਸਦੀਵੀਂ ਹੁਕਮ ਦਿੱਤਾ,ਜਿਹੜਾ ਸਿੱਖ ਅਤੇ ਗੁਰੂ ਦੇ ਆਪਸੀ ਰਿਸ਼ਤੇ ਅਤੇ ਆਤਮਿਕ ਰਾਹਦਾਰੀ ਦਾ ਅੰਤਿਮ ਫੈਸਲਾ ਸੀ। ਗੁਰੂ ਸਾਹਿਬ ਦੇ ਇਸ ਹੁਕਮ ਨਾਲ ਸਿੱਖਾਂ ਲਈ ਮਨੁੱਖੀ ਸਰੀਰ ਵਾਲੇ ਗੁਰੂਆਂ ਦੀ ਲੜੀ ਖਤਮ ਹੋ ਗਈ ਅਤੇ ਸਦੀਵੀ ਗੁਰੂ ਵਜੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪ੍ਰਕਾਸ਼ ਕੀਤਾ ਗਿਆ। ਜਿਸਦੀ ਰੌਸ਼ਨੀ ਹਮੇਸਾ ਦੁਨੀਆਂ ਦਾ ਰਾਹ ਰੁਸ਼ਨਾਉਂਦੀ ਰਹੇਗੀ।







# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
Tea India
WAGH BAKRI
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
**ਫੋਨ : (559) 653-8130, 774-243-4154**

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ **eBaba** ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also **eBaba** Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।



ਬਰਜਿੰਦਰ ਕੌਰ ਬਿਸਰਾਓ
99889-01324

# ਲੁੱਟ–ਖੋਹ

ਹਰਮਨ ਸਕੂਲੇ ਪੜ੍ਹਦਾ ਪੜ੍ਹਦਾ ਹੀ ਬੁਰੀ ਸੰਗਤ ਵਿੱਚ ਪੈ ਗਿਆ ਸੀ। ਉਸ ਦੀ ਉੱਠਣੀ ਬੈਠਣੀ ਮਾੜੇ ਮੁੰਡਿਆਂ ਨਾਲ਼ ਹੀ ਸੀ। ਉਹਨਾਂ ਦੀ ਸੰਗਤ ਵਿੱਚ ਉਹ ਨਸ਼ੇ ਕਰਨ ਲੱਗ ਪਿਆ ਸੀ। ਪਹਿਲਾਂ ਪਹਿਲ ਸ਼ੌਕ ਸ਼ੌਕ ਵਿੱਚ ਸਵਾਦ ਦੇਖਦਾ ਦੇਖਦਾ ਚਹੁੰ ਕੁ ਸਾਲਾਂ ਵਿੱਚ ਹੀ ਚੰਗਾ ਮੋਟਾ ਨਸ਼ਾ ਕਰਨ ਲੱਗ ਪਿਆ ਸੀ। ਪਹਿਲਾਂ ਮਾਪਿਆਂ ਨੂੰ ਪਤਾ ਨਹੀਂ ਲੱਗਿਆ ਪਰ ਜਦ ਤੱਕ ਪਤਾ ਲੱਗਿਆ ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ।ਉਸ ਤੋਂ ਬਾਅਦ ਤਾਂ ਮਾਪਿਆਂ ਨੇ ਉਸ ਦਾ ਨਸ਼ਾ ਛੁਡਵਾਉਣ ਲਈ ਪਤਾ ਨਹੀਂ ਕਿੰਨੇ ਕੁ ਵੇਲਣ ਵੇਲੇ, ਪਰ ਸਭ ਵਿਅਰਥ ਰਿਹਾ। ਅਗਾਂਹ ਉਸ ਨੇ ਕੀ ਪੜ੍ਹਨਾ ਸੀ ,ਬਾਰ੍ਹਵੀਂ ਮਸਾਂ ਨਕਲ ਮਾਰ ਕੇ ਪਾਸ ਕੀਤੀ ਸੀ। ਮਾਪਿਆਂ ਨੇ ਤਾਂ ਉਸ ਨੂੰ ਕਾਲਜ ਲਾਇਆ ,ਦੋ ਤਿੰਨ ਸਾਲ ਧੱਕੇ ਖਾ ਕੇ ਹਟ ਗਿਆ ਸੀ। ਵੱਡੀ ਭੈਣ ਵੀ ਨੇੜਲੇ ਪਿੰਡ ਵਿਆਹੀ ਗਈ ਸੀ। ਉਹ ਵੀ ਉਸ ਨੂੰ ਬਹੁਤ ਸਮਝਾਉਂਦੀ , ਪਰ ਹਰਮਨ ਹੁਣ ਕਿਸੇ ਦੀ ਵੀ ਨਹੀਂ ਸੁਣਦਾ ਸੀ।

ਹਰਮਨ ਦੇ ਪਿਤਾ ਕੋਲ ਚਾਹੇ ਥੋੜ੍ਹੀ ਜ਼ਮੀਨ ਸੀ,ਪਰ ਪਹਿਲਾਂ ਗੁਜ਼ਾਰਾ ਬਹੁਤ ਸੋਹਣਾ ਹੁੰਦਾ ਸੀ । ਹੌਲੀ ਹੌਲੀ ਹਰਮਨ ਦੀ ਦਿਨ ਬ ਦਿਨ ਵਧਦੀ ਨਸ਼ੇ ਦੀ ਲਲਕ ਨੇ ਘਰ ਅਤੇ ਮਾਪੇ ਜਮ੍ਹਾਂ ਰੋਲ਼ ਕੇ ਰੱਖ ਦਿੱਤੇ ਸਨ। ਮਾਪਿਆਂ ਨੇ ਉਸ ਦਾ ਖ਼ਰਚਾ ਪਾਣੀ ਬੰਦ ਕਰ ਦਿੱਤਾ।ਉਹ ਸੋਚਦੇ ਸਨ ਕਿ ਜਦ ਉਹ ਪੈਸੇ ਨਹੀਂ ਦੇਣਗੇ ਤਾਂ ਨਸ਼ੇ ਕਿੱਥੋਂ ਖ਼ਰੀਦੇਗਾ? ਪਰ ਜਿਸ ਨੂੰ ਇਹ ਕੋਹੜ ਲੱਗ ਜਾਵੇ ਉਹ ਕਿਵੇਂ ਦੂਰ ਹੋ ਸਕਦਾ ਹੈ।

ਆਪਣੇ ਨਸ਼ਿਆਂ ਦੀ ਪੂਰਤੀ ਲਈ ਉਹ ਆਪਣੇ ਨਸ਼ੇੜੀ ਦੋਸਤਾਂ ਨਾਲ ਪਹਿਲਾਂ ਨਿੱਕੀਆਂ ਮੋਟੀਆਂ ਚੋਰੀਆਂ ਕਰਨ ਲੱਗ ਪਿਆ। ਕਿਸੇ ਦੇ ਖੇਤਾਂ ਵਿੱਚੋਂ ਮੋਟਰ ਲਾਹ ਕੇ ਜਾਂ ਕੋਈ ਹੋਰ ਛੋਟਾ ਮੋਟਾ ਸਮਾਨ ਚੁੱਕ ਕੇ ਵੇਚ ਦੇਣਾ। ਪਰ ਹੁਣ ਸੁਣਨ ਵਿੱਚ ਆਇਆ ਸੀ ਕਿ ਉਹ ਦਾਅ ਲੱਗਦੇ ਲੁੱਟਾਂ ਖੋਹਾਂ ਕਰਨ ਲੱਗ ਪਿਆ ਸੀ। ਸੁੰਨਿਆਂ ਰਾਹਾਂ ਤੇ ਕਿਸੇ ਇਕੱਲੇ ਰਾਹੀ ਦਾ ਬਟੂਆ ਖੋਹ ਲੈਣਾ, ਕਿਸੇ ਦੇ ਸੋਨੇ ਦੇ ਗਹਿਣੇ ਜਿਵੇਂ ਛਾਪਾਂ ਛੱਲੇ ਪਾਏ ਹੋਏ ਲੋਕਾਂ ਦੇ ਲਹਾ ਲੈਣੇ, ਕਿਸੇ ਦੀ ਚੈਨ ਖਿੱਚ ਲੈਣੀ। ਹੁਣ ਇਹਨਾਂ ਅੱਠ ਦਸ ਨਸ਼ੇੜੀਆਂ ਦਾ ਲੁੱਟਾਂ ਖੋਹਾਂ ਕਰਨ ਵਾਲਿਆਂ ਦਾ ਇੱਕ ਵੱਡਾ ਗਰੁੱਪ ਬਣਾ ਗਿਆ ਸੀ। ਇੱਕ ਹਨੇਰੀ ਸ਼ਾਮ ਨੂੰ ਹਰਮਨ ਦੇ ਸਾਰੇ ਨਸ਼ੇੜੀ ਦੋਸਤ ਸੜਕ ਦੇ ਕਿਨਾਰੇ ਝਾੜੀਆਂ ਵਿੱਚ ਲੁੱਟ ਖੋਹ ਕਰਨ ਲਈ ਘਾਤ ਲਗਾ ਕੇ ਬੈਠੇ ਸਨ। ਸ਼ਹਿਰ ਵੱਲੋਂ ਇੱਕ ਪਤੀ - ਪਤਨੀ ਦਾ ਜੋੜਾ ਆ ਰਿਹਾ ਸੀ।

ਇਹਨਾਂ ਸਾਰਿਆਂ ਦੇ ਮੂੰਹ ਢਕੇ ਹੋਏ ਸਨ। ਉਹਨਾਂ ਵਿੱਚੋਂ ਚਾਰ ਪੰਜ ਜਾਣੇ ਉਸ ਜੋੜੇ ਵਿੱਚੋਂ ਪਤਨੀ ਨੂੰ ਖਿੱਚ ਕੇ ਖੇਤਾਂ ਵਿੱਚ ਲੈ ਗਏ ਉਸ ਦੇ ਗਹਿਣੇ ਉਤਰਵਾ ਲਏ ਤੇ ਉਸ ਦੇ ਵਿਰੋਧ ਕਰਨ ਤੇ ਉਸ ਨਾਲ ਜ਼ਬਰ ਜ਼ਿਨਾਹ ਕਰਕੇ ਉਸ ਨੂੰ ਜਾਨੋਂ ਮਾਰ ਦਿੱਤਾ।ਪਤੀ ਦੇ ਵੀ ਬਟੂਆ ਖੋਹ ਕੇ, ਛਾਪ ਤੇ ਕੜਾ ਲਾਹ ਕੇ ਉਸਨੂੰ ਅੱਧਮਰੀ ਹਾਲਤ ਵਿੱਚ ਸੁੱਟ ਗਏ। ਹਰਮਨ ਅਤੇ ਉਸ ਦੇ ਕੁਝ ਸਾਥੀ ਦੂਜੇ ਪਾਸੇ ਵਾਰਦਾਤਾਂ ਕਰਨ ਗਏ ਹੋਏ ਸਨ।

ਅੱਧੀ ਰਾਤ ਨੂੰ ਸਾਰੇ ਨਸ਼ੇੜੀ ਆਪਣੇ ਅੱਡੇ ਇਕੱਠੇ ਹੋਏ ਤੇ ਬਹੁਤ ਖੁਸ਼ ਸਨ ਕਿਉਂਕਿ ਅੱਜ ਉਸ ਜੋੜੇ ਕੋਲੋਂ ਵੀਹ ਪੱਚੀ ਹਜ਼ਾਰ ਨਕਦੀ ਤੇ ਕਾਫ਼ੀ ਸਾਰੇ ਗਹਿਣੇ ਹੱਥ ਲੱਗ ਗਏ ਸਨ। ਸਾਰਿਆਂ ਨੇ ਰਲ਼ ਕੇ ਜਸ਼ਨ ਮਨਾਇਆ ਤੇ ਰੱਜ ਕੇ ਨਸ਼ਾ ਕੀਤਾ। ਜਦ ਅਗਲੀ ਦੁਪਹਿਰ ਤੱਕ ਨਸ਼ਾ ਉਤਰਿਆ ਤਾਂ ਹਰਮਨ ਦੇ ਘਰੋਂ ਬਹੁਤ ਸਾਰੇ ਫੋਨ ਆਏ ਹੋਏ ਸਨ। ਉਹ ਦੇਖ਼ ਕੇ ਹੈਰਾਨ ਸੀ ਕਿ ਉਸ ਦੇ ਘਰਦਿਆਂ ਨੇ ਤਾਂ ਉਸ ਦਾ ਖਹਿੜਾ ਹੀ ਛੱਡਿਆ ਹੋਇਆ ਹੈ ਫਿਰ ਅਚਾਨਕ ਘਰੋਂ ਐਨੇ ਫੋਨ ਕਿਵੇਂ ਆ ਗਏ ਸਨ। ਉਸ ਨੇ ਮਾਂ ਨੂੰ ਫ਼ੋਨ ਲਾਇਆ ਤਾਂ ਪਿੱਛੋਂ ਰੋਣ ਕਰਲਾਉਣ ਦੀਆਂ ਅਵਾਜ਼ਾਂ ਆ ਰਹੀਆਂ ਸਨ, ਫੋਨ ਗੁਆਂਢਣ ਨੇ ਚੁੱਕਿਆ ਤੇ ਕਿਹਾ,"ਹਰਮਨ ਪੁੱਤ, ਤੁਹਾਡੇ ਨਾਲ ਤਾਂ ਕਹਿਰ ਹੋ ਗਿਆ..... ਰਾਤ ਤੇਰੀ ਭੈਣ ਤੇ ਭਣੋਈਏ ਨਾਲ ਲੁੱਟ ਖੋਹ ਦੀ ਵਾਰਦਾਤ ਹੋ ਗਈ....... ਤੇਰੀ ਭੈਣ ਦੀ ਇੱਜ਼ਤ ਲੁੱਟ ਕੇ ........ਜ਼ਾਲਮ... ਓਹਦਾ ਕਤਲ ਕਰ ਗਏ.........ਜਵਾਈ ਦਾ ਵੀ........ ਕੋਈ ਪਤਾ ਨੀ ਬਚੂ ਕਿ ਨਹੀਂ।" ਉਹ ਸੁੰਨ ਹੋਇਆ ਖੜ੍ਹਾ ਖੜ੍ਹਾ ਆਪਣੇ ਸਾਥੀਆਂ ਵੱਲ ਵੇਖਦਾ ਵੇਖਦਾ ਉੱਥੇ ਹੀ ਜ਼ਮੀਨ ਉੱਤੇ ਧੜੰਮ ਡਿੱਗ ਗਿਆ।

Now Open New Banquet Hall in Sacramento
For more info: Contact Paul : (916)334-6000







web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# ਸੋਹਣੇ, ਸੁਨੱਖੇ ਮੁੰਡੇ

ਗੁਰਵਿੰਦਰ ਦੀ ਇਹ ਦਿਲੀ ਇੱਛਾ ਸੀ ਕਿ ਉਸ ਦਾ ਵਿਆਹ ਕਿਸੇ ਸੋਹਣੇ, ਸੁਨੱਖੇ ਮੁੰਡੇ ਨਾਲ ਹੋਵੇ। ਆਖਰ ਉਸ ਦੀ ਇਹ ਇੱਛਾ ਪੂਰੀ ਹੋ ਗਈ। ਉਸ ਦਾ ਵਿਆਹ ਕੁੱਲੇਵਾਲ ਪਿੰਡ ਵਿੱਚ ਸੋਹਣੇ, ਸੁਨੱਖੇ ਸ਼ਾਮ ਨਾਲ ਹੋ ਗਿਆ। ਉਸ ਨੇ ਸ਼ਾਮ ਦਾ ਘਰ ਬਾਰ ਦੇਖਣ ਦੀ ਵੀ ਲੋੜ ਨਹੀਂ ਸੀ ਸਮਝੀ। ਉਸ ਦਾ ਵਿਆਹ ਹੋਏ ਨੂੰ ਤਿੰਨ ਮਹੀਨੇ ਹੀ ਹੋਏ ਸਨ ਕਿ ਉਸ ਨੂੰ ਸ਼ਾਮ ਦੇ ਘਰ ਦੀ ਅਸਲੀਅਤ ਦਾ ਪਤਾ ਲੱਗ ਗਿਆ। ਸ਼ਾਮ ਆਪਣੇ ਵੱਡੇ ਭਰਾ ਅਤੇ ਛੋਟੇ ਭਰਾ ਨਾਲ ਮਿਲ ਕੇ ਕੰਮ ਕਰਦਾ ਸੀ। ਤਿੰਨਾਂ ਨੂੰ ਜੋ ਕੁੱਝ ਮਿਲਦਾ, ਉਹ ਵੱਡਾ ਭਰਾ ਰੱਖ ਲੈਂਦਾ ਤੇ ਅੱਗੇ ਆਪਣੀ ਪਤਨੀ ਨੂੰ ਦੇ ਦਿੰਦਾ।

ਉਹ ਰੱਜ ਕੇ ਕੰਜੂਸ ਸੀ। ਉਹ ਨਿੱਤ ਵਰਤੋਂ ਦੀਆਂ ਚੀਜ਼ਾਂ ਲੈਣ ਨੂੰ ਵੀ ਪੈਸੇ ਨਹੀਂ ਸੀ ਦਿੰਦੀ। ਉਹ ਮੰਗਣ ਤੇ ਸ਼ਾਮ ਨੂੰ ਵੀ ਕੁੱਝ ਨਹੀਂ ਸੀ ਦਿੰਦੀ ਪਰ ਕਹਿੰਦਾ ਕੁੱਝ ਨਾ ਕਿਉਂਕਿ ਉਸ ਦਾ ਆਪਣਾ ਦਿਮਾਗ਼ ਕੰਮ ਨਹੀਂ ਸੀ ਕਰਦਾ। ਜੇ ਗੁਰਵਿੰਦਰ ਸ਼ਾਮ ਨੂੰ ਕੁੱਝ ਕਹਿੰਦੀ, ਤਾਂ ਉਹ ਜਾ ਕੇ ਆਪਣੀ ਵੱਡੀ ਭਰਜਾਈ ਨੂੰ ਦੱਸ ਦਿੰਦਾ। ਵੱਡੀ ਭਰਜਾਈ ਗੁਰਵਿੰਦਰ ਨੂੰ ਵੱਧ, ਘੱਟ ਬੋਲ ਕੇ ਚੁੱਪ ਕਰਾ ਦਿੰਦੀ। ਇਸ ਤਰ੍ਹਾਂ ਬਹੁਤਾ ਸਮਾਂ ਨਾ ਲੰਘਿਆ। ਗੁਰਵਿੰਦਰ ਆਪਣੇ ਪੇਕੇ ਆ ਕੇ ਆਪਣੀ ਮੰਮੀ ਕੋਲ ਰਹਿਣ ਲੱਗ ਪਈ।

ਅੱਜ ਜਦੋਂ ਗੁਰਵਿੰਦਰ ਦੀ ਭਾਣਜੀ ਮਨਜੀਤ ਦਾ ਫੋਨ ਆਇਆ ਕਿ ਉਸ ਦਾ ਰਿਸ਼ਤਾ ਸੋਹਣੇ, ਸੁਨੱਖੇ ਮੁੰਡੇ ਨਾਲ ਹੁੰਦਾ ਆ,ਤਾਂ ਉਸ ਨੇ ਮਨਜੀਤ ਨੂੰ ਝੱਟ ਆਖਿਆ, "ਮਨਜੀਤ ਮੁੰਡਿਆਂ ਦੇ ਰੰਗ, ਰੂਪ ਨ੍ਹੀ ਦੇਖੀਦੇ। ਸਗੋਂ ਕੰਮ, ਅਕਲ ਤੇ ਘਰ, ਬਾਰ ਦੇਖੀਦੇ ਆ। ਮੈਂ ਸੋਹਣੇ, ਸੁਨੱਖੇ ਨਾਲ ਵਿਆਹ ਕਰਵਾ ਕੇ ਪਛਤਾ ਰਹੀ ਆਂ। ਉਸ ਵੇਲੇ ਜੇਕਰ ਮੈਂ ਇਹ ਸਭ ਕੁੱਝ ਦੇਖਿਆ ਹੁੰਦਾ, ਤਾਂ ਅੱਜ ਪੇਕੀਂ ਨਾ ਬੈਠੀ ਹੁੰਦੀ।" ਮਨਜੀਤ ਨੂੰ ਗੱਲ ਸਮਝ ਆ ਗਈ ਤੇ ਉਸ ਨੇ ਗੁਰਵਿੰਦਰ ਦੀ ਹਾਂ ਵਿੱਚ ਹਾਂ ਮਿਲਾ ਕੇ ਫੋਨ ਬੰਦ ਕਰ ਦਿੱਤਾ।



ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554

# ਜ਼ਲੀਲ

ਲਕਸ਼ਮੀ ਕਰਿਆਨਾ ਸਟੋਰ ਤੇ ਕੰਮ ਕਰਦੇ ਨੂੰ ਸੋਢੀ ਨੂੰ ਇੱਕ ਸਾਲ ਹੋ ਚੱਲਿਆ ਸੀ। ਕਰਿਆਨੇ ਸਟੋਰ ਦੇ ਮਾਲਕ ਹਰੀਸ਼ ਨੇ ਸੋਢੀ ਨੂੰ ਛੇ ਕੁ ਮਹੀਨਿਆਂ ਦੀ ਤਨਖਾਹ ਬੜੀ ਮੁਸ਼ਕਲ ਨਾਲ ਦਿੱਤੀ ਸੀ। ਜੇਬ ਚੋਂ ਪੈਸੇ ਕੱਢਣ ਵੇਲੇ ਜਿਵੇਂ ਉਸ ਨੂੰ ਸੱਪ ਹੀ ਸੁੰਘ ਜਾਂਦਾ ਸੀ। ਅੱਜ ਮਹੀਨੇ ਦੀ ਦਸ ਤਰੀਕ ਹੋ ਗਈ ਸੀ, ਪਰ ਹਰੀਸ਼ ਨੇ ਸੋਢੀ ਨੂੰ ਤਨਖਾਹ ਨਹੀਂ ਦਿੱਤੀ ਸੀ। ਸੋਢੀ ਨੇ ਹੌਸਲਾ ਕਰਕੇ ਹਰੀਸ਼ ਨੂੰ ਆਖਿਆ," ਅੰਕਲ ਜੀ, ਮੇਰੇ ਡੈਡੀ ਨੇ ਕੁੱਛ ਦਿਨ ਹੋਏ, ਪੇਟ ਦੀ ਸਕੈਨਿੰਗ ਕਰਵਾਈ ਸੀ। ਉਸ ਦੇ ਪਿੱਤੇ 'ਚ ਪੱਥਰੀ ਆ। ਮੇਰੇ ਡੈਡੀ ਨੇ ਅਪਰੇਸ਼ਨ ਕਰਵਾਣਾ ਆਂ। ਮੈਨੂੰ ਬਾਕੀ ਰਹਿੰਦੇ ਮਹੀਨਿਆਂ ਦੀ ਤਨਖਾਹ ਦੇ ਦਿਉ, ਤਾਂ ਕਿ ਮੇਰਾ ਡੈਡੀ ਅਪਰੇਸ਼ਨ ਕਰਵਾ ਸਕੇ।"

" ਤੂੰ ਹਰ ਵੇਲੇ ਤਨਖਾਹ, ਤਨਖਾਹ ਕਰੀ ਜਾਇਆ ਕਰ। ਤੇਰੀ ਤਨਖਾਹ ਦੇ ਪੈਸਿਆਂ ਨਾਲ ਕਿਹੜਾ ਤੇਰੇ ਡੈਡੀ ਦਾ ਅਪਰੇਸ਼ਨ ਹੋ ਜਾਣਾ। ਨਾਲੇ ਪੈਸੇ ਮੈਂ ਤੈਨੂੰ ਉਦੋਂ ਦੇਵਾਂਗਾ, ਜਦੋਂ ਮੇਰੇ ਕੋਲ ਹੋਣਗੇ। ਹਾਲੇ ਚੁੱਪ ਕਰਕੇ ਏਦਾਂ ਹੀ ਕੰਮ ਕਰੀ ਜਾਹ। ਜੇ ਨਹੀਂ ਕੰਮ ਕਰਨਾ, ਤਾਂ ਇੱਥੋਂ ਚੱਲਦਾ ਬਣ।" ਹਰੀਸ਼ ਨੇ ਗੁੱਸੇ 'ਚ ਆਖਿਆ।

" ਪੈਸੇ ਤਾਂ ਮੈਂ ਲੈ ਕੇ ਹੀ ਜਾਊਂਗਾ, ਚਾਹੇ ਜੋ ਮਰਜ਼ੀ ਹੋ ਜਾਵੇ।"

" ਅੱਛਾ, ਹੁਣ ਤੇਰੇ 'ਚ ਆਕੜ ਵੀ ਆ ਗਈ ਆ। ਇਸ ਤੋਂ ਪਹਿਲਾਂ ਕਿ ਮੈਂ ਤੈਨੂੰ ਧੱਕੇ ਮਾਰ ਕੇ ਕੱਢਾਂ, ਚੁੱਪ ਕਰਕੇ ਇੱਥੋਂ ਦਫਾ ਹੋ ਜਾ।" ਹਰੀਸ਼ ਨੇ ਹੋਰ ਤਲਖੀ ਨਾਲ ਕਿਹਾ।

ਹੋਰ ਜ਼ਲੀਲ ਹੋਣ ਨਾਲੋਂ ਸੋਢੀ ਨੇ ਉੱਥੋਂ ਜਾਣਾ ਹੀ ਠੀਕ ਸਮਝਿਆ। ਉਹ ਨਿਰਾਸ਼ ਹੋ ਕੇ ਹੌਲੀ, ਹੌਲੀ ਆਪਣੇ ਘਰ ਨੂੰ ਤੁਰ ਪਿਆ।

ਉਹ ਘਰ ਪਹੁੰਚਣ ਹੀ ਵਾਲਾ ਸੀ ਕਿ ਪਿੱਛੋਂ ਸਾਈਕਲ ਤੇ ਆ ਰਹੇ ਉਸ ਦੇ ਗੁਆਂਢੀ ਭੀਰੇ ਨੇ ਆਖਿਆ, " ਮੈਂ ਲਕਸ਼ਮੀ ਕਰਿਆਨਾ ਸਟੋਰ ਤੋਂ ਖਾਣ-ਪੀਣ ਦਾ ਸਾਮਾਨ ਲੈਣ ਗਿਆ ਸੀ। ਮੈਨੂੰ ਸਾਮਾਨ ਦਿੰਦਾ, ਦਿੰਦਾ ਹਰੀਸ਼ ਠਾਹ ਕਰਦਾ ਥੱਲੇ ਡਿੱਗ ਪਿਆ। ਹੁਣ ਉਸ ਨੂੰ ਗੱਡੀ 'ਚ ਪਾ ਕੇ ਰਾਜਾ ਹਸਪਤਾਲ ਲੈ ਗਏ ਆ। ਪਤਾ ਨ੍ਹੀ ਹੁਣ ਵਿਚਾਰੇ ਦਾ ਕੀ ਹਾਲ ਆ?"

" ਇਹ ਤਾਂ ਬਹੁਤ ਮਾੜਾ ਹੋਇਆ।" ਏਨਾ ਕਹਿ ਕੇ ਸੋਢੀ ਆਪਣੇ ਘਰ ਅੰਦਰ ਚਲਾ ਗਿਆ। ਫਿਰ ਪਤਾ ਨਹੀਂ ਕੀ ਸੋਚ ਕੇ ਉਸ ਨੇ ਆਪਣੇ ਡੈਡੀ ਵਾਲਾ ਸਾਈਕਲ ਚੁੱਕਿਆ ਤੇ ਰਾਜਾ ਹਸਪਤਾਲ ਨੂੰ ਤੁਰ ਪਿਆ, ਜੋ ਕਿ ਉਸ ਦੇ ਘਰ ਤੋਂ ਬਾਰਾਂ ਕੁ ਕਿਲੋਮੀਟਰ ਦੂਰ ਸੀ।

LARRY T. NIERMEYER
Attorney at Law



OFFERING SERVICES IN
THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA


APCA
American Petroleum and Convenience Store Association
Presents
Golf Tournament 2026
Supporting non- Profits
Children's Miracle Network
Wednesday, April 8th, 2026
Chardonnay Golf Course
American Canyon, CA 94503
Scan the QR code to register for the upcoming trade show.
This is a popular event, sells out quickly, please RSVP ASAP
Scan to Register


PROPANE
Coca-Cola
APCA
American Petroleum and Convenience Store Association
ANNUAL TRADE SHOW 2026
EXHIBITOR PACKAGE
April 9th, 2026
Sunrise Banquet Halls & Event Center
620 Orange Dr, Vacaville, CA 95687
Scan the QR code to register for the upcoming trade show.
It only takes a minute, and you're all set to join us!
Scan to Register

# TAKE CONTROL OF YOUR HEALTH!

## PRIVATE, AFFORDABLE, & CONVENIENT

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336

APCA
AMERICAN PETROLEUM AND CONVENIENCE STORE ASSOCIATION

INVITES YOU
GOLF TOURNAMENT 2026

APRIL 8, 2026

CHARDONNAY GOLF CLUB
NAPA COUNTY, CA 94503

SUPPORTING NON-PROFIT

Children's Miracle Network Hospitals
Change Kids' Health. Change the Future.





Followed by APCA's 12th Annual Trade Show

APCA is a non-profit grassroots, membership based community organization providing representation for small to medium sized enterprises.






Thursday
April 9, 2026
12:30 pm - 5:30 pm

Sunrise Banquet Hall & Events
620 Orange Drive
Vacaville, CA 95687

To register please
click link below.

Register

www.apca.us

For more information please contact: kewal@apca.us


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

## ਅੰਗ 171

ਗਉੜੀ ਪੂਰਬੀ ਮਹਲਾ ੪ ॥
ਇਹੁ ਮਨੂਆ ਖਿਨੁ ਨ ਟਿਕੈ ਬਹੁ ਰੰਗੀ ਦਹ ਦਹ ਦਿਸਿ ਚਲਿ ਚਲਿ ਹਾਢੇ ॥ ਗੁਰੁ ਪੂਰਾ ਪਾਇਆ ਵਡਭਾਗੀ ਹਰਿ ਮੰਤ੍ਰੁ ਦੀਆ ਮਨੁ ਠਾਢੇ ॥੧॥ ਰਾਮ ਹਮ ਸਤਿਗੁਰ ਲਾਲੇ ਕਾਂਢੇ ॥੧॥ ਰਹਾਉ ॥ ਹਮਰੈ ਮਸਤਕਿ ਦਾਗੁ ਦਗਾਨਾ ਹਮ ਕਰਜ ਗੁਰੂ ਬਹੁ ਸਾਢੇ ॥ ਪਰਉਪਕਾਰੁ ਪੁੰਨੁ ਬਹੁ ਕੀਆ ਭਉ ਦੁਤਰੁ ਤਾਰਿ ਪਰਾਢੇ ॥੨॥ ਜਿਨ ਕਉ ਪ੍ਰੀਤਿ ਰਿਦੈ ਹਰਿ ਨਾਹੀ ਤਿਨ ਕੂਰੇ ਗਾਢਨ ਗਾਢੇ ॥ ਜਿਉ ਪਾਣੀ ਕਾਗਦੁ ਬਿਨਸਿ ਜਾਤ ਹੈ ਤਿਉ ਮਨਮੁਖ ਗਰਭਿ ਗਲਾਢੇ ॥੩॥ ਹਮ ਜਾਨਿਆ ਕਛੂ ਨ ਜਾਨਹ ਆਗੈ ਜਿਉ ਹਰਿ ਰਾਖੈ ਤਿਉ ਠਾਢੇ ॥ ਹਮ ਭੂਲ ਚੂਕ ਗੁਰ ਕਿਰਪਾ ਧਾਰਹੁ ਜਨ ਨਾਨਕ ਕੁਤਰੇ ਕਾਢੇ ॥੪॥੭॥੨੧॥੫੯॥ {ਪੰਨਾ 171}

ਭਾਵ ਅਰਥ:-
ਹੇ ਭਾਈ ! ਇਹ ਮਨ ਚੰਚਲ ਹੈ, ਪਲ ਪਲ ਵਿਚ ਰੰਗ ਬਦਲਦਾ ਹੈ ਤੇ ਇਸ ਨੂੰ ਟਿਕਾਈ ਵੀ ਨਹੀਂ ਮਿਲਦੀ ਅਸਲ ਵਿੱਚ ,ਇਸ ਨੂੰ ਗੁਰੂ ਦਾ ਸੰਗ ਮਿਲਣ ਤੋਂ ਬਾਅਦ ਗੁਰਮੰਤਰ ਹਾਸਲ ਹੋਣ ਤੋਂ ਬਾਅਦ ਠੰਡ ਪੈਂਦੀ ਹੈ ਟਿਕਾਅ ਆਉਂਦਾ ਹੈ॥੧॥
ਹੇ ਪ੍ਰਭੂ ! ਅਸੀਂ ਤੇਰੇ ਗੋਲੇ ਦਾਸ ਹਾਂ॥੧॥ ਰਹਾਉ॥
ਸਾਡੇ ਮੱਥੇ ਤੇ ਪਾਪਾਂ ਦੇ ਦਾਗ ਭਰੇ ਪਏ ਹਨ ਦੂਜੇ ਪਾਸੇ ਗੁਰੂ ਨੇ ਸਾਨੂੰ ਮਾਰਗ ਦਰਸ਼ਨ ਦਿੱਤਾ ਹੈ ਤੇ ਅਸੀਂ ਉਸਦੇ ਕਾਰਜਦਾਰ ਹਾਂ। ਉਸ ਪੂਰੇ ਗੁਰ ਦੇ ਉਪਕਾਰ ਕਾਰਨ, ਮੈਂ ਭਵ ਸਾਗਰ ਸੰਸਾਰ ਤੋਂ ਪਾਰ ਉਤਰ ਸਕਿਆ ਹਾਂ॥੨॥
ਜਿੰਨਾਂ ਮਨੁੱਖਾਂ ਦੇ ਅੰਦਰ ਉਸ ਅਕਾਲ ਪੁਰਖ ਵਾਸਤੇ ਸ਼ਰਧਾ ਭਾਵਨਾ ਨਹੀਂ ਹੈ ਉਹ ਉਸ ਨੂੰ ਪਾਉਣ ਵਾਸਤੇ ਗੰਢ ਧੁੱਪ ਹੀ ਕਰਦੇ ਹਨ। ਇਸ ਹਾਲਾਤ ਵਿੱਚ ਗੰਢ ਤੋਪ ਕਰਨ ਵਾਲੇ ਇਦਾਂ ਗਲ ਜਾਂਦੇ ਹਨ ਜਿਵੇਂ ਪਾਣੀ ਦੇ ਵਿੱਚ ਕਾਗਜ ਗਲ ਜਾਂਦਾ ਹੈ॥੩॥
ਅਸੀਂ ਜਿੰਨਾ ਮਰਜ਼ੀ ਆਪਣੇ ਆਪ ਨੂੰ ਗਿਆਨਵਾਨ ਆਖੀਏ ਪਰ ਸਾਨੂੰ ਕੁਝ ਵੀ ਨਹੀਂ ਪਤਾ ਜੋ ਕੁਝ ਵੀ ਹੈ ਉਹ ਪ੍ਰਭੂ ਪਰਮਾਤਮਾ ਆਪ ਜਾਣਦਾ ਹੈ। ਦਾਸ ਨਾਨਕ ਫਰਮਾਉਂਦੇ ਹਨ ! ਕਿ ਸਾਡੀਆਂ ਭੁੱਲਾਂ ਚੁੱਕਾਂ ਉਹ ਦਾਤਾ ਹੀ ਜਾਣਦਾ ਹੈ ਅਸੀਂ ਤਾਂ ਉਹਦੇ ਦਰ ਦੇ ਕੂਕਰ ਹਾਂ॥੪॥

ਗਉੜੀ ਪੂਰਬੀ ਮਹਲਾ ੪ ॥
ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥੧॥ ਕਰਿ ਸਾਧੂ ਅੰਜੁਲੀ ਪੁੰਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥੧॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ ਜਾਨਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥੨॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥੩॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ ॥੪॥੮॥੨੨॥੬੦॥ {ਪੰਨਾ 171}
ਭਾਵ ਅਰਥ:-
ਹੇ ਭਾਈ ! ਸੰਪੂਰਨ ਜਗਤ ਵਿੱਚ ਕਾਮ ਕ੍ਰੋਧ ਵਰਗੇ ਵਿਕਾਰ ਭਰੇ ਪਏ ਹਨ ਇਹ ਤਾਂ ਹੀ ਠੀਕ ਹੋ ਸਕਦੇ ਹਨ ਜੇ ਸਾਧ ਸੰਗਤ ਨੂੰ ਮਿਲਿਆ ਜਾਵੇ। ਦੇ ਪੂਰਬਲੇ ਜਨਮਾਂ ਦੇ ਚੰਗੇ ਕਰਮਾਂ ਕਾਰਨ ਭਾਗਾਂ ਵਿੱਚ ਗੁਰੂ ਦਾ ਮਾਰਗ ਦਰਸ਼ਨ ਲਿਖਿਆ ਹੋਵੇ ਤਾਂ ਹੀ ਇਹਨਾਂ ਵਿਕਾਰਾਂ ਤੋਂ ਬਚਿਆ ਜਾ ਸਕਦਾ ਹੈ॥੧॥
ਸਾਧ ਸੰਗਤ ਵਿੱਚ ਪ੍ਰਭੂ ਦਾ ਨਾਮ ਮੰਗਣਾ ਤੇ ਇਨੇ ਕਿ ਨਿਮਰ ਹੋ ਜਾਣਾ ਕਿ ਸੰਗਤ ਚਰਨ ਕਮਲਾਂ ਵਿੱਚ ਡੰਡੌਤ ਕਰਨਾ ,ਵੱਡੇ ਪੁੰਨਾਂ ਵਿੱਚੋਂ ਇੱਕ ਹਨ॥੧॥ ਰਹਾਉ॥
ਪਾਪੀ ਮਨੁੱਖ,ਹਰੀ ਪ੍ਰਭੂ ਦੇ ਨਾਮ ਦੇ ਰਸ ਦਾ ਸਵਾਦ ਨਹੀਂ ਜਾਣਦਾ ਕਿਉਂਕਿ ਉਸ ਤੇ ਅੰਦਰ ਅਹੰਕਾਰ ਦਾ ਕੰਢਾ ਚੁਬਿਆ ਹੋਇਆ ਹੈ। ਇਸੇ ਕਾਰਨ ਜਿਉਂ ਜਿਉਂ ਉਹ ਅੱਗੇ ਵਧਦਾ ਹੈ ਇਹ ਕੰਡਾ ਉਸ ਨੂੰ ਦਰਦ ਦਿੰਦਾ ਹੈ ਤੇ ਨਾਲ ਹੀ ਜਮਾਂ ਦੀ ਮਾਰ ਵੀ ਸਹਿਣੀ ਪੈਂਦੀ ਹੈ॥੨॥
ਜਿਹੜੇ ਭਗਤ ਜਨ ਨਾਮ ਦੇ ਵਿੱਚ ਸਮਾ ਗਏ, ਉਹਨਾਂ ਦਾ ਦੁੱਖ ਦਰਦ ਤਾਂ ਦੂਰ ਹੋ ਹੀ ਜਾਂਦੇ ਹਨ ਨਾਲ ਸੀ ਆਵਾ ਗਵਣ ਦਾ ਚੱਕਰ ਵੀ ਖਤਮ ਹੋ ਜਾਂਦਾ ਹੈ। ਉਸ ਦੇ ਨਾਮ ਵਿੱਚ ਰੰਗੇ ਜਾਣ ਕਾਰਨ ਉਸ ਪ੍ਰਭੂ ਨੂੰ ਤਾਂ ਪਾ ਹੀ ਲਈਦਾ ਹੈ ਨਾਲ ਹੀ ਯਸ਼ ਮਾਣ ਦੀ ਪ੍ਰਾਪਤੀ ਸਾਰੇ ਖੰਡਾਂ ਬ੍ਰਹਮੰਡਾਂ ਵਿੱਚ ਫੈਲ ਜਾਂਦੀ ਹੈ॥੩॥
ਅਸੀਂ ਗਰੀਬ ਤੇ ਤੇਰੇ ਗੁਲਾਮ ਹਾਂ ਪ੍ਰਭੂ ਤੂੰ ਵਡਦਾਨਾ ਸਾਨੂੰ ਰੱਖ ਲੈ। ਹੇ ਨਾਨਕ ! ਉਹ ਦਾਤਾ ਪਰਮੇਸ਼ਵਰ ਬੰਦੇ ਲਈ ਇਕੋ ਇਕ ਸਹਾਰਾ ਹੈ , ਜਿਹੜਾ ਸਹਾਰਾ ਉਸ ਦੇ ਨਾਮ ਦੇ ਗੁਣ ਗਾਣ ਕਰਨ ਨਾਲ ਮਿਲਦਾ ਹੈ॥੪॥

ਗਉੜੀ ਪੂਰਬੀ ਮਹਲਾ ੪ ॥
ਇਸੁ ਗੜ ਮਹਿ ਹਰਿ ਰਾਮ ਰਾਇ ਹੈ ਕਿਛੁ ਸਾਦੁ ਨ ਪਾਵੈ ਧੀਠਾ ॥ ਹਰਿ ਦੀਨ ਦਇਆਲਿ ਅਨੁਗ੍ਰਹੁ ਕੀਆ ਹਰਿ ਗੁਰ ਸਬਦੀ ਚਖਿ ਡੀਠਾ ॥੧॥ ਰਾਮ ਹਰਿ ਕੀਰਤਨੁ ਗੁਰ ਲਿਵ ਮੀਠਾ ॥੧॥ ਰਹਾਉ ॥ ਹਰਿ ਅਗਮੁ ਅਗੋਚਰੁ ਪਾਰਬ੍ਰਹਮੁ ਹੈ ਮਿਲਿ ਸਤਿਗੁਰ ਲਾਗਿ ਬਸੀਠਾ ॥ ਜਿਨ ਗੁਰ ਬਚਨ ਸੁਖਾਨੇ ਹੀਅਰੈ ਤਿਨ ਆਗੈ ਆਣਿ ਪਰੀਠਾ ॥੨॥ ਮਨਮੁਖ ਹੀਅਰਾ ਅਤਿ ਕਠੋਰੁ ਹੈ ਤਿਨ ਅੰਤਰਿ ਕਾਰ ਕਰੀਠਾ ॥ ਬਿਸੀਅਰ ਕਉ ਬਹੁ ਦੂਧੁ ਪੀਆਈਐ ਬਿਖੁ ਨਿਕਸੈ ਫੋਲਿ ਫੁਲੀਠਾ ॥੩॥ ਹਰਿ ਪ੍ਰਭ ਆਨਿ ਮਿਲਾਵਹੁ ਗੁਰੁ ਸਾਧੂ ਘਸਿ ਗਰੁੜੁ ਸਬਦੁ ਮੁਖਿ ਲੀਠਾ ॥ ਜਨ ਨਾਨਕ ਗੁਰ ਕੇ ਲਾਲੇ ਗੋਲੇ ਲਗਿ ਸੰਗਤਿ ਕਰੂਆ ਮੀਠਾ ॥੪॥੯॥੨੩॥੬੧॥ {ਪੰਨਾ 171}
ਭਾਵ ਅਰਥ:-
ਇਸ ਹਿਰਦੇ ਅੰਦਰ ਉਸ ਅਕਾਲ ਪੁਰਖ ਵਾਹਿਗੁਰੂ ਦਾ ਨਿਵਾਸ ਹੋਣ ਦੇ ਬਾਵਜੂਦ ਵੀ ਢੀਠ ਮਨ ਵਿਕਾਰਾਂ ਵੱਲ ਨੂੰ ਭੱਜਦਾ ਹੈ। ਜਦੋਂ ਬੰਦਾ ਗੁਰੂ ਦੇ ਲੜ ਲੱਗ ਕੇ ਉਸ ਨਿਰੰਕਾਰ ਦੇ ਅੱਗੇ ਸੱਚੇ ਦਿਲ ਨਾਲ ਅਰਦਾਸ ਕਰਦਾ ਹੈ, ਬੇਨਤੀ ਗੁਜਾਰਦਾ ਹੈ ਤਾਂ ਹੀ ਉਸਨੂੰ ਪ੍ਰਭੂ ਪਰਮਾਤਮਾ ਦੇ ਚਰਨ ਕਮਲਾਂ ਦਾ ਸਵਾਦ ਪ੍ਰਾਪਤ ਹੁੰਦਾ ਹੈ ਭਾਵ ਚਰਨ ਕਮਲਾਂ ਵਿੱਚ ਜਗ੍ਹਾ ਮਿਲਦੀ ਹੈ॥੧॥
ਰਾਮ ਪ੍ਰਭੂ ਦੇ ਸਿਮਰਨ ਭਗਤੀ ਵਿੱਚ ਹੀ ਅਸਲੀ ਅਨੰਦ ਹੈ॥੧॥ ਰਹਾਉ॥
ਉਹ ਗੋਬਿੰਦ ਪ੍ਰਭੂ ਸਾਡੀਆਂ ਗਿਆਨ ਇੰਦਰੀਆਂ ਤੋਂ ਬਹੁਤ ਦੂਰ ਹੈ ਅਸੀਂ ਉਸ ਤੱਕ ਅਪਹੁੰਚ ਹਾਂ, ਇਕ ਗੁਰੂ ਹੀ ਹੈ ਜਿਹੜਾ ਵਿਚੋਲੇ ਦਾ ਕੰਮ ਕਰਕੇ ਸਾਨੂੰ ਉਸ ਅਪਹੁੰਚ ਤੱਕ ਅਪੜਾ ਦਿੰਦਾ ਹੈ। ਇਸ ਲਈ ਗੁਰੂ ਦੇ ਬਚਨਾਂ ਨੂੰ ਮੰਨਦੇ ਹੋਏ ਉਸ ਅਪਰੰਮਪਾਰ ਪ੍ਰਭੂ ਦੇ ਚਰਨਾਂ ਵਿੱਚ ਪੈਣਾ ਕਰੋ॥੨॥
ਮਨ ਦੀਆਂ ਮੰਨਣ ਵਾਲਿਆਂ ਦਾ ਜਿਗਰਾ ਅਤੀ ਸਖਤ ਤੇ ਕਾਲਖ ਨਾਲ ਭਰਿਆ ਹੁੰਦਾ ਹੈ। ਸੱਪ ਨੂੰ ਦੁੱਧ ਪਿਲਾਉਣ ਨਾਲ ਵੀ ਉਹ ਜਹਿਰ ਹੀ ਉਗਲਦਾ ਹੈ॥੩॥
ਜਦੋਂ ਉਸ ਹਰੀ ਪ੍ਰਭੂ ਦੀ ਕਿਰਪਾ ਦ੍ਰਿਸ਼ਟੀ ਹੁੰਦੀ ਹੈ ਤਾਂ ਹੀ ਉਹ ਅਜਿਹੇ ਸਰਪ ਵਿਸ਼ ਦੀ ਦਾਰੂ ਦੇ ਰੂਪ ਵਿੱਚ ਗੁਰੂ ਅਤੇ ਸਾਧ ਸੰਗਤ ਨੂੰ ਮਿਲਾਉਂਦਾ ਹੈ। ਹੇ ਨਾਨਕ ! ਮੈਂ ਗੁਰੂ ਦਾ ਕੌੜਾ ਸੇਵਕ ਹਾਂ ਮੈਨੂੰ ਕੌੜੇ ਨੂੰ ਉਹ ਪ੍ਰਭੂ ਪਰਮਾਤਮਾ ਆਪੇ ਹੀ ਮਿੱਠਾ ਕਰੇਗਾ ਭਾਵ ਆਪਣੀ ਬਾਣੀ ਦੇ ਕੇ ਆਪਣੇ ਚਰਨਾਂ ਵਿੱਚ ਜਗ੍ਹਾ ਦੇਕੇ॥੪॥

ਗਉੜੀ ਪੂਰਬੀ ਮਹਲਾ ੪ ॥
ਹਰਿ ਹਰਿ ਅਰਥਿ ਸਰੀਰੁ ਹਮ ਬੇਚਿਆ ਪੂਰੇ ਗੁਰ ਕੈ ਆਗੇ ॥ ਸਤਿਗੁਰ ਦਾਤੈ ਨਾਮੁ ਦਿੜਾਇਆ ਮੁਖਿ ਮਸਤਕਿ ਭਾਗ ਸਭਾਗੇ ॥੧॥ ਰਾਮ ਗੁਰਮਤਿ ਹਰਿ ਲਿਵ ਲਾਗੇ ॥੧॥ ਰਹਾਉ ॥ ਘਟਿ ਘਟਿ ਰਮਈਆ ਰਮਤ ਰਾਮ ਰਾਇ ਗੁਰ ਸਬਦਿ ਗੁਰੂ ਲਿਵ ਲਾਗੇ ॥ ਹਉ ਮਨੁ ਤਨੁ ਦੇਵਉ ਕਾਟਿ ਗੁਰੂ ਕਉ ਮੇਰਾ ਭ੍ਰਮੁ ਭਉ ਗੁਰ ਬਚਨੀ ਭਾਗੇ ॥੨॥ ਅੰਧਿਆਰੈ ਦੀਪਕ ਆਨਿ ਜਲਾਏ ਗੁਰ ਗਿਆਨਿ ਗੁਰੂ ਲਿਵ ਲਾਗੇ ॥ ਅਗਿਆਨੁ ਅੰਧੇਰਾ ਬਿਨਸਿ ਬਿਨਾਸਿਓ ਘਰਿ ਵਸਤੁ ਲਹੀ ਮਨ ਜਾਗੇ ॥੩॥ ਸਾਕਤ ਬਧਿਕ ਮਾਇਆਧਾਰੀ ਤਿਨ ਜਮ ਜੋਹਨਿ ਲਾਗੇ ॥ ਉਨ ਸਤਿਗੁਰ ਆਗੈ ਸੀਸੁ ਨ ਬੇਚਿਆ ਓਇ ਆਵਹਿ ਜਾਹਿ ਅਭਾਗੇ ॥੪॥ ਹਮਰਾ ਬਿਨਉ ਸੁਨਹੁ ਪ੍ਰਭ ਠਾਕੁਰ ਹਮ ਸਰਣਿ ਪ੍ਰਭੂ ਹਰਿ ਮਾਗੇ ॥ ਜਨ ਨਾਨਕ ਕੀ ਲਜ ਪਾਤਿ ਗੁਰੂ ਹੈ ਸਿਰੁ ਬੇਚਿਓ ਸਤਿਗੁਰ ਆਗੇ ॥੫॥੧੦॥੨੪॥੬੨॥
ਭਾਵ ਅਰਥ:-
ਮੈਂ ਆਪਣੇ ਨਿਰੰਕਾਰ ਅਲਖ ਨਿਰੰਜਨ ਪ੍ਰਭੂ ਪਰਮਾਤਮਾ ਦੇ ਅੱਗੇ ਤਨ ਮਨ ਨਿਛਾਵਰ ਕਰ ਦਿੱਤਾ ਹੈ।(ਭਾਵ ਸੰਪੂਰਨ ਸਮਰਪਣ ਕਰ ਦਿੱਤਾ ਹੈ)। ਸੱਚੇ ਗੁਰੂ ਦੀ ਕਿਰਪਾ ਨਾਲ ਮੇਰੇ ਮੱਥੇ ਦੇ ਭਾਗ ਜਾਗ ਗਏ ਹਨ ਕਿਉਂਕਿ ਉਸ ਨੇ ਮੈਨੂੰ ਅਲਖ ਨਿਰੰਜਨ ਪ੍ਰਭੂ ਦਾ ਨਾਮ ਯਾਦ ਕਰਾ ਦਿੱਤਾ ਹੈ॥੧॥
ਉਸ ਗੁਰੂ ਦੀ ਕਿਰਪਾ ਨਾਲ ਹਰੀ ਪ੍ਰਭੂ ਦੇ ਨਾਮ ਨਾਲ ਮੇਰਾ ਜੁੜਨਾ ਸੰਭਵ ਹੋਇਆ ਹੈ॥੧॥
ਉਹ ਪਾਰਬ੍ਰਹਮ ਪਰਮੇਸ਼ਰ ਹਰ ਹਿਰਦੇ ਅੰਦਰ ਵਸਦਾ ਹੈ ਤੇ ਗੁਰੂ ਦੇ ਮਾਰਗਦਰਸ਼ਨ ਅਨੁਸਾਰ ਬੰਦਾ ਪ੍ਰਭੂ ਨਾਮ ਦੀ ਲਿਵ ਲਾ ਸਕਦਾ ਹੈ। ਮੈਂ ਉਸ ਗੁਰੂ ਦੇ ਉੱਪਰੋਂ ਦੀ ਆਪਣਾ ਮਸਤਕ ਕੱਟ ਕੇ ਵਾਰਦਾ ਹਾਂ। ਜਿਸ ਦੀ ਸਿੱਖਿਆ ਨੇ ਮੇਰੇ ਅੰਦਰੋਂ ਹਰ ਤਰ੍ਹਾਂ ਦਾ ਡਰ ਤੇ ਭਉ ਕੱਢ ਮਾਰਿਆ ਹੈ॥੨॥
ਗੁਰੂ ਦੇ ਮਾਰਗਦਰਸ਼ਨ ਨਾਲ ਮੇਰਾ ਮਾਰਗ ਹਨੇਰੇ ਤੋਂ ਰੌਸ਼ਨਾ ਗਿਆ ਹੈ ਅਤੇ ਅੰਦਰ ਜੋਤ ਜਗ ਗਈ ਹੈ ਜਿਸ ਨਾਲ ਪ੍ਰਭੂ ਪਰਮਾਤਮਾ ਨੂੰ ਪਛਾਨਣ ਦੀ ਸ਼ਕਤੀ ਮਿਲ ਗਈ ਹੈ॥੩॥
(ਇਹ ਵੀ ਸੱਚਾਈ ਹੈ), ਕਿ ਪਾਪੀਆਂ ਅਤੇ ਦੂਜੇ ਭਾਵਾਂ ਨਾਲ ਜੁੜੇ ਹੋਏ ਜੀਵਨ ਨੂੰ ਜਮ ਫੜ ਕੇ ਘੜੀਸਦੇ ਹਨ। ਜੇ ਇਸ ਮਨੁੱਖ ਨੇ ਆਪਣਾ ਸੀਸ ਪ੍ਰਭੂ ਦੇ ਅੱਗੇ ਵਾਰਿਆ ਨਹੀਂ ਤਾਂ , ਭਾਵ ਅਰਪਣ ਨਹੀਂ ਕੀਤਾ। ਉਹਨਾਂ ਦਾ ਇਸ ਜੀਵਨ ਵਿੱਚ ਇਸ ਸੰਸਾਰ ਵਿੱਚ ਆਉਣਾ ਵੀ ਭਾਗਾਂ ਤੋਂ ਵਿਹੀਨ ਹੈ॥੪॥
ਹੇ ਮੇਰੇ ਅਕਾਲ ਪੁਰਖ ਦਾਤਾ ! ਮੇਰੀ ਬੇਨਤੀ ਸੁਣਿਓ ਕਿ ਮੈਨੂੰ ਆਪ ਜੀ ਦੇ ਚਰਨ ਕਮਲਾਂ ਦੀ ਛੋਹ ਚਾਹੀਦੀ ਹੈ। ਹੇ ਨਾਨਕ ! ਮੇਰੀ ਤਾਂ ਲਾਜਪਤ ਮੇਰਾ ਗੁਰੂ ਹੈ, ਸੋ ਮੈਂ ਆਪਣਾ ਸਿਰ ਮੱਥਾ ਗੁਰੂ ਦੇ ਅੱਗੇ ਸਮਰਪਿਤ ਕਰਦਾ ਹਾਂ॥੫॥

## ਅੰਗ 172

ਗਉੜੀ ਪੂਰਬੀ ਮਹਲਾ ੪ ॥
ਹਮ ਅਹੰਕਾਰੀ ਅਹੰਕਾਰ ਅਗਿਆਨ ਮਤਿ ਗੁਰਿ ਮਿਲਿਐ ਆਪੁ ਗਵਾਇਆ ॥ ਹਉਮੈ ਰੋਗੁ ਗਇਆ ਸੁਖੁ ਪਾਇਆ ਧਨੁ ਧੰਨੁ ਗੁਰੂ ਹਰਿ ਰਾਇਆ ॥੧॥ ਰਾਮ ਗੁਰ ਕੈ ਬਚਨਿ ਹਰਿ ਪਾਇਆ ॥੧॥ ਰਹਾਉ ॥ ਮੇਰੈ ਹੀਅਰੈ ਪ੍ਰੀਤਿ ਰਾਮ ਰਾਇ ਕੀ ਗੁਰਿ ਮਾਰਗੁ ਪੰਥੁ ਬਤਾਇਆ ॥ ਮੇਰਾ ਜੀਉ ਪਿੰਡੁ ਸਭੁ ਸਤਿਗੁਰ ਆਗੈ ਜਿਨਿ ਵਿਛੁੜਿਆ ਹਰਿ ਗਲਿ ਲਾਇਆ ॥੨॥ ਮੇਰੈ ਅੰਤਰਿ ਪ੍ਰੀਤਿ ਲਗੀ ਦੇਖਨ ਕਉ ਗੁਰਿ ਹਿਰਦੇ ਨਾਲਿ ਦਿਖਾਇਆ ॥ ਸਹਜ ਅਨੰਦੁ ਭਇਆ ਮਨਿ ਮੋਰੈ ਗੁਰ ਆਗੈ ਆਪੁ ਵੇਚਾਇਆ ॥੩॥ ਹਮ ਅਪਰਾਧ ਪਾਪ ਬਹੁ ਕੀਨੇ ਕਰਿ ਦੁਸਟੀ ਚੋਰ ਚੁਰਾਇਆ ॥ ਅਬ ਨਾਨਕ ਸਰਣਾਗਤਿ ਆਏ ਹਰਿ ਰਾਖਹੁ ਲਾਜ ਹਰਿ ਭਾਇਆ ॥੪॥੧੧॥੨੫॥੬੩॥ {ਪੰਨਾ 172}
ਭਾਵ ਅਰਥ:-
ਹੇ ਪ੍ਰਭੂ ! ਅਸੀਂ ਮਨੁੱਖ ਹੰਕਾਰੀ ਜੀਵ ਹਾਂ, ਸਾਡੇ ਅੰਦਰ ਅਗਿਆਨਤਾ ਅਤੇ ਹਉਮੈ ਦਾ ਕੂੜ ਭਰਿਆ ਹੋਇਆ ਸੀ । ਪਰ ਗੁਰੂ ਨੂੰ ਮਿਲ ਕੇ ਇਹ ਸਾਰਾ ਕੁਝ ਸਾਫ ਹੋ ਗਿਆ ਤੇ ਜਦੋਂ ਤੋਂ ਇਹ ਰੋਗ ਖਤਮ ਹੋ ਗਿਆ, ਰਿਸ਼ਤੇ ਨਾਤੇ ਅਤੇ ਸਾਰੀਆਂ ਧਨ ਦੌਲਤਾਂ ਨਾਲ ਪ੍ਰਭੂ ਪਰਮਾਤਮਾ ਨੇ ਰਜਾ ਦਿੱਤਾ ਹੈ॥੧॥
ਗੁਰੂ ਦੀ ਦੱਸੀ ਹੋਈ ਸਿੱਖਿਆ ਰਾਹੀਂ ਨਾਮ ਬਾਣੀ ਦਾ ਸਿਮਰਨ ਕਰਕੇ ਮੈਂ ਪ੍ਰਭੂ ਪਰਮੇਸ਼ਵਰ ਨੂੰ ਪਾ ਲਿਆ ਹੈ॥੧॥ ਰਹਾਉ॥
ਗੁਰੂ ਨੇ ਮੇਰੇ ਉੱਤੇ ਇੰਨੀ ਕਿਰਪਾ ਕੀਤੀ ਹੈ ਕਿ ਮੈਨੂੰ ਸਿੱਖੀ ਦਾ ਪੰਥ ਦਿਖਾਇਆ ਤੇ ਹੁਣ ਮੇਰੇ ਹਿਰਦੇ ਅੰਦਰ ਪਰਮੇਸ਼ਵਰ ਪ੍ਰਭੂ ਵਸ ਚੁੱਕੇ ਹਨ। ਮੈਂ ਆਪਣੇ ਸੱਚੇ ਗੁਰੂ ਦੇ ਅੱਗੇ ਸਿਰ ਝੁਕਾਉਂਦਾ ਹਾਂ ਜਿਸ ਨੇ ਮੈਨੂੰ ਉਸ ਅਕਾਲ ਪੁਰਖ ਤੋਂ ਵਿਛੜੇ ਹੋਏ ਨੂੰ, ਉਸ ਨਾਲ ਮਿਲਾ ਦਿੱਤਾ ਹੈ॥੨॥
ਭਾਵੇਂ ਮੇਰੇ ਅੰਦਰ ਉਸ ਪਾਰਬ੍ਰਹਮ ਪਰਮੇਸ਼ਵਰ ਨੂੰ ਪਾਉਣ ਦੀ ਤਾਂਘ ਸੀ ਪਰ ਮੈਂ ਰਸਤਾ ਨਹੀਂ ਜਾਣਦਾ ਸੀ ਜਿਸ ਰਸਤੇ ਦਾ ਗਿਆਨ ਮੈਨੂੰ (ਮੇਰੇ ਹਿਰਦੇ ਅੰਦਰ ਹੀ ਵੱਸਦੇ ਉਸ ਦਾਤੇ) ਨੇ ਦਿਖਾਇਆ। ਗੁਰੂ ਦੇ ਅੱਗੇ ਆਪਣੇ ਆਪ ਨੂੰ ਸਮਰਪਣ ਕਰਨ ਦਾ ਆਨੰਦ ਮੈਨੂੰ ਇੰਨਾ ਕੁ ਹੈ ਕਿ ਮੇਰੇ ਮਨ ਦੇ ਅੰਦਰ ਅਡੋਲਤਾ ਤੇ ਸਹਿਜ ਸਮਾ ਗਏ॥੩॥
ਮੈਂ ਪਾਪੀ ਹਾਂ ਚੋਰ ਹਾਂ ਅਤੇ ਬਹੁਤ ਸਾਰੇ ਪਾਪ ਤੇ ਜੁਲਮ ਕੀਤੇ ਹਨ ਤੇ ਉਹ ਵੀ ਲੁਕ ਲੁਕ ਕੇ। ਹੇ ਨਾਨਕ ! ਹੁਣ ਮੈਂ ਪ੍ਰਭੂ ਦੀ ਸ਼ਰਨ ਆ ਗਿਆ ਹਾਂ ਤੇ ਉਸ ਨੇ ਮੇਰੀ ਲਾਜ ਰੱਖ ਲਈ ਹੈ॥੪॥

ਗਉੜੀ ਪੂਰਬੀ ਮਹਲਾ ੪ ॥
ਗੁਰਮਤਿ ਬਾਜੈ ਸਬਦੁ ਅਨਾਹਦੁ ਗੁਰਮਤਿ ਮਨੂਆ ਗਾਵੈ ॥ ਵਡਭਾਗੀ ਗੁਰ ਦਰਸਨੁ ਪਾਇਆ ਧਨੁ ਧੰਨੁ ਗੁਰੂ ਲਿਵ ਲਾਵੈ ॥੧॥ ਗੁਰਮੁਖਿ ਹਰਿ ਲਿਵ ਲਾਵੈ ॥੧॥ ਰਹਾਉ ॥ ਹਮਰਾ ਠਾਕੁਰੁ ਸਤਿਗੁਰੁ ਪੂਰਾ ਮਨੁ ਗੁਰ ਕੀ ਕਾਰ ਕਮਾਵੈ ॥ ਹਮ ਮਲਿ ਮਲਿ ਧੋਵਹ ਪਾਵ ਗੁਰੂ ਕੇ ਜੋ ਹਰਿ ਹਰਿ ਕਥਾ ਸੁਨਾਵੈ ॥੨॥ ਹਿਰਦੈ ਗੁਰਮਤਿ ਰਾਮ ਰਸਾਇਣੁ ਜਿਹਵਾ ਹਰਿ ਗੁਣ ਗਾਵੈ ॥ ਮਨ ਰਸਕਿ ਰਸਕਿ ਹਰਿ ਰਸਿ ਆਘਾਨੇ ਫਿਰਿ ਬਹੁਰਿ ਨ ਭੂਖ ਲਗਾਵੈ ॥੩॥ ਕੋਈ ਕਰੈ ਉਪਾਵ ਅਨੇਕ ਬਹੁਤੇਰੇ ਬਿਨੁ ਕਿਰਪਾ ਨਾਮੁ ਨ ਪਾਵੈ ॥ ਜਨ ਨਾਨਕ ਕਉ ਹਰਿ ਕਿਰਪਾ ਧਾਰੀ ਮਤਿ ਗੁਰਮਤਿ ਨਾਮੁ ਦ੍ਰਿੜਾਵੈ ॥੪॥੧੨॥੨੬॥੬੪॥ {ਪੰਨਾ 172}
ਭਾਵ ਅਰਥ:-
ਗੁਰੂ ਦੇ ਦਿੱਤੇ ਗਿਆਨ ਨਾਲ ਜਦ ਬੰਦਾ ਨਾਮ ਜਪਦਾ ਹੈ ਤਾਂ ਉਸ ਦੇ ਅੰਦਰ ਇਕ ਅਨਾਹਦ ਬਾਣੀ (ਬਿਨਾਂ ਕਿਸੇ ਸਾਜ ਤੋਂ) ਵੱਜਦੀ ਹੈ ਅਤੇ ਫਿਰ ਮਨ ਪ੍ਰਸੰਨ ਹੋ ਕੇ ਨੱਚਣ ਲੱਗ ਜਾਂਦਾ ਹੈ। ਮੇਰੇ ਵੱਡੇ ਭਾਗਾਂ ਨਾਲ ਮੈਨੂੰ ਗੁਰੂ ਦੇ ਦਰਸ਼ਨ ਦੀਦਾਰੇ ਹੋਏ (ਅਤੇ ਉਹਦੀ ਦੱਸੀ ਹੋਈ ਭਜਨ ਬੰਦਗੀ ਨਾਲ) ਅਤੇ ਨਾਮ ਸਿਮਰਨ ਸਦਕਾ, ਪ੍ਰਭੂ ਨਾਲ ਲਗਨ ਜੋੜਨ ਕਾਰਨ ਮੈਨੂੰ ਹਰ ਪਦਾਰਥ ਦੀ ਪ੍ਰਾਪਤੀ ਹੋਈ ਹੈ॥੧॥
ਤੇ ਅਜਿਹਾ ਕਾਰਜ ਕੋਈ ਵਿਰਲਾ ਗੁਰਮੁਖ ਹੀ ਕਰ ਸਕਦਾ ਹੈ॥੧॥ ਰਹਾਉ॥
ਮੇਰਾ ਮਨ ਸੱਚੇ ਗੁਰੂ ਦੇ ਮਾਰਗ ਤੇ ਚੱਲਦਾ ਹੈ ਜਿਹੜਾ ਕਿ ਮਨ ਵਿੱਚ ਵਸੇ ਪਾਰਬ੍ਰਹਮ ਪਰਮੇਸ਼ਵਰ ਨਾਲ ਮਿਲਾਉਂਦਾ ਹੈ। ਮੈਂ ਤਾਂ ਅਜਿਹੇ ਗੁਰੂ ਦੇ ਚਰਨ ਮਲ ਮਲ ਕੇ ਧੋਂਦਾ ਹਾਂ ਜਿਸ ਨੇ ਸੱਚੇ ਪਾਤਸ਼ਾਹ ਵਾਹਿਗੁਰੂ ਦੇ ਬਾਰੇ ਵਿੱਚ ਪ੍ਰਵਚਨ ਸੁਣਾਉਂਦਾ ਹੈ॥੨॥
ਹੁਣ ਮੇਰੇ ਹਿਰਦੇ ਵਿੱਚ ਗੁਰੂ ਦੀ ਦਿੱਤੀ ਹੋਈ ਮੱਤ ਅਨੁਸਾਰ ਰਾਮ ਪ੍ਰਭੂ ਦਾ ਨਾਮ ਹੈ ਤੇ ਜਿਹਬਾ ਉੱਤੇ ਉਸਦਾ ਗੁਣਗਾਨ ਹੈ। ਮੇਰਾ ਹਿਰਦਾ ਪ੍ਰਭੂ ਪ੍ਰੀਤਮ ਪਿਆਰੇ ਨੂੰ ਪਾ ਕੇ ਰਸ ਨਾਲ ਭਰਪੂਰ ਹੋ ਗਿਆ ਹੈ ਅਤੇ ਉਸ ਨੂੰ ਹੁਣ ਹੋਰ ਕਿਸੇ ਚੀਜ਼ ਦੀ ਲੋੜ ਮਹਿਸੂਸ ਨਹੀਂ ਹੁੰਦੀ॥੩॥
ਕੋਈ ਕਿੰਨੇ ਵੀ ਉਪਾਵ ਕਰੀ ਜਾਵੇ ਕਰਮਕਾਂਡ ਕਰੀ ਜਾਵੇ ਪਰ ਪ੍ਰਭੂ ਪਰਮਾਤਮਾ ਦੀ ਆਪਣੀ ਕਿਰਪਾ ਤੋਂ ਬਿਨਾਂ ਉਹ ਨਹੀਂ ਹਾਸਲ ਹੋ ਸਕਦਾ। ਨਾਨਕ ਦਾਸ ਕਹਿੰਦੇ ਹਨ ! ਗੁਰੂ ਨੇ ਮੇਰੇ ਉੱਤੇ ਕਿਰਪਾ ਕਰਕੇ ਉਸ ਅਕਾਲ ਪੁਰਖ ਵਾਹਿਗੁਰੂ ਦਾ ਨਾਮ ਮੇਰੇ ਚਿੱਤ ਵਿੱਚ ਵਸਾਇਆ ਹੈ॥੪॥

ਰਾਗੁ ਗਉੜੀ ਮਾਝ ਮਹਲਾ ੪ ॥
ਗੁਰਮੁਖਿ ਜਿੰਦੂ ਜਪਿ ਨਾਮੁ ਕਰੰਮਾ ॥ ਮਤਿ ਮਾਤਾ ਮਤਿ ਜੀਉ ਨਾਮੁ ਮੁਖਿ ਰਾਮਾ ॥ ਸੰਤੋਖੁ ਪਿਤਾ ਕਰਿ ਗੁਰੁ ਪੁਰਖੁ ਅਜਨਮਾ ॥ ਵਡਭਾਗੀ ਮਿਲੁ ਰਾਮਾ ॥੧॥ ਗੁਰੁ ਜੋਗੀ ਪੁਰਖੁ ਮਿਲਿਆ ਰੰਗੁ ਮਾਣੀ ਜੀਉ ॥ ਗੁਰੁ ਹਰਿ ਰੰਗਿ ਰਤੜਾ ਸਦਾ ਨਿਰਬਾਣੀ ਜੀਉ ॥ ਵਡਭਾਗੀ ਮਿਲੁ ਸੁਘੜ ਸੁਜਾਣੀ ਜੀਉ ॥ ਮੇਰਾ ਮਨੁ ਤਨੁ ਹਰਿ ਰੰਗਿ ਭਿੰਨਾ ॥੨॥ ਆਵਹੁ ਸੰਤਹੁ ਮਿਲਿ ਨਾਮੁ ਜਪਾਹਾ ॥ ਵਿਚਿ ਸੰਗਤਿ ਨਾਮੁ ਸਦਾ ਲੈ ਲਾਹਾ ਜੀਉ ॥ ਕਰਿ ਸੇਵਾ ਸੰਤਾ ਅੰਮ੍ਰਿਤੁ ਮੁਖਿ ਪਾਹਾ ਜੀਉ ॥ ਮਿਲੁ ਪੂਰਬਿ ਲਿਖਿਅੜੇ ਧੁਰਿ ਕਰਮਾ ॥੩॥ ਸਾਵਣਿ ਵਰਸੁ ਅੰਮ੍ਰਿਤਿ ਜਗੁ ਛਾਇਆ ਜੀਉ ॥ ਮਨੁ ਮੋਰੁ ਕੁਹੁਕਿਅੜਾ ਸਬਦੁ ਮੁਖਿ ਪਾਇਆ ॥ ਹਰਿ ਅੰਮ੍ਰਿਤੁ ਵੁਠੜਾ ਮਿਲਿਆ ਹਰਿ ਰਾਇਆ ਜੀਉ ॥ ਜਨ ਨਾਨਕ ਪ੍ਰੇਮਿ ਰਤੰਨਾ ॥੪॥੧॥੨੭॥੬੫॥ {ਪੰਨਾ 172-173}

ਭਾਵ ਅਰਥ:-
ਉਹ ਮਨੁੱਖ ਜਿਹੜਾ ਗੁਰੂ ਦੀ ਮੰਨਦਾ ਹੈ ਉਹ ਵੀ ਪ੍ਰਭੂ ਦਾ ਨਾਮ ਤਾਂ ਹੀ ਧਿਆ ਸਕਦਾ ਹੈ ਜੇ ਭਾਗਾਂ ਵਿੱਚ ਲਿਖਿਆ ਹੋਵੇ। ਹੇ ਮੇਰੀ ਜਿੰਦੇ ! ਗੁਰੂ ਦੇ ਮਾਰਗ ਤੇ ਚੱਲ ਕੇ ਨਾਮ ਜਪਣਾ ਕਰ ਉਸ ਦੀ ਦਿੱਤੀ ਹੋਈ ਮੱਤ ਨੂੰ ਆਪਣੀ ਮਾਂ ਬਣਾ ਤੇ ਮਾਂ ਨੂੰ ਹੀ ਜੀਵਨ ਦਾ ਆਸਰਾ ਬਣਾ ਕੇ ਮੂੰਹ ਨਾਲ ਰਾਮ ਰਾਮ ਜਪ। ਸੰਤੋਖ ਨੂੰ ਪਿਤਾ ਬਣਾ ਅਜੂਨੀ ਅਕਾਲ ਪੁਰਖ ਦੇ ਰੂਪ ਗੁਰੂ ਦੀ ਸ਼ਰਨ ਪਾ। ਹੇ ਮੇਰੀਏ ਜਿੰਦੇ ! ਰਾਮ ਪ੍ਰਭੂ ਨੂੰ ਮਿਲ ਕੇ ਤੇਰੇ ਭਾਗ ਖੁੱਲ ਜਾਣਗੇ॥੧॥
ਹੇ ਭਾਈ ! ਪ੍ਰਭੂ ਦਾ ਰੂਪ ਜੋਗੀ ਰੂਪ ਵਿੱਚ ਮਿਲ ਪਿਆ ਹੈ ਹੁਣ ਮੈਂ ਪੂਰਨ ਤੌਰ ਤੇ ਅਨੰਦ ਮਹਿਸੂਸ ਕਰਦਾ ਹਾਂ। ਗੁਰੂ ਸਦਾ ਹੀ ਪਰਮਾਤਮਾ ਦੇ ਨਾਮ ਰੰਗ ਵਿੱਚ ਰੰਗਿਆ ਰਹਿੰਦਾ ਹੈ ਤੇ ਸਦਾ ਵਾਸ਼ਨਾ ਰਹਿਤ ਹੈ। ਹੇ ਮਨੁੱਖ ! ਵੱਡੇ ਭਾਗਾਂ ਵਾਲਿਆ , ਉਸ ਸੁਜਾਨ ਗੁਰੂ ਨੂੰ ਮਿਲ। ਉਸ ਦੀ ਸਿੱਖਿਆ ਕਾਰਨ ਮੇਰਾ ਮਨ ਪਰਮਾਤਮਾ ਦੇ ਪ੍ਰੇਮ ਵਿੱਚ ਰੰਗਿਆ ਗਿਆ ਹੈ॥੨॥
ਹੇ ਸੰਤ ਜਨੋ ! ਆਓ ਰਲ ਕੇ ਵਾਹਿਗੁਰੂ ਦਾ ਨਾਮ ਜਪੀਏ। ਹੇ ਬੰਦਿਆ ਸਾਧ ਸੰਗਤ ਵਿੱਚ ਰਲ ਕੇ ਹਰੀ ਨਾਮ ਦੀ ਖੱਟੀ ਖੱਟ ਲੈ। ਸੋ ਹੇ ਭਾਈ ਆਓ ਸਾਧ ਸੰਗਤ ਵਿੱਚ ਗੁਰਮੁਖਾਂ ਦੀ ਸੇਵਾ ਕਰਕੇ ਆਪਣੇ ਮੂੰਹ ਵਿੱਚ ਆਤਮਕ ਜੀਵਨ ਦੇਣ ਵਾਲਾ ਨਾਮ ਦਾ ਭੋਜਨ ਪਾਈਏ। ਹੇ ਮੇਰੀ ਜਿੰਦੇ ! ਪ੍ਰਭੂ ਨੂੰ ਮਿਲ ਕੇ ਤੂੰ ਪ੍ਰਭੂ ਦੀ ਦਰਗਾਹ ਤੋਂ ਉਸ ਦੀ ਬਖਸ਼ਿਸ਼ ਦੇ ਨਾਲ ਤੂੰ ਆਪਣੇ ਪੂਰਬਲੇ ਸਮੇਂ ਦੇ ਲੇਖ ਜਗਾ ਲਏ ਹਨ॥੩॥
ਜਿਵੇਂ ਸਾਵਣ ਤੇ ਮਹੀਨੇ ਬੱਦਲ ਵਰ ਕੇ ਧਰਤੀ ਨੂੰ ਤ੍ਰਿਪਤ ਕਰ ਦਿੰਦਾ ਹੈ ਉਸ ਬੱਦਲ ਨੂੰ ਵੇਖ ਕੇ ਮੋਰ ਮਿਠੀ ਬੋਲੀ ਵਿੱਚ ਕੂਕਦਾ ਹੈ ,ਤਿਵੇਂ ਹੀ ਗੁਰੂ ਨਾਮ ਅੰਮ੍ਰਿਤ ਨਾਦ ਜਗਤ ਨੂੰ ਪ੍ਰਭਾਵਿਤ ਕਰਦਾ ਹੈ ਅਤੇ ਜਿਸ ਵੱਡੇ ਭਾਗਾਂ ਵਾਲੇ ਉੱਤੇ ਸੱਚੇ ਪਾਤਸ਼ਾਹ ਦੀ ਮਿਹਰ ਹੁੰਦੀ ਹੈ ਉਹਦਾ ਹੀ ਮਨ ਉਛਾਲੇ ਮਾਰਦਾ ਹੈ, ਸ਼ਬਦ ਨੂੰ ਆਪਣੇ ਮੂੰਹ ਵਿੱਚ ਪਾਉਂਦਾ। ਹੇ ਦਾਸ ਨਾਨਕ ! ਜਿਸ ਮਨੁੱਖ ਦੇ ਹਿਰਦੇ ਵਿੱਚ ਨਾਮ ਅੰਮ੍ਰਿਤ ਆ ਵੱਸਦਾ ਹੈ ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ ਉਹ ਪ੍ਰਭੂ ਪ੍ਰੇਮ ਵਿੱਚ ਗੜੂੰਦ ਹੋ ਜਾਂਦਾ ਹੈ।



ਨਰੇਸ਼ ਕੁਮਾਰੀ
ਨਿਊਜ਼ੀਲੈਂਡ
+642041755894